ਸ਼ੁੱਕਰਵਾਰ, 7 ਅਗਸਤ, 2026
23 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 67

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 7 AUGUST, 2026
ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਤਰੁਣ ਤੇਜਪਾਲ ਨੂੰ 10 ਸਾਲ ਦੀ ਕੈਦ

ਮੁੰਬਈ : ਬੰਬੇ ਹਾਈ ਕੋਰਟ ਨੇ 2013 ਦੇ ਜਿਨਸੀ ਸ਼ੋਸ਼ਣ ਦੇ ਮਾਮਲੇ ਵਿੱਚ ਤਰੁਣ ਤੇਜਪਾਲ ਨੂੰ ਬਰੀ ਕਰਨ ਦੇ ਫੈਸਲੇ ਨੂੰ ਰੱਦ ਕਰ ਦਿੱਤਾ ਹੈ । ਹਾਈ ਕੋਰਟ ਦੇ ਗੋਆ ਬੈਂਚ ਨੇ ਵੀਰਵਾਰ ਨੂੰ ਤਹਿਲਕਾ ਦੇ ਸਾਬਕਾ ਸੰਪਾਦਕ ਤਰੁਣ ਤੇਜਪਾਲ ਨੂੰ ਉਸ ਦੇ ਜੂਨੀਅਰ ਸਾਥੀ ਦੁਆਰਾ ਦਾਇਰ ਕੀਤੇ ਗਏ ਜਿਨਸੀ ਸ਼ੋਸ਼ਣ ਦੇ ਮਾਮਲੇ ਵਿੱਚ 10 ਸਾਲ ਦੀ ਕੈਦ ਦੀ ਸਜ਼ਾ ਸੁਣਾਈ। ਬੰਬੇ ਹਾਈ ਕੋਰਟ ਦੀ ਗੋਆ ਬੈਂਚ ਨੇ ਗੋਆ ਸਰਕਾਰ ਦੀ ਅਪੀਲ 'ਤੇ ਫੈਸਲਾ ਸੁਣਾਇਆ, ਜਿਸ ਵਿੱਚ ਗੋਆ ਸੈਸ਼ਨ ਕੋਰਟ ਵੱਲੋਂ 2021 ਵਿੱਚ ਤੇਜਪਾਲ ਨੂੰ ਬਰੀ ਕਰਨ ਨੂੰ ਚੁਣੌਤੀ ਦਿੱਤੀ ਗਈ ਸੀ। ਇਹ ਮਾਮਲਾ ਇੱਕ ਮਹਿਲਾ ਪੱਤਰਕਾਰ ਦੁਆਰਾ ਲਗਾਏ ਗਏ ਦੋਸ਼ਾਂ ਨਾਲ ਸੰਬੰਧਤ ਹੈ, ਜਿਸ ਨੇ ਤੇਜਪਾਲ 'ਤੇ 7 ਅਤੇ 8 ਨਵੰਬਰ, 2013 ਨੂੰ ਇੱਕ ਹੋਟਲ ਲਿਫਟ ਦੇ ਅੰਦਰ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਇਆ ਸੀ। ਤੇਜਪਾਲ ਨੂੰ 30 ਨਵੰਬਰ, 2013 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

ਹਾਦਸੇ 'ਚ ਦੋ ਨੌਜਵਾਨਾਂ ਦੀ ਮੌਤ

ਸੁਲਤਾਨਪੁਰ ਲੋਧੀ : ਤਲਵੰਡੀ ਚੌਧਰੀਆਂ ਸੜਕ 'ਤੇ ਪਿੰਡ ਸਵਾਲ ਨੇੜੇ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਦੋ ਨੌਜਵਾਨਾਂ ਦੀ ਮੌਤ ਹੋ ਗਈ, ਜਦ ਕਿ ਇੱਕ ਮਹਿਲਾ ਗੰਭੀਰ ਜ਼ਖ਼ਮੀ ਹੈ। ਰਾਤ ਵੇਲੇ ਮਹਿੰਦਰਾ ਐਕਸ ਯੂ ਵੀ 500 ਸੁਲਤਾਨਪੁਰ ਲੋਧੀ ਤੋਂ ਤਲਵੰਡੀ ਵੱਲ ਜਾ ਰਹੀ ਸੀ। ਪਿੰਡ ਸਵਾਲ ਨੇੜੇ ਗੱਡੀ ਦਾ ਸੰਤੁਲਨ ਵਿਗੜ ਗਿਆ। ਕਾਰ ਪਹਿਲਾਂ ਸੜਕ ਕਿਨਾਰੇ ਰੁੱਖ ਨਾਲ ਟਕਰਾਈ ਅਤੇ ਫਿਰ ਇੱਕ ਨਿੱਜੀ ਸਕੂਲ ਦੀ ਲੋਹੇ ਦੀ ਗ੍ਰਿੱਲ ਤੋੜਦੀ ਹੋਈ ਦੂਜੇ ਰੁੱਖ ਨਾਲ ਜਾ ਟਕਰਾਈ। ਟੱਕਰ ਇੰਨੀ ਜ਼ੋਰਦਾਰ ਸੀ ਕਿ ਕਾਰ ਦੇ ਪਰਖੱਚੇ ਉੱਡ ਗਏ ਅਤੇ ਪੁਰਜ਼ੇ ਦੂਰ ਤੱਕ ਖਿੱਲਰ ਗਏ। ਹਾਦਸੇ ਵਿੱਚ ਲੱਭੀ (ਉਮਰ 17 ਸਾਲ) ਪੁੱਤਰ ਸੋਨੂੰ ਰਾਮ, ਵਾਸੀ ਪਿੰਡ ਤਲਵੰਡੀ ਬੂਟਿਆਂ (ਜ਼ਿਲ੍ਹਾ ਜਲੰਧਰ) ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਰਾਹੁਲ ਗਿੱਲ (ਉਮਰ 23 ਸਾਲ) ਪੁੱਤਰ ਸਤਪਾਲ, ਵਾਸੀ ਪਿੰਡ ਬਿਧੀਪੁਰ ਦੀ ਮੌਤ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਹੋ ਚੁੱਕੀ ਸੀ।

ਆਸਾ ਰਾਮ ਨੂੰ ਅੰਤ੍ਰਿਮ ਜ਼ਮਾਨਤ ਤੋਂ ਨਾਂਹ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਵੀਰਵਾਰ ਨੂੰ ਨਾਬਾਲਗ ਨਾਲ ਜਿਨਸੀ ਸ਼ੋਸ਼ਣ ਦੇ 2013 ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਵੈ-ਘੋਸ਼ਿਤ ਬਾਬਾ ਆਸਾ ਰਾਮ ਨੂੰ ਫਿਲਹਾਲ ਅੰਤ੍ਰਿਮ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ, ਪਰ ਉਸ ਨੂੰ ਚੌਵੀ ਘੰਟੇ ਸਹਾਇਤਾ ਲਈ ਆਪਣੀ ਪਸੰਦ ਦਾ ਇੱਕ ਸਿਖਲਾਈ ਪ੍ਰਾਪਤ ਦੇਖਭਾਲ ਕਰਨ ਵਾਲਾ ਰੱਖਣ ਦੀ ਇਜਾਜ਼ਤ ਦੇ ਦਿੱਤੀ। ਜਸਟਿਸ ਐੱਮ.ਐੱਮ. ਸੁੰਦਰੇਸ਼ ਅਤੇ ਪੀ.ਬੀ. ਵਾਰਲੇ ਦੇ ਬੈਂਚ ਨੇ ਸਿਹਤ ਦੇ ਆਧਾਰ 'ਤੇ ਅੰਤ੍ਰਿਮ ਜ਼ਮਾਨਤ ਦੀ ਮੰਗ ਕਰਨ ਵਾਲੀ ਆਸਾ ਰਾਮ ਦੀ ਅਰਜ਼ੀ ਨੂੰ ਪੈਂਡਿੰਗ ਰੱਖਿਆ ਹੈ। ਸੁਣਵਾਈ ਦੌਰਾਨ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਆਸਾ ਰਾਮ ਨੇ ਅਦਾਲਤ ਤੋਂ ਇਹ ਗੱਲ ਛੁਪਾਈ ਹੈ ਕਿ ਉਸ ਦੇ ਵਕੀਲ ਨੇ ਪੈਰੋਲ ਲਈ ਅਰਜ਼ੀ ਦਾਇਰ ਕੀਤੀ ਸੀ। ਆਸਾ ਰਾਮ ਦੇ ਵਕੀਲ ਨੇ ਕਿਹਾ ਕਿ ਪੈਰੋਲ ਬਹੁਤ ਪਹਿਲਾਂ ਦਾਇਰ ਕੀਤੀ ਗਈ ਸੀ ਅਤੇ ਇਹ ਸਿਹਤ ਦੇ ਆਧਾਰ 'ਤੇ ਨਹੀਂ ਦਿੱਤੀ ਗਈ ਸੀ। ਰਾਜਸਥਾਨ ਹਾਈ ਕੋਰਟ ਨੇ ਇਸ ਤੋਂ ਪਹਿਲਾਂ ਆਸਾ ਰਾਮ ਨੂੰ 20 ਦਿਨਾਂ ਦੀ ਪੈਰੋਲ ਦਿੱਤੀ ਸੀ।

ਲੋਕ ਨਵੇਂ ਵਾਹਨ ਖ਼ਰੀਦਣ ਤੋਂ ਬਚਣ : ਕੇਜਰੀਵਾਲ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀਰਵਾਰ ਨੂੰ ਦੋਸ਼ ਲਾਇਆ ਕਿ ਕੇਂਦਰ ਡੀਜ਼ਲ ਅਤੇ ਏਵੀਏਸ਼ਨ ਟਰਬਾਈਨ ਫਿਊਲ (ਏ ਟੀ ਐੱਫ) ਵਿੱਚ ਈਥਾਨੌਲ ਮਿਸ਼ਰਣ ਸ਼ੁਰੂ ਕਰਨ ਦੀ ਯੋਜਨਾ ਬਣਾ ਰਿਹਾ ਹੈ ਅਤੇ ਲੋਕਾਂ ਨੂੰ ਅਗਲੇ ਕੁਝ ਸਾਲਾਂ ਲਈ ਨਵੇਂ ਵਾਹਨ ਖਰੀਦਣ ਤੋਂ ਬਚਣ ਦੀ ਅਪੀਲ ਕੀਤੀ। ਹਿੰਦੀ ਵਿੱਚ ਐਕਸ 'ਤੇ ਇੱਕ ਪੋਸਟ ਵਿੱਚ, ਕੇਜਰੀਵਾਲ ਨੇ ਕਿਹਾ, "ਸਰਕਾਰ ਨੇ ਈ 20 ਬਾਲਣ ਪੇਸ਼ ਕਰਨ ਤੋਂ ਬਾਅਦ ਪੈਟਰੋਲ ਵਿੱਚ ਈਥਾਨੌਲ ਮਿਸ਼ਰਣ ਨੂੰ 50 ਪ੍ਰਤੀਸ਼ਤ ਤੋਂ ਵੱਧ ਵਧਾਉਣ ਦੀ ਯੋਜਨਾ ਬਣਾਈ ਹੈ। ਇੰਝ ਲੱਗਦਾ ਹੈ ਕਿ ਉਹ 50 ਪ੍ਰਤੀਸ਼ਤ ਤੋਂ ਵੱਧ ਪੈਟਰੋਲ ਵਿੱਚ ਮਿਲਾਵਟ ਕਰਨ ਜਾ ਰਹੇ ਹਨ। ਉਹ ਸਿਰਫ਼ ਮਾਹੌਲ ਸ਼ਾਂਤ ਹੋਣ ਦੀ ਉਡੀਕ ਕਰ ਰਹੇ ਹਨ। ਪਹਿਲਾਂ, ਉਨ੍ਹਾਂ ਨੇ ਤੁਹਾਡੇ ਈ 0 ਤੇ ਈ 10 ਵਾਹਨਾਂ ਵਿੱਚ ਈ 20 ਪੈਟਰੋਲ ਨੂੰ ਜ਼ਬਰਦਸਤੀ ਮਿਲਾਇਆ ਅਤੇ ਉਨ੍ਹਾਂ ਨੂੰ ਤਬਾਹ ਕਰ ਦਿੱਤਾ। ਅੱਜ ਜੇਕਰ ਤੁਸੀਂ ਇੱਕ ਨਵਾਂ ਈ 20 ਵਾਹਨ ਖਰੀਦਦੇ ਹੋ ਤਾਂ ਸਰਕਾਰ ਕੁਝ ਦਿਨਾਂ ਬਾਅਦ ਇਸ ਵਿੱਚ ਈ 50 ਪੈਟਰੋਲ ਨੂੰ ਜ਼ਬਰਦਸਤੀ ਮਿਲਾਏਗੀ ਅਤੇ ਇਸ ਨੂੰ ਨੁਕਸਾਨ ਪਹੁੰਚਾਏਗੀ।" ਕੇਜਰੀਵਾਲ ਨੇ ਇਹ ਦੋਸ਼ ਲਗਾਉਂਦੇ ਹੋਏ ਕਿ ਸਰਕਾਰ ਜਲਦੀ ਹੀ ਡੀਜ਼ਲ ਵਿੱਚ ਵੀ ਈਥਾਨੌਲ ਮਿਲਾਏਗੀ, ਲੋਕਾਂ ਨੂੰ ਅਪੀਲ ਕੀਤੀ ਕਿ ਉਹ ਫਿਲਹਾਲ ਨਵੇਂ ਪੈਟਰੋਲ ਅਤੇ ਡੀਜ਼ਲ ਵਾਹਨ ਖਰੀਦਣ ਤੋਂ ਬਚਣ। ਇੱਕ ਹੋਰ ਪੋਸਟ ਵਿੱਚ ਉਨ੍ਹਾਂ ਦਾਅਵਾ ਕੀਤਾ ਕਿ ਮੋਦੀ ਸਰਕਾਰ ਏ ਟੀ ਐਫ ਵਿੱਚ ਈਥਾਨੌਲ ਮਿਲਾਉਣ ਦੀ ਯੋਜਨਾ ਬਣਾ ਰਹੀ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਸ ਨਾਲ ਉਡਾਣਾਂ ਦੀ ਸੁਰੱਖਿਆ ਨੂੰ ਗੰਭੀਰ ਖ਼ਤਰਾ ਹੋ ਸਕਦਾ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਕੇਜਰੀਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਈ 20 ਪੈਟਰੋਲ ਦੀ ਸ਼ੁਰੂਆਤ 'ਤੇ ਚਿੰਤਾਵਾਂ ਜ਼ਾਹਰ ਕੀਤੀਆਂ ਸਨ। ਉਨ੍ਹਾਂ ਨੇ ਫਿਲਿੰਗ ਸਟੇਸ਼ਨਾਂ 'ਤੇ ਸ਼ੁੱਧ ਪੈਟਰੋਲ ਅਤੇ ਈ 20 ਬਾਲਣ ਦੋਵਾਂ ਦੀ ਉਪਲੱਬਧਤਾ ਦੀ ਮੰਗ ਕੀਤੀ ਸੀ ਅਤੇ ਈਥਾਨੌਲ-ਮਿਸ਼ਰਿਤ ਪੈਟਰੋਲ ਲਈ ਘੱਟ ਕੀਮਤਾਂ ਦੀ ਮੰਗ ਕੀਤੀ ਸੀ।

ਸੀ ਜੇ ਪੀ ਦੀ ਹੁਣ 'ਕਿਆ ਬੋਲਤੀ ਪਬਲਿਕ' ਮੁਹਿੰਮ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਵੀਰਵਾਰ ਨੂੰ ਦੇਸ਼ ਭਰ ਵਿੱਚ ਰਾਜਨੀਤਿਕ ਲਾਮਬੰਦੀ ਦੇ ਇੱਕ ਨਵੇਂ ਪੜਾਅ ਦਾ ਐਲਾਨ ਕੀਤਾ, ਜਿਸ ਨੂੰ ਉਸ ਨੇ ਸਾਬਕਾ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਬਾਅਦ ਆਪਣੀ ਜਿੱਤ ਵਜੋਂ ਦਰਸਾਇਆ ਸੀ। ਛਤਰਪਤੀ ਸ਼ੰਭਾਜੀ ਨਗਰ ਵਿੱਚ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਸੀ ਜੇ ਪੀ ਨੇਤਾ ਅਭਿਜੀਤ ਦੀਪਕੇ ਨੇ ਅੰਦੋਲਨ ਦੇ ਅਗਲੇ ਪੜਾਅ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਅੰਦੋਲਨ ਹੁਣ ਪੂਰੇ ਮਹਾਰਾਸ਼ਟਰ ਵਿੱਚ ਸਿੱਧੇ ਜਨਤਕ ਪਹੁੰਚ 'ਤੇ ਕੇਂਦ੍ਰਿਤ ਹੋਵੇਗਾ। ਦੀਪਕੇ ਨੇ ਕਿਹਾ ਕਿ ਪਾਰਟੀ 'ਕਿਆ ਬੋਲਤੀ ਪਬਲਿਕ?' ਸਿਰਲੇਖ ਵਾਲੀ ਇੱਕ ਰਾਜ ਵਿਆਪੀ ਜਨਤਕ ਮੁਹਿੰਮ ਸ਼ੁਰੂ ਕਰੇਗੀ, ਜਿਸ ਦਾ ਉਦੇਸ਼ ਲੋਕਾਂ ਤੱਕ ਆਪਣਾ ਸੁਨੇਹਾ ਸਿੱਧਾ ਪਹੁੰਚਾਉਣਾ ਹੈ। ਉਨ੍ਹਾ ਕਿਹਾ ਕਿ ਇਹ ਮੁਹਿੰਮ ਆਮ ਨਾਗਰਿਕਾਂ ਨਾਲ ਜੁੜਨ ਅਤੇ ਉਨ੍ਹਾਂ ਨੂੰ ਬੇਇਨਸਾਫ਼ੀ ਵਿਰੁੱਧ ਸੜਕਾਂ 'ਤੇ ਆਉਣ ਲਈ ਉਤਸ਼ਾਹਿਤ ਕਰਨ ਦੀ ਕੋਸ਼ਿਸ਼ ਕਰੇਗੀ। ਪ੍ਰਧਾਨ ਦੇ ਅਸਤੀਫ਼ੇ ਨੂੰ ਸਾਡੀ ਜਿੱਤ ਦੱਸਦੇ ਹੋਏ ਦੀਪਕੇ ਨੇ ਕਿਹਾ ਕਿ ਇਸ ਵਿਕਾਸ ਨੇ ਪਾਰਟੀ ਦੇ ਆਪਣੀ ਮੁਹਿੰਮ ਨੂੰ ਤੇਜ਼ ਕਰਨ ਦੇ ਇਰਾਦੇ ਨੂੰ ਮਜ਼ਬੂਤ ਕੀਤਾ ਹੈ। ਦੀਪਕੇ ਨੇ ਇਹ ਵੀ ਐਲਾਨ ਕੀਤਾ ਕਿ ਉਹ ਅਤੇ ਸੀ ਜੇ ਪੀ ਦੋਵੇਂ ਚੋਣ ਰਾਜਨੀਤੀ ਤੋਂ ਦੂਰ ਰਹਿਣਗੇ। ਉਨ੍ਹਾਂ ਕਿਹਾ ਕਿ ਸੀ ਜੇ ਪੀ ਹੁਣ ਇੱਕ ਰਾਜਨੀਤਿਕ ਪਾਰਟੀ ਵਜੋਂ ਨਹੀਂ, ਸਗੋਂ ਇੱਕ ਰਾਜਨੀਤਿਕ ਦਬਾਅ ਸਮੂਹ ਵਜੋਂ ਕੰਮ ਕਰਨਗੇ, ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕਰਦੇ ਰਹਿਣਗੇ। ਸੀ ਜੇ ਪੀ ਨੇ ਇਹ ਵੀ ਸੰਕੇਤ ਦਿੱਤਾ ਕਿ ਉਹ ਮੌਜੂਦਾ ਪਲ ਨੂੰ ਇੱਕ ਦੇ ਅੰਤ ਦੀ ਬਜਾਏ ਇੱਕ ਨਵੀਂ ਰਾਜਨੀਤਿਕ ਲੜਾਈ ਦੀ ਸ਼ੁਰੂਆਤ ਵਜੋਂ ਵੇਖਦਾ ਹੈ। ਪਾਰਟੀ ਦੀ ਰਣਨੀਤੀ ਦੀ ਰੂਪ ਰੇਖਾ ਦਿੰਦੇ ਹੋਏ ਦੀਪਕੇ ਨੇ ਕਿਹਾ ਕਿ ਸੀ ਜੇ ਪੀ ਆਉਣ ਵਾਲੇ ਦਿਨਾਂ ਵਿੱਚ ਜਨਤਾ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ 'ਤੇ ਵਧੇਰੇ ਹਮਲਾਵਰ ਰੁਖ ਅਪਣਾਏਗਾ।

ਲੁਧਿਆਣਾ ਵਿਚ ਕਿਚਲੂ ਨਗਰ ਦੀ ਮੁੱਖ ਸੜਕ ਧੱਸਣ ਕਾਰਨ 20 ਫੁੱਟ ਡੂੰਘਾ ਤੇ 30 ਫੁੱਟ ਚੌੜਾ ਖੱਡਾ ਬਣ ਗਿਆ। ਸੀਵਰੇਜ ਦੀਆਂ ਪਾਈਪਾਂ ਨੰਗੀਆਂ ਹੋ ਗਈਆਂ ਹਨ ਤੇ ਨੇੜਲੇ ਮਕਾਨਾਂ ਦੇ ਡਿੱਗਣ ਦਾ ਖਤਰਾ ਪੈਦਾ ਹੋ ਗਿਆ ਹੈ।

ਸਕੂਲੀ ਬੱਚਿਆਂ ਲਈ ਵਿਸ਼ੇਸ਼ ਸਿਲੇਬਸ ਤਿਆਰ ਕਰਨ ਬਾਰੇ ਮਤਾ ਪਾਸ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ, ਸੁਰਜੀਤ ਸੁਮਨ)-ਪੰਜਾਬ ਵਿਧਾਨ ਸਭਾ ਵਿੱਚ ਮਾਨਸੂਨ ਇਜਲਾਸ ਦੇ ਚੌਥੇ ਦਿਨ ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਸਕੂਲੀ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਜੀਵਨ-ਜਾਚ ਸਿਖਾਉਣ ਲਈ ਵਿਸ਼ੇਸ਼ ਸਿਲੇਬਸ ਤਿਆਰ ਕਰਨ ਬਾਰੇ ਪੇਸ਼ ਕੀਤਾ ਮਤਾ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਜਸਵੰਤ ਸਿੰਘ ਗੱਜਣਮਾਜਰਾ ਵੱਲੋਂ ਸਦਨ ਵਿੱਚ ਜ਼ਮੀਨੀ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਅਤੇ ਬਰਸਾਤੀ ਪਾਣੀ ਦੇ ਧਰਤੀ ਅੰਦਰ ਰੀਚਾਰਜ ਬਾਰੇ ਵੀ ਮਤਾ ਪੇਸ਼ ਕੀਤਾ ਗਿਆ। ਇਸ ਤੋਂ ਪਹਿਲਾਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਵਿਧਾਇਕਾ ਸਰਵਜੀਤ ਕੌਰ ਮਾਨੂੰਕੇ ਦੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਗਰਾਉਂ ਸ਼ਹਿਰ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ ਸਾਲ 202627 ਦੌਰਾਨ 12.08 ਕਰੋੜ ਰੁਪਏ ਮਨਜ਼ੂਰ ਕੀਤੇ ਹਨ। ਉਹਨਾਂ ਕਿਹਾ ਕਿ ਇਸ ਕੰਮ ਦਾ ਟੈਂਡਰ ਲਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਹ ਕੰਮ ਇੱਕ ਸਾਲ ਵਿੱਚ ਮੁਕੰਮਲ ਕਰਵਾਇਆ ਜਾਵੇਗਾ। ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਪਿੰਡ ਨੂਰਪੁਰ ਚੱਠਾ ਨੇੜੇ ਚਿੱਟੀ ਵੇਈ ਉੱਤੇ ਪੁਲ ਦੀ ਉਸਾਰੀ ਲਈ ਵਿਭਾਗ ਦਾ ਕੋਈ ਪ੍ਰਸਤਾਵ ਨਹੀਂ ਹੈ। ਉਨ੍ਹਾ ਕਿਹਾ ਕਿ ਅਜਿਹੇ ਪੇਂਡੂ ਪੁਲਾਂ ਦੀ ਉਸਾਰੀ ਪੰਜਾਬ ਮੰਡੀ ਬੋਰਡ ਵੱਲੋਂ ਕੀਤੀ ਜਾਂਦੀ ਹੈ, ਜੇ ਪੰਜਾਬ ਮੰਡੀ ਬੋਰਡ ਵੱਲੋਂ ਜਲ ਸਰੋਤ ਵਿਭਾਗ ਤੋਂ ਕੋਈ ਐੱਨ ਓ ਸੀ ਦੀ ਮੰਗ ਕੀਤੀ ਜਾਂਦੀ ਹੈ ਤਾਂ ਇਸ ਨੂੰ ਬਿਨਾਂ ਕਿਸੇ ਦੇਰੀ ਤੋਂ ਜਾਰੀ ਕੀਤਾ ਜਾਵੇਗਾ। ਵੀਰਵਾਰ ਨੂੰ ਵਿਰੋਧੀ ਧਿਰ ਦੇ ਵਿਧਾਇਕਾਂ ਨੇ ਵਿਧਾਨ ਸਭਾ ਦੀ ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਵਿਧਾਨ ਸਭਾ ਦੇ ਬਾਹਰ ਪ੍ਰਦਰਸ਼ਨ ਕੀਤਾ। ਕਾਂਗਰਸੀ ਵਿਧਾਇਕ ਮੁੱਖ ਮੰਤਰੀ ਦੇ ਬਾਈਕਾਟ ਦੀਆਂ ਤਖਤੀਆਂ ਲੈ ਕੇ ਪਹੁੰਚੇ।

1000 ਤੋਂ ਵੱਧ ਪਲੇਟਫਾਰਮਾਂ ਰਾਹੀਂ ਗੁਰਬਾਣੀ ਦਾ ਪ੍ਰਸਾਰਨ

ਚੰਡੀਗੜ੍ਹ : ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦੇ ਪ੍ਰਸਾਰਨ ਨੂੰ ਲੈ ਕੇ 'ਮੋਨਾਪੋਲੀ' ਕਾਇਮ ਕਰਨ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਪੁਰਾਣੇ ਰੁਖ਼ ਤੋਂ ਪਿੱਛੇ ਹਟਦੀ ਨਜ਼ਰ ਆ ਰਹੀ ਹੈ।

ਪਹਿਲਾਂ ਐੱਸ ਜੀ ਪੀ ਸੀ ਨੇ ਬਿਨਾਂ ਮਨਜ਼ੂਰੀ ਗੁਰਬਾਣੀ ਨੂੰ ਰੀਲ੍ਹ ਜਾਂ ਰੀ-ਸਟਰੀਮ ਕਰਨ 'ਤੇ ਪਾਬੰਦੀ ਲਗਾਈ ਸੀ, ਪਰ ਹੁਣ ਉਨ੍ਹਾਂ ਨੇ ਇੱਕ ਉਦਾਰ ਰੁਖ਼ ਅਪਣਾ ਲਿਆ ਹੈ। ਹੁਣ ਦੁਨੀਆ ਭਰ ਵਿੱਚ ਗੁਰਬਾਣੀ ਦੇ ਪਵਿੱਤਰ ਸ਼ਬਦ ਵੱਖ-ਵੱਖ ਪਲੇਟਫਾਰਮਾਂ ਰਾਹੀਂ ਘਰ-ਘਰ ਪਹੁੰਚ ਰਹੇ ਹਨ।

ਵੀਰਵਾਰ ਸਵੇਰ ਤੋਂ 'ਜੀ ਟੀ ਸੀ ਪੰਜਾਬੀ' ਨੇ ਵੀ ਸ੍ਰੀ ਹਰਿਮੰਦਰ ਸਾਹਿਬ ਤੋਂ ਦਿਨ ਵਿੱਚ ਦੋ ਵਾਰ ਸਵੇਰੇ ਤੇ ਸ਼ਾਮ ਨੂੰ ਗੁਰਬਾਣੀ ਦਾ ਲਾਈਵ ਪ੍ਰਸਾਰਨ ਸ਼ੁਰੂ ਕਰ ਦਿੱਤਾ ਹੈ ।

ਜੀ ਟੀ ਸੀ ਨੈੱਟਵਰਕ ਦੇ ਸੰਸਥਾਪਕ ਅਤੇ ਮੈਨੇਜਿੰਗ ਡਾਇਰੈਕਟਰ ਡਾ. ਰਬਿੰਦਰ ਨਾਰਾਇਣ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਸਿਗਨਲ ਨੂੰ ਐੱਸ ਜੀ ਪੀ ਸੀ ਦੇ ਯੂਟਿਊਬ ਚੈਨਲ ਤੋਂ ਲਿਆ ਜਾ ਰਿਹਾ ਹੈ ਅਤੇ ਇਸ ਨੂੰ ਸੈਟੇਲਾਈਟ ਤੇ ਹੋਰ ਡਿਜੀਟਲ ਪਲੇਟਫਾਰਮਾਂ ਰਾਹੀਂ ਦੁਨੀਆ ਭਰ ਵਿੱਚ ਪ੍ਰਸਾਰਿਤ ਕੀਤਾ ਜਾ ਰਿਹਾ ਹੈ। ਰਿਪੋਰਟਾਂ ਮੁਤਾਬਕ, ਕਰੀਬ 1000 ਹੋਰ ਡਿਜੀਟਲ ਪਲੇਟਫਾਰਮ ਵੀ ਸਾਹਮਣੇ ਆਏ ਹਨ, ਜੋ ਆਪਣੇ-ਆਪਣੇ ਪਲੇਟਫਾਰਮਾਂ 'ਤੇ ਗੁਰਬਾਣੀ ਦਾ ਲਾਈਵ ਪ੍ਰਸਾਰਨ ਗੀਲੇਅ ਕਰ ਰਹੇ ਹਨ।

ਧਾਮੀ ਵੱਲੋਂ ਕਾਰਵਾਈ ਦੀ ਚਿਤਾਵਨੀ

ਅੰਮ੍ਰਿਤਸਰ :

ਕੇ ਵੀ ਐਮ ਕਲੋਨੀ 'ਚ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਸਾਵਣ ਦੇ ਪਵਿੱਤਰ ਮਹੀਨੇ ਦੀ ਖ਼ੁਸ਼ੀ ਨੂੰ ਮਨਾਉਣ ਲਈ ਕੇ.ਵੀ.ਐਮ ਕਲੋਨੀ ਬਾਹਰਵਾਰ ਜ਼ੀਰਾ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਤੀਆਂ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਤੇ ਸ਼ਾਨੋ ਸ਼ੌਕਤ ਨਾਲ ਅਤੇ ਪ੍ਰੰਪਰਾਗਤ ਢੰਗ ਨਾਲ ਮਨਾਇਆ ਗਿਆ। ਸਮਾਗਮ ਨੇ ਪੰਜਾਬ ਦੇ ਅਮੀਰ ਵਿਰਸੇ ਅਤੇ ਸੱਭਿਆਚਾਰ ਦੀ ਇਕ ਅਦਭੁੱਤ ਝਲਕ ਪੇਸ਼ ਕੀਤੀ, ਜਿਸ ਵਿੱਚ ਕਲੋਨੀ ਦੀਆਂ ਔਰਤਾਂ ਅਤੇ ਮੁਟਿਆਰਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਸਮਾਗਮ ਦੌਰਾਨ ਪੂਰੀ ਕਲੋਨੀ ਰੰਗ ਬਿਰੰਗੇ ਪੰਜਾਬੀ ਪਹਿਰਾਵਿਆਂ ਫੁਲਕਾਰੀ ਪਰਾਂਦੀਆਂ ਤੇ ਗਹਿਣਿਆਂ ਨਾਲ ਸੱਜੀਆਂ ਹੋਈਆਂ ਔਰਤਾਂ ਨਜ਼ਰ ਆਈਆਂ। ਔਰਤਾਂ ਲਈ ਇਹ ਦਿਨ ਆਪਣੀ ਵਿਰਾਸਤ ਨਾਲ ਜੁੜਨ ਅਤੇ ਰੋਜ਼ਾਨਾ ਦੀ ਭੱਜ ਦੌੜ ਤੋਂ ਦੂਰ ਹੋ ਕੇ ਖੁਸ਼ੀਆਂ ਮਨਾਉਣ ਦਾ ਇੱਕ ਵਧੀਆ ਜ਼ਰੀਆ ਬਣਿਆ ਤੀਆਂ ਦੇ ਇਸ ਪਵਿੱਤਰ ਦਿਹਾੜੇ 'ਤੇ ਔਰਤਾਂ ਨੇ ਆਪਣੇ ਬਚਪਨ ਦੀਆਂ ਯਾਦਾਂ ਤਾਜ਼ੀਆਂ ਕੀਤੀਆਂ ਅਤੇ ਡੀਜੇ ਤੇ ਪੈ ਰਹੀਆਂ ਧਮਾਲਾਂ ਨਾਲ ਔਰਤਾਂ ਵੱਲੋਂ ਪਾਈਆਂ ਗਈਆਂ ਤਿੱਖੀਆਂ ਬੋਲੀਆਂ ਨੇ ਪੂਰੇ ਮਾਹੌਲ ਨੂੰ ਖੁਸ਼ਨੁਮਾ ਤੇ ਊਰਜਾਵਾਨ ਬਣਾ ਦਿੱਤਾ। ਸਮਾਗਮ ਵਿੱਚ ਆਏ ਕਲੋਨੀ ਨਿਵਾਸੀਆਂ ਦਾ ਖ਼ਾਸ ਤੌਰ ਤੇ ਧੰਨਵਾਦ ਕਰਦਿਆਂ ਕੇ.ਵੀ.ਐਮ ਕਲੋਨੀ ਦੇ ਪ੍ਰਧਾਨ ਗੁਰਬਚਨ ਸਿੰਘ ਗਿੱਲ ਨੇ ਦੱਸਿਆ ਕਿ ਆਧੁਨਿਕ ਦੌਰ ਵਿੱਚ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਪੰਜਾਬੀ ਸੱਭਿਆਚਾਰ ਅਤੇ ਅਮੀਰ ਵਿਰਸੇ ਨਾਲ ਜੋੜੀ ਰੱਖਣ ਲਈ ਅਜਿਹੇ ਸਮਾਗਮ ਕਰਾਉਣੇ ਬਹੁਤ ਜ਼ਰੂਰੀ ਹਨ।

ਐੱਲ ਡੀ ਆਰ ਕੌਨਵੈਂਟ ਸਕੂਲ ਵਿਖੇ ਟੂਰਨਾਮੈਂਟ ਸ਼ੁਰੂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਪੰਜਾਬ ਸਕੂਲ ਖੇਡਾਂ ਅਧੀਨ ਜ਼ੋਨ ਪੱਧਰ ਤੇ ਜ਼ੋਨ ਸ੍ਰੀ ਮੁਕਤਸਰ ਸਾਹਿਬ ਦੇ ਕਬੱਡੀ, ਖੋ-ਖੋ ਤੇ ਰੱਸਾਕਸੀ ਟੂਰਨਾਮੈਂਟ ਦੀ ਸ਼ੁਰੂਆਤ ਐੱਲ. ਡੀ. ਆਰ. ਕੌਨਵੈਂਟ ਸਕੂਲ ਲੰਬੀ ਢਾਬ ਵਿੱਚ ਕੀਤੀ ਗਈ।ਇਹ ਮੁਕਾਬਲੇ ਅੱਜ ਤੋਂ 07-08-2026 ਤੱਕ ਹੋਣਗੇ। ਇਸ ਮੌਕੇ ਟੂਰਨਾਮੈਂਟ ਦੇ ਮੈਚਾਂ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਅਜੈ ਅਰੋੜਾ ਤੇ ਪ੍ਰਿੰਸੀਪਲ ਮੈਡਮ ਗੁੰਜਨ ਵੱਲੋਂ ਕੀਤੀ ਗਈ।ਮੁੱਖ ਮਹਿਮਾਨ ਵਜੋਂ ਜ਼ੋਨ ਪ੍ਰਧਾਨ ਮੈਡਮ ਰਿੰਪੀ ਸ.ਸ.ਸ. ਸਕੂਲ ਬੱਲਮਗੜ੍ਹ ਤੇ ਜ਼ੋਨ ਸਕੱਤਰ ਕੁਲਦੀਪ ਸਿੰਘ ਭੱਟੀ ਨੂੰ ਸਨਮਾਨਤ ਕੀਤਾ ਗਿਆ।

ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਕਰਾਟੇ ਟੂਰਨਾਮੈਂਟ 'ਚ ਮਾਰੀਆਂ ਮੱਲਾਂ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਡਾ. ਬੀ. ਐੱਸ. ਸੰਧੂ ਮੈਮੋਰੀਅਲ ਸਕੂਲ ਵਿਖੇ ਕਰਵਾਏ ਗਏ 70ਵੇਂ ਜ਼ੋਨਲ ਪੱਧਰੀ ਕਰਾਟੇ ਟੂਰਨਾਮੈਂਟ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਮੈਡਲ ਆਪਣੇ ਨਾਮ ਕੀਤੇ।ਟੂਰਨਾਮੈਂਟ ਵਿੱਚ ਅਵਨੀਤ ਕੌਰ (ਜਮਾਤ 7-ਸੀ), ਇਸ਼ਮੀਤ ਕੌਰ (ਜਮਾਤ 7-ਏ) ਤੇ ਰਾਧਿਕਾ (ਜਮਾਤ 7-ਬੀ) ਨੇ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਗੁਰਲੀਨ (ਜਮਾਤ 7-ਸੀ), ਮਨਸੀਰਤ ਕੌਰ (ਜਮਾਤ 6-ਏ), ਪ੍ਰਭਲੀਨ ਕੌਰ (ਜਮਾਤ 7-ਏ) ਤੇ ਨਮਨਜੋਤ ਕੌਰ (ਜਮਾਤ 7-ਏ) ਨੇ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸ੍ਰ. ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਤੇ ਕਰਾਟੇ ਕੋਚ ਸ੍ਰੀ ਹਰਦੀਪ ਕੁਮਾਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਮਹੱਤਵਪੂਰਨ ਆਧਾਰ ਹਨ।ਉਨ੍ਹਾਂ ਵਿਦਿਆਰਥੀਆਂ ਦੀ ਮਿਹਨਤ ਤੇ ਅਨੁਸ਼ਾਸਨ ਦੀ ਸ਼ਲਾਘਾ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਮਾਡਰਨ ਕਾਲਜ ਦਾ ਨਤੀਜਾ ਸ਼ਾਨਦਾਰ

ਚੀਮਾ ਮੰਡੀ (ਰਵਿੰਦਰ ਚੀਮਾ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਬੀ.ਸੀ.ਏ. ਭਾਗ ਤੀਜਾ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਮੌਕੇ ਅਸਿਸਟੈਂਟ ਪ੍ਰੋਫੈਸਰ ਪ੍ਰਿਤਪਾਲ ਕੌਰ ਨੇ ਦੱਸਿਆ ਕਿ ਮਨਦੀਪ ਕੌਰ ਨੇ 700 ਅੰਕਾਂ 'ਚੋਂ 605 ਅੰਕ ਪ੍ਰਾਪਤ ਕਰਕੇ ਪਹਿਲਾ, ਰਮਨੀਤ ਕੌਰ ਨੇ 600 ਅੰਕ ਪ੍ਰਾਪਤ ਕਰਕੇ ਦੂਜਾ, ਅੰਜਲੀ ਸ਼ਰਮਾ ਨੇ 596 ਅੰਕ ਪ੍ਰਾਪਤ ਕਰਕੇ ਤੀਸਰਾ ਤੇ ਖੁਸ਼ਪ੍ਰੀਤ ਸਿੰਘ ਨੇ 581 ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਕੇ ਪਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਦੇ ਨਾਲ਼ ਹੀ ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਖੇਤਰ ਦੇ ਨਾਲ਼-ਨਾਲ਼ ਨੈਤਿਕ ਕਦਰਾਂ ਕੀਮਤਾਂ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਲਈ ਵੀ ਕਿਹਾ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

ਲੋਕਾਂ ਨੇ ਮੌਕਾ ਦਿੱਤਾ ਤਾਂ ਹਲਕੇ ਦੀ ਕਾਇਆ ਕਲਪ ਕਰ ਦਿਆਂਗੇ : ਰਾਕੇਸ਼ ਬੱਗਾ

ਸਨੌਰ (ਰਾਜਿੰਦਰ ਸਿੰਘ ਬਿੰਦ)-ਸਾਰੀਆਂ ਰਾਜਸੀ ਪਾਰਟੀਆਂ ਦੇ ਆਗੂਆਂ ਨੇ ਹਲਕਾ ਸਨੌਰ ਦੇ ਲੋਕਾਂ ਨਾਲ ਹਮੇਸ਼ਾ ਧੋਖਾ ਕਰਕੇ ਵੋਟਾਂ ਵਿਟੋਰੀਆਂ ਹਨ। ਅਗਾਮੀ 2027 ਦੀਆਂ ਚੋਣਾਂ 'ਚ ਜੇ ਹਲਕੇ ਦੇ ਲੋਕਾਂ ਨੇ ਮੌਕਾ ਦਿੱਤਾ ਤਾਂ ਸਨੌਰ ਹਲਕੇ ਦੀ ਕਾਇਆ ਕਲਪ ਕਰ ਦੇਵਾਂਗੇ। ਸਨੌਰ ਹਲਕੇ ਦੇ ਸਮਾਜ ਸੇਵੀ ਰਾਕੇਸ਼ ਬੱਗਾ ਨੇ ਪਿੰਡ ਹੜਾਣਾ ਗੁੱਗਾ ਮਾੜੀ ਵਿਖੇ ਗੁੱਗਾ ਮਾੜੀ ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਇਸ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਉੱਘੇ ਸਮਾਜ ਸੇਵੀ ਤੇ ਅਜ਼ਾਦ ਉਮੀਦਵਾਰ ਰਾਕੇਸ਼ ਬੱਗਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਆਏ ਸਵਰਨ ਸਿੰਘ, ਸਤਪਾਲ ਸਿੰਘ ਤੇ ਰਿੰਕੀ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੇ ਸਮਾਜ ਸੇਵੀ ਕਾਰਜਾਂ ਦੀ ਰੱਜ ਕੇ ਤਾਰੀਫ਼ ਕੀਤੀ।ਸਮਾਗਮ ਦੌਰਾਨ ਰਾਕੇਸ਼ ਬੱਗਾ ਨੇ ਕਿਹਾ ਕਿ ਧਾਰਮਿਕ ਸਥਾਨਾਂ ਦਾ ਮਾਨ ਸਨਮਾਨ ਕਰਨਾ ਤੇ ਪਿੰਡਾਂ ਦੇ ਵਿਕਾਸ ਲਈ ਨਿਰਸਵਾਰਥ ਭਾਵਨਾ ਨਾਲ ਕੰਮ ਕਰਨਾ ਹਰ ਨਾਗਰਿਕ ਦਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਮਾਜਿਕ ਕੰਮਾਂ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਪਿੰਡਾਂ ਵਿੱਚ ਏਕਤਾ, ਭਾਈਚਾਰਾ ਤੇ ਭਰ ਆਪਸੀ ਸਾਂਝ ਨੂੰ ਹੋਰ ਮਜ਼ਬੂਤੀ ਮਿਲ ਸਕੇ।ਇਸ ਮੌਕੇ ਦਰਸ਼ਨ ਸਿੰਘ ਪੰਚ, ਜਗਦੇਵ ਸਿੰਘ, ਰਾਜ ਕੁਮਾਰ ਤੇ ਹਰਬੰਸ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

ਡੀ ਏ ਵੀ ਸਕੂਲ ਕਕਰਾਲਾ ਵਿਖੇ 'ਵਣ-ਮਹਾਂਉਤਸਵ' ਮਨਾਇਆ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਵਾਤਾਵਰਣ ਦੀ ਸੰਭਾਲ ਤੇ ਹਰਿਆਵਲ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਵਿਖੇ 'ਵਣ ਮਹਾਉਤਸਵ' ਬੜੇ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਹ ਪ੍ਰਭਾਵਸ਼ਾਲੀ ਸਮਾਗਮ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਦੀ ਰਹਿਨੁਮਾਈ ਤੇ ਮਾਰਗਦਰਸ਼ਨ ਹੇਠ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਤੇ ਸਟਾਫ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਸਮਾਗਮ ਦਾ ਸੁਚੱਜਾ ਪ੍ਰਬੰਧ ਤੇ ਸੰਚਾਲਨ ਗਤੀਵਿਧੀ ਪ੍ਰਭਾਰੀ ਸ੍ਰੀ ਕਰਮ ਸਿੰਘ ਅਤੇ ਇਕੋ ਕਲੱਬ ਪ੍ਰਭਾਰੀ ਸ੍ਰੀਮਤੀ ਆਸ਼ੂ ਸ਼ਰਮਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਹੜੇ ਵਿੱਚ ਪੌਦੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਚਲਾਈ ਗਈ, ਜਿਸ ਵਿੱਚ ਵਿਦਿਆਰਥੀਆਂ ਤੋਂ ਇਲਾਵਾ ਸਮੂਹ ਅਧਿਆਪਕਾਂ ਤੇ ਗੈਰ-ਵਿੱਦਿਅਕ ਸਟਾਫ ਨੇ ਵੱਖ-ਵੱਖ ਕਿਸਮਾਂ ਦੇ ਛਾਂਦਾਰ ਤੇ ਫਲਦਾਰ ਪੌਦੇ ਲਗਾ ਕੇ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ। ?ਪ੍ਰੋਗਰਾਮ ਦੌਰਾਨ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਇਕੋ ਕਲੱਬ ਦੇ ਸਾਰੇ ਮੈਂਬਰਾਂ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਤੇ ਸਾਡੀ ਹੋਂਦ ਦਾ ਆਧਾਰ ਹਨ।ਉਨ੍ਹਾਂ ਅਪੀਲ ਕੀਤੀ ਕਿ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ ਤੇ ਉਨ੍ਹਾਂ ਦੀ ਨਿਯਮਿਤ ਦੇਖਭਾਲ ਵੀ ਕਰਨੀ ਚਾਹੀਦੀ ਹੈ। ?ਸਮਾਗਮ ਦਾ ਸਮਾਪਨ ਹਾਜ਼ਰ ਵਿਦਿਆਰਥੀਆਂ ਤੇ ਸਟਾਫ ਵੱਲੋਂ ਵਾਤਾਵਰਣ ਦੀ ਸੰਭਾਲ ਕਰਨ ਤੇ ਭਵਿੱਖ ਵਿੱਚ ਹੋਰ ਰੁੱਖ ਲਗਾਉਣ ਦੇ ਸਾਂਝੇ ਸੰਕਲਪ ਨਾਲ ਹੋਇਆ।

ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਨਾ ਸ਼ਲਾਘਾਯੋਗ : ਅਸ਼ੋਕ ਲੱਖਾ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੀਆਂ ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼ ਕਰਨ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ ਦੀਆਂ ਸਮੂਹ ਗਊਸ਼ਾਲਾ ਕਮੇਟੀਆਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸੂਬੇ ਦੀਆਂ 366 ਗਊਸ਼ਾਲਾਵਾਂ ਨੂੰ ਪਹਿਲਾਂ ਹੀ ਮੁਫ਼ਤ ਬਿਜਲੀ ਦੀ ਸਹੂਲਤ ਮਿਲ ਰਹੀ ਸੀ ਤੇ ਹੁਣ ਸਰਕਾਰ ਵੱਲੋਂ 152 ਹੋਰ ਗਊਸ਼ਾਲਾਵਾਂ ਨੂੰ ਇਸ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ।ਇਸ ਫ਼ੈਸਲੇ ਤੋਂ ਬਾਅਦ ਪੰਜਾਬ ਦੀਆਂ ਕੁੱਲ 518 ਗਊਸ਼ਾਲਾਵਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਪ੍ਰਾਪਤ ਹੋਵੇਗੀ।ਅਸ਼ੋਕ ਲੱਖਾ ਨੇ ਕਿਹਾ ਕਿ ਸਰਕਾਰ ਦੇ ਇਸ ਲੋਕ-ਹਿੱਤੈਸ਼ੀ ਫ਼ੈਸਲੇ ਨਾਲ ਗਊਸ਼ਾਲਾ ਕਮੇਟੀਆਂ ਨੂੰ ਆਰਥਿਕ ਤੌਰ 'ਤੇ ਰਾਹਤ ਮਿਲੇਗੀ ਤੇ ਉਹ ਗਊ ਧਨ ਦੀ ਹੋਰ ਵੀ ਬਿਹਤਰ ਢੰਗ ਨਾਲ ਦੇਖਭਾਲ ਅਤੇ ਸਾਂਭ-ਸੰਭਾਲ ਕਰ ਸਕਣਗੀਆਂ।ਉਨ੍ਹਾਂ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਗਊ ਸੇਵਾ ਅਤੇ ਪਸ਼ੂ ਭਲਾਈ ਲਈ ਵਚਨਬੱਧ ਹੈ।

ਜਗੀਰ ਸੱਧਰ ਦੀ ਕਾਵਿ-ਸਿਰਜਣਾ ਨੂੰ ਸਮਰਪਤ ਸਮਾਗਮ ਕਰਵਾਇਆ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਫ਼ਰੀਦਕੋਟ ਵੱਲੋਂ ਸਥਾਨਕ ਦੇਸ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਫ਼ਰੀਦਕੋਟ ਵਿਖੇ ਪੰਜਾਬੀ ਦੇ ਪ੍ਰਸਿੱਧ ਸ਼ਾਇਰ ਜਗੀਰ ਸੱਧਰ ਦੀ ਕਾਵਿ-ਸਿਰਜਣਾ ਨੂੰ ਸਮਰਪਤ 'ਜਗੀਰ ਸੱਧਰ ਕਾਵਿ-ਚਿੰਤਨ ਤੇ ਸਨਮਾਨ' ਸਮਾਗਮ ਕਰਵਾਇਆ ਗਿਆ।

ਸਮਾਗਮ ਦੀ ਪ੍ਰਧਾਨਗੀ ਪੰਜਾਬੀ ਦੇ ਪ੍ਰਸਿੱਧ ਸ਼ਾਇਰ ਗੁਰਤੇਜ ਕੋਹਾਰਵਾਲਾ ਤੇ ਹਰਮੀਤ ਵਿਦਿਆਰਥੀ ਨੇ ਕੀਤੀ, ਜਦਕਿ ਸ੍ਰ. ਸੁਖਚੈਨ ਸਿੰਘ ਬਰਾੜ ਮੁੱਖ ਪ੍ਰਬੰਧਕ ਮੇਜਰ ਅਜਾਇਬ ਸਿੰਘ ਐਜੂਕੇਸ਼ਨਲ ਐਂਡ ਵੈੱਲਫੇਅਰ ਸੋਸਾਇਟੀ (ਰਜਿ.) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਸਮਾਗਮ ਦੀ ਸ਼ੁਰੂਆਤ ਭਾਸ਼ਾ ਵਿਭਾਗ ਦੀ ਧੁਨੀ ਨਾਲ ਹੋਈ।ਇਸ ਮੌਕੇ ਡਾ. ਰਾਜੇਸ਼ ਮੋਹਨ ਪ੍ਰਿੰਸੀਪਲ ਦੇਸ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਨੇ ਹਾਜ਼ਰੀਨ ਨੂੰ ਜੀ ਆਇਆਂ ਆਖਦਿਆਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਹਿਤ ਦੇ ਪ੍ਰਚਾਰ ਤੇ ਪ੍ਰਸਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ।ਉਪਰੰਤ ਸੁਰ-ਆਂਗਣ ਦੇ ਕਲਾਕਾਰ ਗਗਨਦੀਪ ਕੌਰ ਤੇ ਹਰਸ਼ਵਰਧਨ ਨੇ ਜਗੀਰ ਸੱਧਰ ਦੀਆਂ ਚੋਣਵੀਆਂ ਗ਼ਜ਼ਲਾਂ ਦਾ ਸੁਰੀਲਾ ਗਾਇਨ ਪੇਸ਼ ਕਰਕੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।

ਸਮਾਗਮ ਦੌਰਾਨ ਪੰਜਾਬੀ ਦੇ ਪ੍ਰਸਿੱਧ ਕਵੀ ਤੇ ਆਲੋਚਕ ਡਾ. ਜਗਵਿੰਦਰ ਜੋਧਾ ਨੇ ਆਪਣਾ ਖੋਜ-ਪੱਤਰ ਪੇਸ਼ ਕਰਦਿਆਂ ਜਗੀਰ ਸੱਧਰ ਨੂੰ ਪੰਜਾਬੀ ਦਾ ਸਮਰੱਥ ਪਰ ਅਣਗੌਲਿਆ ਕਵੀ ਕਰਾਰ ਦਿੱਤਾ।ਉੱਘੇ ਕਵੀ ਤੇ ਆਲੋਚਕ ਡਾ. ਦੇਵਿੰਦਰ ਸੈਫ਼ੀ ਨੇ ਆਪਣੇ ਖੋਜ-ਪੱਤਰ ਵਿੱਚ ਜਗੀਰ ਸੱਧਰ ਦੀ ਕਵਿਤਾ ਦੇ ਸਮਾਜਿਕ ਤੇ ਇਤਿਹਾਸਕ ਪ੍ਰਸੰਗਾਂ ਨੂੰ ਵਿਸਥਾਰ ਨਾਲ ਉਜਾਗਰ ਕੀਤਾ।ਦੋਵਾਂ ਖੋਜ-ਪੱਤਰਾਂ 'ਤੇ ਟਿੱਪਣੀ ਕਰਦਿਆਂ ਡਾ. ਜਲੌਰ ਸਿੰਘ ਖੀਵਾ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਜਗੀਰ ਸੱਧਰ ਨਾਲ ਜੁੜੀਆਂ ਕਈ ਯਾਦਾਂ ਸਾਂ

ਕਮਿਊਨਿਟੀ ਹੈੱਲਥ ਅਫ਼ਸਰਾਂ ਵੱਲੋਂ ਮੁਕੰਮਲ ਹੜਤਾਲ ਸ਼ੁਰੂ

10 ਨੂੰ ਐੱਨ ਐੱਚ ਐੱਮ ਮੁੱਖ ਦਫ਼ਤਰ ਚੰਡੀਗੜ੍ਹ ਵਿਖੇ ਵਿਸ਼ਾਲ ਧਰਨਾ

ਬਿਆਸ (ਪਰਮਜੀਤ ਸਿੰਘ ਰੱਖੜਾ)- ਪੰਜਾਬ ਦੇ ਲਗਭਗ 2500 ਆਯੁਸ਼ਮਾਨ ਆਰੋਗਿਆ ਕੇਂਦਰਾਂ ਵਿੱਚ ਸੇਵਾਵਾਂ ਦੇ ਰਹੇ ਕਮਿਊਨਿਟੀ ਹੈਲਥ ਅਫ਼ਸਰ ਅੱਜ ਤੋਂ ਮੁਕੰਮਲ ਹੜਤਾਲ 'ਤੇ ਚਲੇ ਗਏ ਹਨ। ਇਸ ਕਾਰਨ ਪੰਜਾਬ ਦੇ ਹਜ਼ਾਰਾਂ ਪਿੰਡਾਂ ਵਿੱਚ ਚੱਲ ਰਹੇ ਆਯੁਸ਼ਮਾਨ ਆਰੋਗਿਆ ਕੇਂਦਰਾਂ ਦੀਆਂ ਸੇਵਾਵਾਂ ਪ੍ਰਭਾਵਿਤ ਹੋਈਆਂ ਹਨ। ਪੰਜਾਬ ਭਰ ਦੇ ਸਮੂਹ ਸੀ ਐਚ ਓ ਨੇ ਆਪਣੇ-ਆਪਣੇ ਜ਼ਿਲ੍ਹਿਆਂ ਦੇ ਸਿਵਲ ਸਰਜਨ ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਯੂਨੀਅਨ ਆਗੂਆਂ ਨੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਨੇ ਸੀ ਐਚ ਓ ਨਾਲ ਵੱਡਾ ਵਿਸ਼ਵਾਸਘਾਤ ਅਤੇ ਧੋਖਾ ਕੀਤਾ ਹੈ। ਕਈ ਦੌਰ ਦੀਆਂ ਮੀਟਿਗਾਂ ਵਿੱਚ ਸਰਕਾਰ ਵੱਲੋਂ ?5000 ਤਨਖਾਹ ਵਿੱਚ ਵਾਧਾ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰੰਤੂ ਮਿਤੀ 22/07/2026 ਨੂੰ ਜਾਰੀ ਪੱਤਰ ਰਾਹੀਂ ਇਸ ਨੂੰ ਤਨਖਾਹ ਵਿੱਚ ਸ਼ਾਮਲ ਕਰਨ ਦੀ ਬਜਾਏ ਇੰਸੈਂਟਿਵ ਦੇ ਰੂਪ ਵਿੱਚ ਜਾਰੀ ਕਰ ਦਿੱਤਾ ਗਿਆ ਅਤੇ ਇਸ ਨਾਲ ਬੈਂਚਮਾਰਕ ਦੀ ਸ਼ਰਤ ਜੋੜ ਦਿੱਤੀ ਗਈ। ਇਸ ਤੋਂ ਬਾਅਦ 04/08/2026 ਨੂੰ ਜਾਰੀ ਨਵੀਆਂ ਗਾਈਡਲਾਈਨਜ਼ ਵਿੱਚ ਹੋਰ ਵੀ ਅਜਿਹੀਆਂ ਸ਼ਰਤਾਂ ਲਗਾ ਦਿੱਤੀਆਂ ਗਈਆਂ ਹਨ, ਜਿਨ੍ਹਾਂ ਨੂੰ ਪੂਰਾ ਕਰਨਾ

ਲਗਭਗ ਅਸੰਭਵ ਹੈ। ਯੂਨੀਅਨ ਦਾ ਕਹਿਣਾ ਹੈ ਕਿ ਇਹ ਸਾਰਾ ਫ਼ੈਸਲਾ ਸੀ ਐਚ ਓ ਨੂੰ ਅਸਲ ਵਿੱਤੀ ਲਾਭ ਤੋਂ ਵਾਂਝਾ ਰੱਖਣ ਦੀ ਕੋਸ਼ਿਸ਼ ਹੈ।ਆਗੂਆਂ ਨੇ ਕਿਹਾ ਕਿ ਅੱਜ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨਾਂ ਦੌਰਾਨ ਨਵੀਆਂ ਜਾਰੀ ਕੀਤੀਆਂ ਗਾਈਡਲਾਈਨਜ਼ ਦੀਆਂ ਕਾਪੀਆਂ ਵੀ ਸਾੜੀਆਂ ਗਈਆਂ ।ਯੂਨੀਅਨ ਆਗੂਆਂ ਨੇ ਇਹ ਵੀ ਦੋਸ਼ ਲਗਾਇਆ ਕਿ ਇਹ ਗਾਈਡਲਾਈਨਜ਼ ਉਨ੍ਹਾਂ ਦੇ ਹੱਕਾਂ ਨੂੰ ਕਮਜ਼ੋਰ ਕਰਨ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਯੂਨੀਅਨ ਨੂੰ ਸ਼ੱਕ ਹੈ ਕਿ ਇਹ ਨੀਤੀ ਸੀ ਐਚ ਓ ਦੇ ਹਿੱਤਾਂ ਦੇ ਉਲਟ ਸੋਚ ਤਹਿਤ ਤਿਆਰ ਕੀਤੀ ਗਈ ਹੈ। ਯੂਨੀਅਨ ਨੇ ਮੰਗ ਕੀਤੀ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜੇਕਰ ਕਿਸੇ ਅਧਿਕਾਰੀ ਜਾਂ ਐਚ ਡਬਲਯੂ ਸੀ ਲੀਡ ਕੰਸਲਟੈਂਟ ਦੀ ਭੂਮਿਕਾ ਰਹੀ ਹੈ ਤਾਂ ਉਸ ਦੀ ਵੀ ਜਾਂਚ ਕਰਕੇ ਬਣਦੀ ਕਾਰਵਾਈ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ?5000 ਤਨਖਾਹ ਵਿੱਚ ਸਥਾਈ ਵਾਧਾ, ਲੌਇਲਟੀ ਬੋਨਸ, ਸੀ ਐਚ ਸੀ ਦਾ ਰੈਗੂਲਰ ਕੈਡਰ ਸੈਂਕਸ਼ਨ ਕਰਨਾ, ਤਨਖਾਹ ਅਤੇ ਇੰਸੈਂਟਿਵ ਨੂੰ ਮਰਜ ਕਰਨਾ ਸਮੇਤ ਹੋਰ ਮੰਗਾਂ ਅੱਜ ਵੀ ਲੰਬਿਤ ਹਨ। ਯੂਨੀਅਨ ਵੱਲੋਂ ਕਈ ਵਾਰ ਪੱਤਰ ਲਿਖ ਕੇ ਮੀਟਿਗ ਲਈ ਸਮਾਂ ਮੰਗਿਆ ਗਿਆ ਤਾਂ ਜੋ ਗੱਲਬਾਤ ਰਾਹੀਂ ਮਸਲੇ ਦਾ ਹੱਲ ਹੋ ਸਕੇ, ਪਰੰਤੂ ਸਰਕਾਰ ਅਤੇ ਵਿਭਾਗ ਨੇ ਕੋਈ ਗੰਭੀਰਤਾ ਨਹੀਂ ਦਿਖਾਈ।ਯੂਨੀਅਨ ਨੇ ਐਲਾਨ ਕੀਤਾ ਕਿ 10 ਅਗਸਤ ਨੂੰ ਨੈਸ਼ਨਲ ਹੈਲਥ ਮਿਸ਼ਨ, ਪੰਜਾਬ ਦੇ ਮੁੱਖ ਦਫ਼ਤਰ, ਚੰਡੀਗੜ੍ਹ ਵਿਖੇ ਪੰਜਾਬ ਭਰ ਤੋਂ ਹਜ਼ਾਰਾਂ ਸੀ ਐਚ ਓ ਵਿਸ਼ਾਲ ਰੋਸ ਧਰਨਾ ਦੇਣਗੇ। ਜੇਕਰ ਉਸ ਤੋਂ ਬਾਅਦ ਵੀ ਸਰਕਾਰ ਨੇ ਆਪਣੀ ਵਾਅਦਾ-ਖ਼ਿਲਾਫ਼ੀ ਜਾਰੀ ਰੱਖੀ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ।

ਚਵਿੰਡਾ ਦੇਵੀ 'ਚ ਰਾਸ਼ਨ ਕਿੱਟਾਂ ਵੰਡੀਆਂ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਮ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਨਿਰੰਤਰ ਜਨ-ਜਨ ਤੱਕ ਪਹੁੰਚ ਰਹੀਆਂ ਹਨ। ਇਸੇ ਲੜੀ ਤਹਿਤ ਮੁੱਖ ਮੰਤਰੀ ਵੱਲੋਂ ਸ਼ੁਰੂ ਕੀਤੀ ਗਈ 'ਮੇਰੀ ਰਸੋਈ ਸਕੀਮ' ਰਾਜ ਦੇ ਲਗਭਗ 33.86 ਲੱਖ ਪਰਵਾਰਾਂ ਲਈ ਵੱਡੀ ਰਾਹਤ ਦਾ ਸਬੱਬ ਬਣ ਰਹੀ ਹੈ। ਮਾਨ ਸਰਕਾਰ ਦੀ ਇਸ ਲੋਕ ਭਲਾਈ ਨੀਤੀ ਦਾ ਇੱਕ ਪ੍ਰਤੱਖ ਦ੍ਰਿਸ਼ ਅੱਜ ਹਲਕਾ ਮਜੀਠਾ ਦੇ ਨਾਲ ਲੱਗਦੇ ਪਿੰਡ ਚਵਿੰਡਾ ਦੇਵੀ ਵਿਖੇ ਦੇਖਣ ਨੂੰ ਮਿਲਿਆ, ਜਿੱਥੇ ਲੋੜ ਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ।ਇਸ ਮੌਕੇ ਹਲਕਾ ਮਜੀਠ ਟਰੇਡ-ਵਿੰਗ ਦੇ ਚੇਅਰਮੈਨ ਦੀਪਕ ਭੰਡਾਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਮਨੋਰਥ ਹਰ ਲੋੜਵੰਦ ਤੱਕ ਬਿਨਾਂ ਕਿਸੇ ਪੱਖਪਾਤ ਦੇ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। 'ਮੇਰੀ ਰਸੋਈ ਸਕੀਮ' ਨਾਲ ਜਿੱਥੇ ਗਰੀਬ ਅਤੇ ਮੱਧਮ ਵਰਗੀ ਪਰਵਾਰਾਂ ਦੇ ਰਸੋਈ ਦਾ ਬਜਟ ਸੁਖਾਲਾ ਹੋਇਆ ਹੈ, ਉੱਥੇ ਹੀ ਉਨ੍ਹਾਂ ਨੂੰ ਮਿਆਰੀ ਰਾਸ਼ਨ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ।ਪਿੰਡ ਚਵਿੰਡਾ ਦੇਵੀ ਦੇ ਨਿਵਾਸੀਆਂ ਨੇ ਮਾਨ ਸਰਕਾਰ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਗਿੱਲ ਅਤੇ ਮੁੱਖ ਮੰਤਰੀ ਮਾਨ ਦਾ ਧੰਨਵਾਦ ਕੀਤਾ। ਇਸ ਸਮੇਂ ਪੰਚਾਇਤ ਮੈਂਬਰ ਕਰਮਜੀਤ ਸਿੰਘ ਸੰਨੀ ਬਾਵਾ ਡੀਪੂ ਹੋਲਡਰ ਅਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਜਸ਼ਨ-ਏ-ਆਜ਼ਾਦੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਜ਼ਿਲ੍ਹਾ ਸਦਰ ਮੁਕਾਮ ਅੰਮ੍ਰਿਤਸਰ ਵਿਖੇ 15 ਅਗਸਤ ਨੂੰ ਮਨਾਏ ਜਾਣ ਵਾਲੇ ਆਜ਼ਾਦੀ ਦਿਵਸ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਉਨ੍ਹਾਂ ਅਜ਼ਾਦੀ ਸਮਾਗਮ ਦੀਆਂ ਚੱਲ ਰਹੀਆਂ ਤਿਆਰੀਆਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਇਸ ਵਾਰ ਵੀ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਗਮ ਪੂਰੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਉਨ੍ਹਾਂ ਸਾਰੇ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਅਨੁਸਾਰ ਤਿਆਰੀਆਂ ਸਮੇਂ ਸਿਰ ਮੁਕੰਮਲ ਕਰਨਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ 15 ਅਗਸਤ ਨੂੰ ਅਜ਼ਾਦੀ ਸਮਾਗਮ ਦੌਰਾਨ ਸੂਬੇ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਰਾਸ਼ਟਰੀ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨਗੇ। ਇਸ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਪੰਜਾਬ ਪੁਲਸ, ਮਹਿਲਾ ਪਲਾਟੂਨ, ਪੰਜਾਬ ਹੋਮਗਾਰਡ, ਐਨ.ਸੀ.ਸੀ. ਕੈਡਿਟਾਂ ਅਤੇ ਵੱਖ-ਵੱਖ ਸਕੂਲਾਂ ਦੀਆਂ ਪਰੇਡ ਅਤੇ ਬੈਂਡ ਟੀਮਾਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਪੇਸ਼ ਕੀਤਾ ਜਾਵੇਗਾ। ਇਸ ਦੇ ਨਾਲ ਹੀ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਅਤੇ ਪੰਜਾਬੀ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਏ ਜਾਣਗੇ। ਇਸ ਮੌਕੇ ਵੱਖ-ਵੱਖ ਪ੍ਰਬੰਧਾਂ ਲਈ ਕਮੇਟੀਆਂ ਅਤੇ ਟੀਮਾਂ ਦਾ ਗਠਨ ਵੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਆਜ਼ਾਦੀ ਦਿਵਸ ਮੌਕੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਤੋਂ ਪਹਿਲਾਂ ਸ਼ਹਿਰ ਦੀ ਵਿਸ਼ੇਸ਼ ਸਫ਼ਾਈ, ਸੁੰਦਰਤਾ ਅਤੇ ਸਮਾਗਮ ਸਥਾਨ ਦੇ ਆਲੇ-ਦੁਆਲੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ। ਉਨ੍ਹਾਂ ਸਮਾਗਮ ਦੇ ਸਫਲ ਆਯੋਜਨ ਲਈ ਸੁਰੱਖਿਆ, ਆਵਾਜਾਈ, ਬਿਜਲੀ, ਪੀਣ ਵਾਲੇ ਪਾਣੀ, ਸਿਹਤ ਸੇਵਾਵਾਂ ਅਤੇ ਹੋਰ ਪ੍ਰਬੰਧਾਂ ਨੂੰ ਵੀ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੱਲਵੀ ਮਿਸ਼ਰਾ, ਐੱਸ.ਡੀ.ਐੱਮ.-1 ਅਲਕਾ ਕਾਲੀਆ, ਐੱਸ.ਡੀ.ਐੱਮ.-2 ਸੁਖਮੰਦਰ ਸਿੰਘ, ਸਹਾਇਕ ਕਮਿਸ਼ਨਰ ਜਨਰਲ ਪ੍ਰਗਤੀ ਸੇਠੀ, ਆਰ.ਟੀ.ਏ. ਹਿਤੇਸ਼ ਵੀਰ ਗੁਪਤਾ, ਐੱਸ.ਡੀ.ਐੱਮ. ਬਾਬਾ ਬਕਾਲਾ ਸਾਹਿਬ ਜਸ਼ਨਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

ਡਾ. ਬੋਪਾਰਾਏ ਦੀ ਮੈਡੀਕਲ ਸੁਪਰਡੈਂਟ ਵਜੋਂ ਨਿਯੁਕਤੀ ਨਾਲ ਗੁਰਦਾਸਪੁਰ ਦਾ ਮਾਣ ਵਧਿਆ

ਧਾਰੀਵਾਲ, (ਮਨਦੀਪ ਵਿੱਕੀ)- ਸਿੱਖ ਨੈਸ਼ਨਲ ਕਾਲਜ ਕਾਦੀਆਂ ਦੀ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਅਤੇ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ ਪ੍ਰਬੰਧਕ ਕਮੇਟੀ ਬਟਾਲਾ ਦੇ ਪ੍ਰਧਾਨ ਕਸ਼ਮੀਰ ਸਿੰਘ ਬੋਪਾਰਾਏ ਦੇ ਹੋਣਹਾਰ ਬੇਟੇ ਡਾਕਟਰ ਅਮਰਬੀਰ ਸਿੰਘ ਬੋਪਾਰਾਏ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫ਼ਰੀਦਕੋਟ ਦਾ ਮੈਡੀਕਲ ਸੁਪਰਡੈਂਟ ਨਿਯੁਕਤ ਕਰਨ ਨਾਲ ਜ਼ਿਲ੍ਹਾ ਗੁਰਦਾਸਪੁਰ ਦਾ ਮੈਡੀਕਲ ਖੇਤਰ ਅੰਦਰ ਮਾਣ ਵਧਿਆ ਹੈ ਅਤੇ ਇਸ ਨਿਯੁਕਤੀ ਦਾ ਭਰਵਾਂ ਸਵਾਗਤ ਕਰਦਿਆਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ । ਡਾਕਟਰ ਅਮਰਬੀਰ ਸਿੰਘ ਬੋਪਾਰਾਏ ਜੋ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਚਮੜੀ ਰੋਗਾਂ ਦੇ ਵਿਭਾਗ ਵਿੱਚ ਬਤੌਰ ਪ੍ਰੋਫ਼ੈਸਰ ਕਾਰਜ ਕਰ ਰਹੇ ਹਨ ਤੇ ਆਪਣੀਆਂ ਵੱਡਮੁੱਲੀਆਂ ਸੇਵਾਵਾਂ ਦੇ ਰਹੇ ਹਨ।ਡਾਕਟਰ ਅਮਰਬੀਰ ਸਿੰਘ ਬੋਪਾਰਾਏ ਬਟਾਲਾ ਸ਼ਹਿਰ ਦੇ ਵਾਸੀ ਹਨ।

ਇਸ ਨਿਯੁਕਤੀ ਨਾਲ ਬਟਾਲਾ ਇਲਾਕੇ ਅੰਦਰ ਵੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਡਾਕਟਰ ਅਮਰਬੀਰ ਸਿੰਘ ਬੋਪਾਰਾਏ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਡਾਕਟਰੀ ਦੀ ਪੜ੍ਹਾਈ ਕਰਨ ਉਪਰੰਤ ਮੈਡੀਕਲ ਕਾਲਜ ਅਤੇ ਹਸਪਤਾਲ ਫ਼ਰੀਦਕੋਟ ਵਿਖੇ ਸੇਵਾ ਸ਼ੁਰੂ ਕੀਤੀ ਅਤੇ ਹੁਣ ਉਨਾਂ ਨੂੰ ਤਰੱਕੀ ਦੇ ਕੇ ਮੈਡੀਕਲ ਸੁਪਰਡੈਂਟ ਵਜੋਂ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਤੇ ਸਿੱਖ ਨੈਸ਼ਨਲ ਕਾਲਜ ਕਾਦੀਆਂ ਦੀ ਸਥਾਨਕ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਡਾ. ਬਲਚਰਨਜੀਤ ਸਿੰਘ, ਭਾਟੀਆ, ਕਮੇਟੀ ਮੈਂਬਰ ਸਤਨਾਮ ਸਿੰਘ ਬੁੱਟਰ, ਐਡਵੋਕੇਟ ਬਲਜਿੰਦਰ ਸਿੰਘ ਰਿਆੜ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਐਗਜ਼ੈਕਟਿਵ ਮੈਂਬਰ ਜਥੇਦਾਰ ਸੁਰਜੀਤ ਸਿੰਘ ਤੁਗਲਵਾਲ, ਸਾਬਕਾ ਚੇਅਰਮੈਨ ਤਰਲੋਕ ਸਿੰਘ ਬਾਠ, ਸਿਕੰਦਰ ਸਿੰਘ, ਸੇਵਾ ਮੁਕਤ ਪ੍ਰੋ. ਕੁਲਵਿੰਦਰ ਸਿੰਘ, ਮਲਕੀਅਤ ਸਿੰਘ, ਕਸ਼ਮੀਰ ਸਿੰਘ ਸ਼ਕਾਲਾ ਕਮੇਟੀ, ਨਰਿੰਦਰ ਸਿੰਘ ਸਿੱਧੂ, ਸੁਖਦੇਵ ਸਿੰਘ ਪੱਡਾ, ਮਨਜੀਤ ਸਿੰਘ ਗੱਜੂਗਾਜੀ, ਡਾ. ਅਮਰਜੀਤ ਸਿੰਘ ਔਲਖ, ਡਾ. ਤਨਵੀਰ ਸਿੰਘ, ਡਾਕਟਰ ਹਰਮਨਦੀਪ ਸਿੰਘ ਭਾਟੀਆ, ਪ੍ਰਿੰਸੀਪਲ ਡਾਕਟਰ ਹਰਪ੍ਰੀਤ ਸਿੰਘ ਹੁੰਦਲ, ਕਾਲਜ ਸਮੂਹ ਸਟਾਫ਼, ਇਲਾਕੇ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਸਮੇਤ ਇਲਾਕਾ ਵਾਸੀਆਂ ਨੇ ਸਥਾਨਕ ਸਕੱਤਰ ਕਸ਼ਮੀਰ ਸਿੰਘ ਬੋਪਾਰਾਏ ਅਤੇ ਡਾਕਟਰ ਅਮਰਬੀਰ ਸਿੰਘ ਬੋਪਾਰਾਏ ਨੂੰ ਮੁਬਾਰਕਬਾਦ ਅਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ।

ਫ਼ਿਰੌਤੀਆਂ ਦੇ ਮਾਮਲੇ ਵਧਣ ਨਾਲ ਸ਼ਹਿਰ ਨਿਵਾਸੀ ਪਰੇਸ਼ਾਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਡੇਰਾ ਬਾਬਾ ਨਾਨਕ ਵਿੱਚ ਦਿਨ-ਬ-ਦਿਨ ਫਰੌਤੀਆਂ ਦੇ ਮਾਮਲੇ ਵਧਦੇ ਜਾ ਰਹੇ ਹਨ। ਇਨ੍ਹਾਂ ਮਾਮਲਿਆਂ ਨੂੰ ਲੈ ਕੇ ਸ਼ਹਿਰ ਨਿਵਾਸੀ ਪੂਰੀ ਤਰ੍ਹਾਂ ਪਰੇਸ਼ਾਨ ਨਜ਼ਰ ਆ ਰਹੇ ਹਨ। ਅੱਜ ਬਲਾਕ ਸੰਮਤੀ ਡੇਰਾ ਬਾਬਾ ਨਾਨਕ ਦੇ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਨੇ ਕੁਝ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਤੁਹਾਨੂੰ ਕਿਸੇ ਕੋਲੋਂ ਵੀ ਡਰਨ ਦੀ ਲੋੜ ਨਹੀਂ, ਅਸੀਂ ਤੁਹਾਡੇ ਨਾਲ ਖੜੇ ਆਂ ।ਇਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬੀਬੀ ਰਾਜਵਿੰਦਰ ਕੌਰ ਨੇ ਕਿਹਾ ਕਿ ਅਸੀਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕਰਦੇ ਹਾਂ ਕਿ ਜੋ ਵੀ ਕੋਈ ਇਹ ਸ਼ਰਾਰਤੀ ਅਨਸਰ ਸ਼ਹਿਰ ਨਿਵਾਸੀਆਂ ਨੂੰ ਫੋਨ ਕਰਕੇ ਪਰੇਸ਼ਾਨ ਕਰ ਰਹੇ ਹਨ ਇਨ੍ਹਾਂ ਦੇ ਨੰਬਰ ਟਰੇਸ ਕਰਕੇ ਇਨ੍ਹਾਂ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਰੱਬ ਤੋਂ ਡਰਨਾ ਚਾਹੀਦਾ ਹੈ। ਚੇਅਰਪਰਸਨ ਰਾਜਵਿੰਦਰ ਕੌਰ ਨੇ ਕਿਹਾ ਕਿ ਹਲਕਾ ਡੇਰਾ ਬਾਬਾ ਨਾਨਕ ਦੇ ਲੋਕਾਂ ਨਾਲ ਅਸੀਂ ਚੱਟਾਨ ਵਾਂਗ ਖੜੇ ਹਾਂ ਤੇ ਹਲਕਾ ਵਾਸੀਆਂ ਨੂੰ ਡਰਨ ਦੀ ਕੋਈ ਲੋੜ ਨਹੀਂ ।ਇਸ ਮੌਕੇ ਸਰਪੰਚ ਦਲਬੀਰ ਸਿੰਘ ਭਿੱਲਾ, ਸਰਪੰਚ ਜਗਦੀਪ ਸਿੰਘ ਜੱਗੀ ਲੁਕਮਾਨੀਆ, ਸਰਪੰਚ ਜਸਬੀਰ ਸਿੰਘ ਕਾਹਲੋਂ, ਬਲਬੀਰ ਸਿੰਘ ਘੁੰਮਣ, ਜਗਦੀਪ ਸਿੰਘ ਜੱਗੀ ਸਮਰਾ, ਕੁਲਦੀਪ ਸਿੰਘ ਸਮਰਾ, ਸਰਪੰਚ ਗੁਰਮੁਖ ਸਿੰਘ ਢੇਸੀਆਂ, ਮੇਜਰ ਸਿ

ਨਵਾਂ ਜ਼ਮਾਨਾ
ਸ਼ੁੱਕਰਵਾਰ, 7 ਅਗਸਤ 2026

ਪ੍ਰਚਾਰਜੀਵੀ ਯੋਗੀ

ਪ੍ਰਚਾਰ 'ਤੇ ਖਰਚ ਕਰਨ ਵਿੱਚ ਯੂ ਪੀ ਵਿੱਚ ਯੋਗੀ ਆਦਿੱਤਿਆਨਾਥ ਸਰਕਾਰ ਦਾ ਜਵਾਬ ਨਹੀਂ। ਨਿਊਜ਼ ਵੈੱਬਸਾਈਟ ਨਿਊਜ਼ਲਾਂਡਰੀ ਵੱਲੋਂ ਰਾਜ ਸਰਕਾਰ ਦੇ ਅਧਿਕਾਰਤ ਬਜਟ ਦਸਤਾਵੇਜ਼ਾਂ ਦੇ ਵਿਸ਼ਲੇਸ਼ਣ ਤੋਂ ਇਹ ਖੁਲਾਸਾ ਹੋਇਆ ਹੈ ਕਿ ਯੋਗੀ ਸਰਕਾਰ ਨੇ ਇਸ਼ਤਿਹਾਰਾਂ 'ਤੇ ਰੋਜ਼ਾਨਾ ਔਸਤਨ 2.32 ਕਰੋੜ ਖਰਚ ਕੀਤੇ ਹਨ। ਇਹ ਅੰਕੜਾ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੇ ਔਸਤ ਖਰਚ ਨੂੰ ਪਾਰ ਕਰ ਗਿਆ ਹੈ। ਯੋਗੀ ਸਰਕਾਰ ਨੇ ਵਿੱਤੀ ਸਾਲ 2017-18 ਅਤੇ 2024-25 (ਅੱਠ ਸਾਲ) ਵਿਚਕਾਰ ਇਸ਼ਤਿਹਾਰਬਾਜ਼ੀ ਅਤੇ ਪ੍ਰਚਾਰ 'ਤੇ ਕੁੱਲ 6,811.94 ਕਰੋੜ ਖਰਚ ਕੀਤੇ। ਇਹ ਖਰਚ ਰੋਜ਼ਾਨਾ ਔਸਤਨ ਲੱਗਪੱਗ 2.32 ਕਰੋੜ ਬਣਦਾ ਹੈ। ਪਿਛਲੇ 11 ਸਾਲਾਂ ਵਿੱਚ ਮੋਦੀ ਸਰਕਾਰ ਦਾ ਇਸ਼ਤਿਹਾਰਬਾਜ਼ੀ 'ਤੇ ਔਸਤ ਰੋਜ਼ਾਨਾ ਖਰਚ 1.5 ਕਰੋੜ ਪ੍ਰਤੀ ਦਿਨ ਰਿਹਾ ਹੈ। ਜੇ ਵਿੱਤੀ ਸਾਲ 2025-26 ਲਈ ਨਿਰਧਾਰਤ 918.83 ਕਰੋੜ ਦੇ ਬਜਟ ਪ੍ਰਬੰਧ ਨੂੰ ਵੀ ਜੋੜਿਆ ਜਾਵੇ ਤਾਂ ਨੌਂ ਸਾਲਾਂ ਲਈ ਕੁੱਲ ਪ੍ਰਚਾਰ ਬਜਟ 7,730 ਕਰੋੜ (ਔਸਤਨ 2.35 ਕਰੋੜ ਪ੍ਰਤੀ ਦਿਨ) ਨੂੰ ਪਾਰ ਕਰ ਜਾਂਦਾ ਹੈ।

ਯੂ ਪੀ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਅੱਠ ਸਾਲਾਂ ਦੇ ਖਰਚਿਆਂ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ 83 ਫੀਸਦੀ ਤੋਂ ਵੱਧ ਫੰਡ ਸਿਰਫ 'ਇਸ਼ਤਿਹਾਰਬਾਜ਼ੀ ਅਤੇ ਵਿਜ਼ੁਅਲ ਪਬਲੀਸਿਟੀ' ਉੱਤੇ ਖਰਚ ਕੀਤੇ ਗਏ, ਜਿਸ ਰਾਹੀਂ ਸਰਕਾਰੀ ਫੰਡ ਅਖਬਾਰਾਂ, ਟੀ ਵੀ ਚੈਨਲਾਂ ਅਤੇ ਡਿਜੀਟਲ ਪਲੇਟਫਾਰਮਾਂ ਨੂੰ ਪ੍ਰਦਾਨ ਕੀਤੇ ਜਾਂਦੇ ਹਨ।

ਇਸ਼ਤਿਹਾਰਬਾਜ਼ੀ ਅਤੇ ਵਿਜ਼ੁਅਲ ਪਬਲੀਸਿਟੀ ਖਰਚ 2017-18 ਵਿੱਚ 236.33 ਕਰੋੜ ਤੋਂ ਵਧ ਕੇ 2024-25 ਵਿੱਚ 1,205.06 ਕਰੋੜ ਹੋ ਗਿਆ। ਨਿਊਜ਼ਲਾਂਡਰੀ ਨੇ ਸੂਚਨਾ ਵਿਭਾਗ ਕੋਲ ਇੱਕ ਆਰ ਟੀ ਆਈ ਬੇਨਤੀ ਦਾਇਰ ਕਰਕੇ ਇਹ ਜਾਣਕਾਰੀ ਮੰਗੀ ਸੀ ਕਿ ਕਿਹੜੇ ਮੀਡੀਆ ਗਰੁੱਪਾਂ ਨੂੰ ਇਸ਼ਤਿਹਾਰਬਾਜ਼ੀ ਫੰਡਿੰਗ ਮਿਲੀ, ਪਰ ਸਰਕਾਰ ਨੇ ਇਹ ਜਾਣਕਾਰੀ ਪ੍ਰਦਾਨ ਕਰਨ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, 2021 ਵਿੱਚ ਇੱਕ ਆਰ ਟੀ ਆਈ ਜਵਾਬ ਦੇ ਆਧਾਰ 'ਤੇ ਇੱਕ ਨਿਊਜ਼ਲਾਂਡਰੀ ਰਿਪੋਰਟ ਨੇ ਖੁਲਾਸਾ ਕੀਤਾ ਕਿ ਯੋਗੀ ਸਰਕਾਰ ਨੇ ਸਿਰਫ ਇੱਕ ਸਾਲ (2020-21) ਵਿੱਚ ਟੀ ਵੀ ਨਿਊਜ਼ ਚੈਨਲਾਂ ਨੂੰ 160 ਕਰੋੜ ਦੇ ਇਸ਼ਤਿਹਾਰ ਅਲਾਟ ਕੀਤੇ ਸਨ। ਇਸ ਵਿੱਚੋਂ ਸਭ ਤੋਂ ਵੱਧ ਰਕਮ 28.82 ਕਰੋੜ, ਮੁਕੇਸ਼ ਅੰਬਾਨੀ ਦੀ ਮਲਕੀਅਤ ਵਾਲੇ ਨੈੱਟਵਰਕ 18 ਸਮੂਹ ਨੂੰ ਗਈ।

ਇਸ ਰਿਪੋਰਟ ਦੇ ਸਾਹਮਣੇ ਆਉਣ ਤੋਂ ਬਾਅਦ ਯੂ ਪੀ ਦੇ ਸਾਬਕਾ ਮੁੱਖ ਮੰਤਰੀ ਅਤੇ ਸਪਾ ਮੁਖੀ ਅਖਿਲੇਸ਼ ਯਾਦਵ ਨੇ ਯੋਗੀ-ਮੋਦੀ ਡਬਲ-ਇੰਜਣ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਯੋਗੀ ਪ੍ਰਚਾਰਜੀਵੀ ਹਨ। ਉਨ੍ਹਾ ਦਾਅਵਾ ਕੀਤਾ ਹੈ ਕਿ ਜਿਸ ਤਰ੍ਹਾਂ ਮੁੱਖ ਮੰਤਰੀ ਨੂੰ ਅਯੁੱਧਿਆ ਜਾਣ ਦਾ ਰਿਕਾਰਡ ਬਣਾਉਣ ਦੇ ਬਾਵਜੂਦ ਅੰਤ ਵਿੱਚ ਬਦਨਾਮੀ ਤੋਂ ਇਲਾਵਾ ਕੁਝ ਨਹੀਂ ਮਿਲਿਆ, ਉਸੇ ਤਰ੍ਹਾਂ ਝੂਠੇ ਸਵੈ-ਪ੍ਰਸੰਸਾ ਵਾਲੇ ਇਸ਼ਤਿਹਾਰਾਂ 'ਤੇ ਪ੍ਰਤੀ ਦਿਨ 2.3 ਕਰੋੜ ਰੁਪਏ ਖਰਚ ਕਰਨ ਦੇ ਬਾਵਜੂਦ ਮੁੱਖ ਮੰਤਰੀ ਨੂੰ ਬਦਨਾਮੀ ਤੋਂ ਇਲਾਵਾ ਕੁਝ ਨਹੀਂ ਮਿਲਣਾ। ਬਿਨਾਂ ਸੋਚੇ-ਸਮਝੇ ਪ੍ਰਚਾਰ ਕੁਝ ਵੀ ਪ੍ਰਾਪਤ ਨਹੀਂ ਕਰਦਾ। ਜੇ ਮੁੱਖ ਮੰਤਰੀ ਇਕੱਲੇ ਬੈਠ ਕੇ ਵਿਚਾਰ ਕਰਨਗੇ ਤਾਂ ਉਨ੍ਹਾ ਨੂੰ ਅਹਿਸਾਸ ਹੋਵੇਗਾ ਕਿ ਉਨ੍ਹਾ ਦੀ ਆਪਣੀ ਪ੍ਰਚਾਰ ਮਸ਼ੀਨਰੀ ਉਨ੍ਹਾ ਦਾ ਅੰਤ ਨੇੜੇ ਲਿਆ ਰਹੀ ਹੈ।

ਪਾਠਕ-ਸੱਥ

ਗਿਰਾਵਟ ਦੀ ਹੱਦ ਹੋ ਗਈ

ਰਿਸ਼ਤਿਆਂ ਵਿੱਚ ਇੰਨੀ ਗਿਰਾਵਟ ਆ ਜਾਵੇਗੀ ਉਹ ਵੀ ਢਿੱਡੋਂ ਜੰਮੇ, ਆਪਣੇ, ਖ਼ੂਨ ਦੇ ਰਿਸ਼ਤੇ, ਇਹ ਅਸੀਂ ਤੁਸੀਂ ਕਦੇ ਕਿਆਸ ਵੀ ਨਹੀਂ ਕੀਤਾ ਹੋਵੇਗਾ । ਇੰਨੀ ਸੰਵੇਦਨਹੀਣਤਾ ਜੋ ਹੱਦਾਂ ਪਾਰ ਕਰ ਗਈ । ਖ਼ਬਰ ਮੁੰਬਈ ਤੋਂ ਹੈ। ਇੱਕ ਕੱਪੜਾ ਕਾਰੋਬਾਰੀ ਜਿਸ ਦਾ ਕਿਸੇ ਸਮੇਂ ਕਰੋੜਾਂ ਦਾ ਵਪਾਰ ਸੀ। ਆਪਣੀਆਂ ਤਿੰਨ ਧੀਆਂ ਨੂੰ ਚੰਗਾ ਪੜ੍ਹਾਇਆ ਲਿਖਾਇਆ ਤਿੰਨੋਂ ਪੇਸ਼ੇ ਵਜੋਂ ਅਧਿਆਪਕ ਹਨ । ਸੋਨੀਪਤ ਦੇ ਆਨੰਦ ਬਿਰਧ ਆਸ਼ਰਮ ਵਿਖੇ ਪਿਛਲੇ ਦਿਨੀਂ ਉਨ੍ਹਾਂ ਦਾ ਦਿਹਾਂਤ ਹੋ ਗਿਆ। ਬੇਟੀਆਂ ਨੂੰ ਖ਼ਬਰ ਕੀਤੀ ਗਈ ਤਿੰਨਾਂ ਨੇ ਆਉਣ ਤੋਂ ਇਨਕਾਰ ਦਿੱਤਾ। ਇੱਕ ਨੇ ਸਸਕਾਰ ਲਈ 5100 ਰੁਪਏ ਭੇਜ ਕੇ ਪ੍ਰਬੰਧਕਾਂ ਨੂੰ ਖ਼ੁਦ ਅੰਤਿਮ ਸਸਕਾਰ ਕਰਨ ਲਈ ਕਿਹਾ। ਇੱਕ ਨੇ ਵੀਡਿਓ ਕਾਲ ਰਾਹੀਂ ਅਗਨ ਭੇਟ ਦੀ ਰਸਮ ਨੂੰ ਦੇਖਿਆ । ਸੁਣ-ਪੜ੍ਹ ਕੇ ਬੜੀ ਹੈਰਾਨੀ ਤੇ ਚਿੰਤਾ ਹੁੰਦੀ ਹੈ ਕਿ ਸਾਡੇ ਆਪਣੇ ਰਿਸ਼ਤੇ ਇੰਨੇ ਸਫੈਦ ਹੋ ਗਏ ਜਿੰਨਾਂ ਵਿੱਚ ਖ਼ੂਨ ਦਾ ਕੋਈ ਕਤਰਾ ਬਾਕੀ ਨਹੀਂ ਬਚਿਆ। ਹੁਣ ਤੱਕ ਅਸੀਂ ਇਹ ਸੁਣਦੇ ਤੇ ਦੇਖਦੇ ਆਏ ਹਾਂ ਕਿ ਧੀਆਂ ਮਾਂ-ਬਾਪ ਦਾ ਦੁੱਖ ਸੁਣਦੀਆਂ ਹਨ । ਅਰਥੀ ਨੂੰ ਖ਼ੁਦ ਮੋਢਾ ਦਿੰਦੀਆਂ ਪਰ ਕੁੱਝ ਅਜਿਹੀਆਂ ਵੀ ਹੁੰਦੀਆਂ ਹਨ। ਅਧਿਆਪਕ ਨੂੰ ਚੰਗੇ ਸਮਾਜ ਦਾ ਸਿਰਜਕ ਮੰਨਿਆ ਜਾਂਦਾ ਹੈ ? ਕਿਤੇ ਨਾ ਕਿਤੇ ਇਨ੍ਹਾਂ ਨੇ ਇਸ ਪੇਸ਼ੇ ਦਾ ਵੀ ਨਿਰਾਦਰ ਕੀਤਾ ਹੈ। ਇਹ ਕਿਹੋ ਜਿਹੀ ਨਿਰਮੋਹੀ ਰੂਹ ਦੀਆਂ ਮਾਲਕ ਹਨ ਜੋ ਆਪਣੇ ਮਾਂ-ਪਿਓ ਦੇ ਕਦੇ ਵੀ ਨਾ ਉਤਾਰੇ ਜਾਣ ਵਾਲ਼ੇ ਕਰਜ਼ ਤੋਂ ਜਿਉਂਦੇ ਜੀਅ ਮੁੱਖ ਮੋੜ ਗਈਆਂ । ਅਜਿਹਾ ਵਰਤਾਰਾ ਦੇਖ ਸੁਣ ਕੇ ਇੱਕ ਗੱਲ ਜੋ ? ਸਾਡੇ ਸਾਰਿਆਂ ਦੇ ਜ਼ਿਹਨ ਵਿੱਚ ਆਉਂਦੀ ਹੈ ਕਿ ਬੱਚਿਆਂ ਨੂੰ ਇਹ ਦਿੱਤੀ ਜਾ ਰਹੀ ਰਸਮੀ ਸਿੱਖਿਆ ਤੋਂ ਵੀ ਅਤਿ ਜ਼ਰੂਰੀ ਨੈਤਿਕ ਗੁਣ ਤੇ ਸੰਸਕਾਰ ਦੇਣਾ ਹੈ ਜੋ ਚੰਗੇਰੇ ਸਮਾਜ ਦੇ ਨਿਰਮਾਣ ਲਈ ਜ਼ਰੂਰੀ ਹਨ ।

-ਲਾਭ ਸਿੰਘ ਸ਼ੇਰਗਿੱਲ, ਅੱਧੀ ਟਿੱਬੀ ਬਡਰੁੱਖਾਂ (ਸੰਗਰੂਰ)

ਗੰਭੀਰ ਮੁੱਦਾ ਨਸ਼ਿਆਂ ਦਾ ਵਰਤਾਰਾ

ਅੱਜ ਨਸ਼ਿਆਂ ਦਾ ਪਸਾਰਾ ਪੂਰੀ ਦੁਨੀਆ ਵਿੱਚ ਫੈਲ ਚੁੱਕਿਆ ਹੈ। ਪੰਜਾਬ ਅੰਦਰ ਬਹੁ ਗਿਣਤੀ ਨੌਜਵਾਨਾਂ ਨੂੰ ਨਸ਼ੀਲੇ ਪਦਾਰਥਾਂ ਨੇ ਆਪਣੀ ਗ਼ਿਰਫ਼ਤ ਵਿੱਚ ਲੈ ਲਿਆ ਹੈ। ਪੰਜਾਬ ਅੰਦਰ ਨੌਜਵਾਨਾਂ ਚ ਨਸ਼ੇ ਦੀ ਸਮੱਸਿਆ ਇੱਕ ਗੰਭੀਰ ਸੰਕਟ ਦੇ ਰੂਪ ਵਿੱਚ ਉਭਰ ਰਹੀ ਹੈ।ਸੀਮਾ ਸੁਰੱਖਿਆ ਬਲ ਦੀ ਲਗਾਤਾਰ ਨਿਗਰਾਨੀ ਦੇ ਬਾਵਜੂਦ ਅਜਿਹੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆ । ਹਾਲ ਹੀ ਵਿੱਚ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵਿੱਚ ਤਕਰੀਬਨ 170 ਕਰੋੜ ਤੋਂ ਵੱਧ ਰੁਪਏ ਦੀ ਹੈਰੋਇਨ ਨਾਲ ਇੱਕ ਮਹਿਲਾ ਤੇ ਉਸਦੇ ਸਾਥੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ। ਪਿੱਛੇ ਜੇ ਛੋਟੇ ਬੱਚਿਆਂ ਨੂੰ ਵੀ ਥੋੜੇ ਬਹੁਤ ਪੈਸਿਆਂ ਦਾ ਲਾਲਚ ਦੇ ਕੇ ਗੈਰ ਕਾਨੂੰਨੀ ਕੰਮ ਵਿੱਚ ਸ਼ਾਮਿਲ ਕੀਤਾ ਗਿਆ ਸੀ। ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨਾਂ ਤੇ ਨਾਬਾਲਗ ਬੱਚਿਆਂ ਨੂੰ ਇਸ ਗੋਰਖ ਧੰਦੇ ਵਿੱਚ ਗ਼ਿਰਫ਼ਤਾਰ ਵੀ ਕੀਤਾ ਗਿਆ ਹੈ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਦੀ ਗ਼ਿਰਫ਼ਤਾਰੀ ਵੀ ਹੋਈ ਹੈ। ਸੰਜ਼ੀਦਾ ਯਤਨਾਂ ਦੀ ਜ਼ਰੂਰਤ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ

ਝੁਕਾਨੇ ਵਾਲੇ ਚਾਹੀਏ

ਜੈੱਨ ਜ਼ੀ ਤਾਂ ਅਜੇ ਵੀ ਦਨਦਨਾਉਂਦਾ ਫਿਰਦਾ ਹੈ ਅੰਦੋਲਨ ਦੇ ਮੈਦਾਨ ਵਿੱਚ ਅਤੇ ਜੈੱਨ ਅਲਫ਼ਾ ਵੀ ਅੰਗੜਾਈਆਂ ਲੈ ਰਿਹਾ ਹੈ। ਪਰ ਸ਼ਾਸਕ ਅਤੇ ਪ੍ਰਸ਼ਾਸਕ ਸਮਝਦੇ ਹਨ ਕਿ ਯੁੱਗ ਪਲਟਾਊ ਬਦਲਾਅ ਦਾ ਖ਼ਤਰਾ ਟਲ ਗਿਆ ਹੈ ਅਤੇ ਅੱਧੀ ਰਾਤ ਨੂੰ ਉਘਾੜੀਆਂ ਅੱਖਾਂ ਨੂੰ ਹੁਣ ਸਸਤਾਉਣ ਦੇਣਾ ਚਾਹੀਦਾ ਹੈ। ਸਾਡੇ ਹਿਸਾਬ ਮੁਤਾਬਕ ਤਤਕਾਲੀ ਸੱਤਾਧਾਰੀਆਂ ਦਾ ਅਜਿਹੇ ਸੁਪਨੇ ਲੈਣਾ ਠੀਕ ਨਹੀਂ ਹੈ ਕਿ ਪਹਿਲਾਂ ਵਾਂਗ ਸਭ ਅੱਛਾ ਹੈ ਜਾਂ ਜਲਦ ਹੋ ਜਾਵੇਗਾ।

ਸਾਡਾ ਵਿਚਾਰ ਹੈ ਕਿ ਸ਼ੇਰ ਜਦ ਜਾਗਦਾ ਹੈ, ਉਹ ਤੁਰੰਤ ਕਿਰਿਆਸ਼ੀਲ ਹੋ ਜਾਂਦਾ ਹੈ ਅਤੇ ਜਦ ਤੱਕ ਨਵਾਂ ਸ਼ਿਕਾਰ ਕਰਕੇ ਤਰੋਤਾਜ਼ੇ ਮੀਟ ਨਾਲ ਪੇਟ ਭਰ ਨਹੀਂ ਲੈਂਦਾ, ਸੌਣ ਦਾ ਆਹਰ ਨਹੀਂ ਕਰਦਾ। ਜੈੱਨ ਜ਼ੀ ਨੇ ਸਿੱਖਿਆ ਮੰਤਰੀ, ਧਰਮਿੰਦਰ ਪ੍ਰਧਾਨ ਨੂੰ ਤਿਆਗ ਪੱਤਰ ਦੇਣ ਲਈ ਮਜਬੂਰ ਕਰਕੇ ਸਰਕਾਰ ਵਿਰੁੱਧ ਆਪਣੀ ਪਹਿਲ, ਪਲੱਕੜੀ ਮੰਗ ਮੰਨਵਾ ਲਈ ਹੈ। ਇਹ ਉਫੈਨਸਿਵ ਅਥਵਾ ਠੋਕਣ ਵਾਲੀ ਮੰਗ ਸੀ, ਪਰ ਦੂਜੀਆਂ ਦੋ ਡੀਫ਼ੈਨਸਿੱਵ ਮੰਗਾਂ; ਸਾਰੀਆਂ ਐੱਫ਼ ਆਈ ਆਰਜ਼ ਵਾਪਸ ਲਓ ਅਤੇ ਨੀਟ-ਯੂ ਜੀ ਦੇ ਪੇਪਰ ਲੀਕੇਜ ਉਪਰੰਤ ਜਿਨ੍ਹਾਂ ਪੀੜਤ ਬਾਈ ਪ੍ਰੀਖਿਆਰਥੀਆਂ ਨੇ ਪਤੰਗੇ ਬਣ ਕੇ ਸ਼ਮ੍ਹਾਂ ਉਪਰ ਆਪਾ ਕੁਰਬਾਨ ਕੀਤਾ, ਉਨ੍ਹਾਂ ਦੇ ਬਾਈ ਮਾਪਿਆਂ ਨੂੰ ਕੁਝ ਧਰਵਾਸ ਦੇਣ ਵਾਸਤੇ ਇੱਕ-ਇੱਕ ਕਰੋੜ ਰੁਪਏ ਦੀ ਰਾਸ਼ੀ ਪ੍ਰਦਾਨ ਕਰੋ, ਅਜੇ ਵਿੱਚ-ਵਿਚਾਲੇ ਹਨ।

ਪਹਿਲੀ ਨੀਟ ਪ੍ਰੀਖਿਆ ਮੌਕੇ ਤਕਰੀਬਨ 24 ਲੱਖ ਉਮੀਦਵਾਰਾਂ ਨੇ ਪ੍ਰੀਖਿਆ ਦਿੱਤੀ ਸੀ, ਪਰ ਦੂਜੀ ਪ੍ਰੀਖਿਆ ਵਿੱਚ ਲੱਗਭੱਗ 22 ਲੱਖ ਪ੍ਰਤਿਆਸ਼ੀ ਹੀ ਪ੍ਰਗਟ ਹੋਏ। ਬਚੇ 2 ਕੁ ਲੱਖ ਨੌਜਵਾਨ, ਬੇਟੇ ਅਤੇ ਬੇਟੀਆਂ, ਤਿਲ-ਤਿਲ ਕਰਕੇ ਮੌਤ ਵੱਲ ਜਾ ਰਹੇ ਹਨ। ਉਨ੍ਹਾਂ ਦੀ ਸਾਰ ਲੈਣ ਵਾਲਾ ਕੋਈ ਨਹੀਂ ਲੱਗਦਾ ਹੈ। ਨਿਰਸੰਦੇਹ ਇਹ ਅਤਿ ਗਰੀਬ ਅਤੇ ਹੇਠਲੀ ਪੱਧਰ ਦੇ ਮੱਧਵਰਗੀ ਪਰਵਾਰਾਂ ਦੇ ਬੱਚੇ ਹੋਣਗੇ, ਜਿਹੜੇ ਕਿ ਦੁਬਾਰਾ ਤਿਆਰੀ ਵਾਸਤੇ ਕੋਚਿੰਗ ਸੈਂਟਰਾਂ ਦੀਆਂ ਭਾਰੀ-ਭਰਕਮ ਫੀਸਾਂ ਭਰਨ ਤੋਂ ਅਸਮਰੱਥ ਹੋਣਗੇ। ਜੇ ਸਰਕਾਰ ਮੌਕਾ ਸੰਭਾਲ ਕੇ ਉਨ੍ਹਾਂ ਦੀ ਮੁਫ਼ਤ ਸਿਖਲਾਈ ਦਾ ਪ੍ਰਬੰਧ ਕਰ ਦਿੰਦੀ, ਤਦ ਰਿਸ ਰਹੇ ਜ਼ਖ਼ਮਾਂ ਉਪਰ ਮੱਲ੍ਹਮ ਪੱਟੀ ਕਰਨ ਨਾਲ ਚੀਸ ਘਟ ਜਾਣੀ ਸੀ।

ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ

1 ਅਗਸਤ, 2026 ਨੂੰ ਮਾਨਯੋਗ ਰਾਸ਼ਟਰਪਤੀ ਨੇ ਦਸਤਖਤ ਕਰਕੇ ਨਵਾਂ ਸੋਧ ਬਿੱਲ ਕਾਨੂੰਨ ਬਣਾ ਦਿੱਤਾ ਹੈ। ਅਸੀਂ ਇਸ ਉੱਦਮ ਦਾ ਸੁਆਗਤ ਕਰਦੇ ਹਾਂ। ਹੁਣ ਲੱਗਦਾ ਹੈ ਕਿ ਪੇਪਰ ਕਰਨ-ਕਰਾਉਣ ਵਾਲਿਆਂ ਜਾਂ ਨਕਲ ਕਰਨ-ਕਰਾਉਣ ਵਾਲਿਆਂ ਦੀ ਖੈਰ ਨਹੀਂ ਹੈ। ਜੇ ਉਨ੍ਹਾਂ ਵਿੱਚੋਂ ਕੋਈ ਦੋਸ਼ੀ ਰੰਗੇ ਹੱਥੀਂ ਫੜਿਆ ਜਾਂਦਾ ਹੈ ਤਾਂ ਘੱਟੋ-ਘੱਟ 5 ਸਾਲ ਦੀ ਸਜ਼ਾ ਅਤੇ 50 ਲੱਖ ਰੁਪਏ ਜੁਰਮਾਨਾ ਭਰਨਾ ਪਵੇਗਾ, ਪਰ ਜੇ ਕੋਈ ਸੰਸਥਾ ਜਾਂ ਸੰਗਠਨ ਹੀ ਇਹੀ ਕਾਰਾ ਕਰੇ ਤਾਂ 7 ਤੋਂ 10 ਸਾਲ ਜੇਲ੍ਹ ਅਤੇ 10 ਕਰੋੜ ਤੱਕ ਦਾ ਜੁਰਮਾਨਾ ਦੇਣਾ ਪਵੇਗਾ। ਸਾਡੀ ਸੋਚ ਇਹ ਹੈ ਕਿ ਦੋਸ਼ੀਆਂ ਵਿੱਚੋਂ ਵੱਡੇ ਦੋਸ਼ੀ, ਸਿੱਖਿਆ ਮੰਤਰੀ ਨੂੰ ਵੀ ਸ਼ਾਮਲ ਕਰਨਾ ਚਾਹੀਦਾ ਹੈ, ਕਿਉਂਕਿ (ਕਾਅਬੇ) ਵਿੱਚ ਕੁਫ਼ਰ ਨਹੀਂ ਚਾਹੀਦਾ। ਜਦ ਦੇਸ਼ ਭਰ ਵਿੱਚ ਇਹ ਗੂੰਜਾਂ ਪੈ ਰਹੀਆਂ ਹਨ ਕਿ 'ਮੋਦੀ ਹੈ ਤੋ ਮੁਮਕਿਨ ਹੈ' ਤਦ ਇਹ ਮੁਮਕਿਨ ਨਹੀਂ ਸੀ ਜਾਂ ਹੈ ?

ਸਿਰਫ਼ ਪ੍ਰੀਖਿਆ ਪ੍ਰਬੰਧ ਵਿੱਚ ਹੀ ਅਤਿ ਲੋੜੀਂਦੇ ਸੁਧਾਰ ਕਰਕੇ ਕੰਮ ਨਹੀਂ ਬਣਨਾ ਕਿ ਇਹ ਸਭ ਲੀਕੇਜ-ਪਰੂਫ ਅਤੇ ਨਕਲ-ਪਰੂਫ ਬਣ ਜਾਵੇਗਾ। ਸਾਡੀ ਸੋਚ ਹੈ ਕਿ ਸਿੱਖਿਆ ਸਿਸਟਮ ਜਿਹੜਾ ਕਿ ਕੈਂਸਰ ਦੀ ਦੂਜੀ ਸਟੇਜ ਵਿੱਚ ਪ੍ਰਵੇਸ਼ ਕਰ ਗਿਆ ਲੱਗਦਾ ਹੈ, ਉਸ ਨੂੰ ਹੀ ਓਵਰਹਾਲ ਕਰਨਾ ਪਵੇਗਾ। ਪਿਛਲੇ 12 ਸਾਲਾਂ ਵਿੱਚ ਪਹਿਲੇ ਤਿਰੰਗੇ ਵਾਲੇ ਸਿੱਖਿਆ ਸਿਸਟਮ ਨੂੰ ਭਗਵਾਂ ਰੰਗ ਚਾੜ੍ਹ ਦਿੱਤਾ ਗਿਆ ਹੈ। ਤਿਰੰਗੇ ਸਿਸਟਮ ਦੇ ਤਿੰਨ ਰੰਗ ਸਨ : ਸੰਵਿਧਾਨ ਅਨੁਸਾਰ ਧਰਮ ਨਿਰਪੱਖਤਾ, ਜਮਹੂਰੀਅਤ ਅਤੇ ਸਮਾਜਿਕ ਇਨਸਾਫ਼, ਪਰ ਜੇ 1975 ਵਾਲੀ ਐਮਰਜੈਂਸੀ ਵੀ ਅੱਜ ਪੜ੍ਹਾਉਣੀ ਹੈ ਤਦ ਜੇ ਅਤੇ ਇਹ ਜੇ ਵੱਡੀ ਹੈ, ਕੇਂਦਰੀ ਸਰਕਾਰ ਬਦਲ ਗਈ, ਤਦ ਕੀ ਲੋਕਤੰਤਰ ਦੀ ਥਾਂ ਭਾਸਦਾ ਭਗਵਾਂ ਰਾਜਤੰਤਰ ਪੜ੍ਹਾਉਣਾ ਵਾਜਬ ਹੋਵੇਗਾ ?

ਸਿੱਖਿਆ ਸਿਸਟਮ ਨੂੰ ਪਹਿਲਾਂ ਵਾਲਾ ਕਿੱਤਾ ਮੁਖੀ ਅਤੇ ਰੁਜ਼ਗਾਰ ਮੁਖੀ ਅਤੇ ਕਦਰਾਂ-ਕੀਮਤਾਂ ਨਾਲ ਸੰਚਾਰ ਸਿੱਖਿਆ ਸਿਸਟਮ ਲਿਆਉਣਾ ਅਸੰਭਵ ਪ੍ਰਤੀਤ ਹੁੰਦਾ ਹੈ, ਕਿਉਂਕਿ 'ਯਥਾ ਰਾਜਾ, ਤਥਾ ਪਰਜਾ' ਦਾ ਹੀ ਬੋਲਬਾਲਾ ਹੋ ਰਿਹਾ ਹੈ, ਪਰ ਲੋਕਤੰਤਰ ਦੀ ਅੰਤਰ ਆਤਮਾ ਤਾਂ ਹੈ: 'ਯਥਾ ਪਰਜਾ, ਤਥਾ ਰਾਜਾ'। ਜੇ ਇਹ ਅੰਤਰ ਆਤਮਾ ਜਾਗੇਗੀ, ਤਦ ਹੀ ਵਿਆਪਕ ਸੁਧਾਰ ਸੰਭਵ ਹਨ ਅਤੇ ਸੰਭਵ ਬਣਾਏ ਜਾਣੇ ਚਾਹੀਦੇ ਹਨ। ਅਸੀਂ ਇੱਕ ਹੋਰ ਜੈੱਨ ਜ਼ੀ ਅਤੇ ਅਲਫ਼ਾ ਸੰਘਰਸ਼ ਦੀ ਆਹਟ ਅਨੁਭਵ ਕਰ ਰਹੇ ਹਾਂ, ਜਿਵੇਂ ਭੂਚਾਲ ਆਉਣ ਸਮੇਂ ਹਰ ਪਾਸੇ ਥੋੜ੍ਹੀ, ਬਹੁਤੀ ਹਿਲਜੁੱਲ ਹੋਣ ਨਾਲ ਪਤਾ ਲੱਗ ਜਾਂਦਾ ਹੈ, ਪਰ ਭੂਚਾਲ ਵਿਗਿਆਨੀ ਹੀ ਮਗਰੋਂ ਦੱਸਦੇ ਹਨ ਕਿ ਰਿਕਟਰ ਸਕੇਲ ਉੱਤੇ ਕਿੰਨੇ ਦਰਜੇ ਦਾ ਭੂਚਾਲ ਆਇਆ ਹੈ ਅਤੇ ਕਿੰਨਾ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ। ਦਰਅਸਲ, ਜਦ ਤੋਂ ਗੁਆਂਢੀ ਦੇਸ਼ ਨੇਪਾਲ ਵਿੱਚ ਜੈੱਨ ਜ਼ੀ ਨੇ 'ਅਵਤਾਰ' ਧਾਰ ਕੇ ਹਾਕਮਾਂ ਦਾ ਘਿਰਾਉ ਕਰਕੇ, ਕੁਰਸੀਆਂ ਤੋਂ ਘਸੀਟ ਕੇ ਉਨ੍ਹਾਂ ਦੀਆਂ ਸੜਕਾਂ ਉਪਰ ਭਾਜੜਾਂ ਪੁਆਈਆਂ ਹਨ, ਸਰਕਾਰਾਂ ਅੰਦਰੋਂ ਡਰੀਆਂ ਹੋਈਆਂ ਹਨ, ਪਰ ਬਾਹਰੋਂ ਲੋਕਾਂ ਨੂੰ ਡਰਾ ਰਹੀਆਂ ਹਨ। ਜਿੱਥੋਂ ਤੱਕ ਮੌਜੂਦਾ ਸਿੱਖਿਆ ਪ੍ਰਬੰਧ ਵਿੱਚ ਨੇੜ-ਰਸ ਸੁਧਾਰਾਂ ਦਾ ਸੰਬੰਧ ਹੈ, ਅਸੀਂ ਇਹ ਸੁਝਾਅ ਦਿਆਂਗੇ ਕਿ ਸਭ ਪਾਰਟੀਆਂ ਨਿਰਾ ਵਿਧਾਨ ਸਭਾਵਾਂ ਜਾਂ ਸੰਸਦ ਵਿੱਚ ਹੀ ਆਪਣੇ ਵਿਚਾਰ ਪੇਸ਼ ਨਾ ਕਰਨ, ਸਗੋਂ ਪਬਲਿ

ਸੱਤਾ 'ਤੇ ਕਾਬਜ਼ ਪਾਰਟੀਆਂ ਨੇ ਕਾਰਪੋਰੇਟ ਘਰਾਣਿਆਂ ਦੀ ਅਧੀਨਗੀ ਹੇਠ ਦੇਸ਼ ਦੇ ਕਿਰਤੀ ਵਰਗ ਨੂੰ ਹਾਸ਼ੀਏ 'ਤੇ ਧੱਕ ਦਿੱਤਾ : ਜਗਰੂਪ

ਭਾਰਤੀ ਕਮਿਊਨਿਸਟ ਪਾਰਟੀ ਨੇ ਮੋਗਾ 'ਚ ਕੀਤੀ ਕੇਡਰ ਕਨਵੈਨਸ਼ਨ

ਮੋਗਾ (ਇਕਬਾਲ ਸਿੰਘ ਖਿਹਰਾ) - ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇੱਥੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਕੇਡਰ ਕਨਵੈਨਸ਼ਨ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਜਗਰੂਪ ਨੇ ਕਿਹਾ ਮੌਜੂਦਾ ਸਮੇਂ ਸੱਤਾ ਉੱਤੇ ਕਾਬਜ਼ ਪਾਰਟੀਆਂ ਨੇ ਪੂਰੀ ਤਰ੍ਹਾਂ ਕਾਰਪੋਰੇਟ ਘਰਾਣਿਆਂ ਦੀ ਅਧੀਨਗੀ ਹੇਠ ਦੇਸ਼ ਦੇ ਕਿਰਤੀ ਵਰਗ ਨੂੰ ਹਾਸ਼ੀਏ ਉੱਤੇ ਧੱਕ ਦਿੱਤਾ ਹੈ।ਦੇਸ਼ ਦੀ ਜਵਾਨੀ ਨੂੰ ਰੁਜ਼ਗਾਰ ਦੇਣ ਦੀ ਬਜਾਏ, ਉਹਨਾਂ ਨੂੰ ਕਾਕਰੋਚ ਵਜੋਂ ਸੰਬੋਧਨ ਕਰਨਾ, ਇਹ ਨੌਜਵਾਨ ਪੀੜ੍ਹੀ ਦਾ ਘੋਰ ਅਪਮਾਨ ਹੈ।ਮਜ਼ਦੂਰਾਂ- ਕਿਸਾਨਾਂ-ਮੁਲਾਜ਼ਮਾਂ ਦਾ ਜੀਵਨ ਸੁਖਾਲਾ ਕਰਨ ਦੀ ਬਜਾਏ, ਉਨ੍ਹਾਂ ਨੂੰ ਆਰਥਿਕ ਤੌਰ ਉੱਤੇ ਦਿਨੋਂ ਦਿਨ ਹੋਰ ਨਪੀੜ ਕੇ, ਵਿੱਤੀ ਸਰਮਾਏ/ਵਿਆਜੂ ਰੁਪਏ ਦੇ ਗੁਲਾਮ ਬਣਾਇਆ ਜਾ ਰਿਹਾ ਹੈ।ਵਿੱਦਿਆ ਦੀ ਨਿਲਾਮੀ ਕਰਕੇ ਵਿਦਿਆਰਥੀਆਂ ਦਾ ਭਵਿੱਖ ਹਨੇਰੇ ਵੱਲ ਤੋਰਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਦੇ ਸਭ ਕਿਰਤੀ ਤਬਕਿਆਂ ਨੂੰ ਇੱਕਜੁੱਟ ਹੋ ਭਾਜਪਾ ਦੀ ਫਿਰਕੂ ਫੁੱਟ ਤੇ ਕਾਰਪੋਰੇਟ ਲੁੱਟ ਦੀ ਨੀਤੀ ਨੂੰ ਹਰਾਉਣਾ ਅੱਜ ਦੀ ਲੋੜ ਹੈ, ਉਨ੍ਹਾਂ ਕਿਹਾ ਕੇ ਦੇਸ਼ ਦੇਸ਼ ਸਭ ਧਰਮਾਂ ਤੇ ਇਲਾਕਿਆਂ ਦੇ ਲੋਕਾਂ ਨੇ ਇੱਕਜੁੱਟ ਹੋ ਕੇ ਕਿਸਾਨ ਅੰਦੋਲਨ ਤੇ ਹੁਣ ਦਿੱਲੀ ਵਿਦਿਆਰਥੀ ਅੰਦੋਲਨ ਜਿੱਤ ਕੇ ਮਿਸਾਲ ਬਣੇ ਹਨ।ਅੱਜ ਏ. ਆਈ. ਤਕਨੀਕ ਵਾਧੇ ਦੇ ਦੌਰ ਵਿੱਚ ਜਦੋਂ ਨਵੇਂ ਰੁਜ਼ਗਾਰ ਪੈਦਾ ਕਰਕੇ ਲੋਕਾਂ ਨੂੰ ਸੁਖਾਲੇ ਕਰਨ ਦੀ ਜ਼ਰੂਰਤ ਹੈ, ਉਦੋਂ ਦੇਸ਼ ਦੇ ਪਾਰਲੀਮੈਂਟ ਵਿੱਚ ਰੁਜ਼ਗਾਰ ਦਾ ਕਨੂੰਨ ਸਥਾਪਤ ਕਰਨਾ ਦੇਸ਼ ਦਾ ਮੁੱਖ ਸਵਾਲ ਹੈ।ਇਹ ਕਨੂੰਨ ਸਥਾਪਤ ਕੀਤੇ ਬਗੈਰ ਦੇਸ਼ ਦੇ ਵੱਖ ਵੱਖ ਤਬਕਿਆਂ ਤੇ ਕਿੱਤਿਆਂ ਨੂੰ ਬਚਾਇਆ ਨਹੀਂ ਜਾ ਸਕਦਾ।ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਜੋ ਪਾਰਲੀਮੈਂਟ ਦੁਆਰਾ ਸਭਨਾਂ ਨੂੰ ਰੁਜ਼ਗਾਰ ਜਾਂ ਰੁਜ਼ਗਾਰ ਇੰਤਜ਼ਾਰ ਭੱਤਾ ਦੀ ਗਰੰਟੀ ਕਰੇਗਾ, ਇਹ ਕਨੂੰਨ ਸਥਾਪਤ ਕਰਵਾਉਣ ਲਈ ਵਿਸ਼ਾਲ ਲਾਮਬੰਦੀ ਦੀ ਲੋੜ ਹੈ।ਕਾਮਰੇਡ ਜਗਰੂਪ ਨੇ ਕਿਹਾ ਕਿ ਲੋਕਾਂ ਦੇ ਭੱਖਦੇ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਹੀ ਭਾਰਤੀ ਕਮਿਊਨਿਸਟ ਪਾਰਟੀ ਇਕ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਵਿਸ਼ਾਲ ਰੈਲੀ ਕਰ ਰਹੀ ਹੈ, ਇਸ ਰੈਲੀ ਲਈ ਪੰਜਾਬ ਵਿਚੋਂ ਜ਼ੋਰ ਸ਼ੋਰ ਨਾਲ ਲੰਮਬੰਦੀ ਹੋ ਰਹੀ ਹੈ।ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਨੇ ਕਿਹਾ ਕਿ ਪਾਰਟੀ ਲੋਕ ਮੁੱਦਿਆਂ ਨੂੰ ਲੈ ਕੇ ਜ਼ਿਲ੍ਹੇ ਦੇ ਪਿੰਡਾਂ ਸ਼ਹਿਰਾਂ ਵਿੱਚ ਪਦ ਯਾਤਰਾ ਕਰ ਰਹੀ ਹੈ, ਇਸ ਪੈਦਲ ਯਾਤਰਾ ਦੌਰਾਨ ਨੌਜਵਾਨ ਪੀੜ੍ਹੀ ਲਈ ਰੁਜ਼ਗਾਰ ਤੇ ਵਿੱਦਿਆ, ਕਿਸਾਨਾਂ ਲਈ ਐੱਮ ਐੱਸ ਪੀ ਦਾ ਕਨੂੰਨ, ਮਜ਼ਦੂਰਾਂ ਲਈ ਦੋ ਸੌ ਦਿਨ ਸਾਲਾਨਾ ਕੰਮ ਦਾ ਕਨੂੰਨ ਤੇ ਹਜ਼ਾਰ ਰੁਪਏ ਦਿਹਾੜੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ ਤੇ ਸਭਨਾਂ ਲਈ ਦਸ ਹਜ਼ਾਰ ਪੈਨਸ਼ਨ, ਦੁਕਾਨਦਾਰੀ ਦਾ ਭਵਿੱਖ ਸੁਰੱਖਿਅਤ ਕਰਨ, ਨਸ਼ੇ ਤੇ ਲੁੱਟਾਂ ਖੋਹਾਂ ਜਿਹੇ ਮੁੱਦੇ ਲੋਕਾਂ ਵਿੱਚ ਲਿਜਾ ਕੇ, ਉਨ੍ਹਾਂ ਨੂੰ ਲਾਮਬੰਦ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਜਿੰਦਰ ਮਹੇਸਰੀ, ਡਾ. ਇੰਦਰਵੀਰ ਗਿੱਲ, ਜਗਜੀਤ ਸਿੰਘ ਧੂੜਕੋਟ, ਸ਼ੇਰ ਸਿੰਘ ਦੌਲਤਪੁਰਾ, ਸਵਰਾਜ ਸਿੰਘ ਢੁੱਡੀਕੇ, ਜਗਸੀਰ ਸਿੰਘ ਖੋਸਾ, ਗੁਰਚਰਨ ਕੌਰ ਮੋਗਾ, ਮੁਖਤਿਆਰ ਸਿੰਘ ਮੋਗਾ, ਸਵਰਨ ਸਿੰਘ ਖੋਸਾ, ਸੁਖਦੇਵ ਸਿੰਘ ਭੋਲਾ, ਬਚਿੱਤਰ ਸਿੰਘ ਧੋਥੜ, ਮਹਿੰਦਰ ਸਿੰਘ ਧੂੜਕੋਟ, ਗੁਰਦਿੱਤ ਦੀਨਾ, ਪੋਹਲਾ ਸਿੰਘ ਬਰਾੜ, ਇਕਬਾਲ ਸਿੰਘ ਤਖਾਣਵੱਧ, ਗੁਰਮੇਲ ਸਿੰਘ ਨਾਹਰ, ਸਰਬਜੀਤ ਕੌਰ ਖੋਸਾ, ਹਰਪ੍ਰੀਤ ਬਾਵਾ, ਕੇਵਲ ਸਿੰਘ ਰਾਊਕੇ, ਭੁਪਿੰਦਰ ਸਿੰਘ ਸੋਢੀ, ਇੰਦਰਜੀਤ ਦੀਨਾ, ਮਾਸਟਰ ਬਲਵਿੰਦਰ ਸਿੰਘ ਬੁੱਧ ਸਿੰਘ ਵਾਲਾ, ਜਗਵਿੰਦਰ ਕਾਕਾ, ਬੋਹੜ ਸਿੰਘ ਬੁੱਟਰ, ਸਿਕੰਦਰ ਸਿੰਘ ਮਧੇਕੇ, ਪਾਲ ਸਿੰਘ ਧੂੜਕੋਟ, ਮੰਗਤ ਰਾਏ ਨਿਹਾਲ ਸਿੰਘ ਵਾਲਾ, ਬੂਟਾ ਸਿੰਘ ਭੱਟੀ, ਬਿੰਦਰ ਸਿੰਘ ਝੰਡੇਆਣਾ, ਸਤਵੰਤ ਸਿੰਘ ਖੋਟੇ।

ਨੌਜਵਾਨ ਦੀ ਲਾਸ਼ ਚੌਕ 'ਚ ਰੱਖ ਕੇ ਲਾਇਆ ਧਰਨਾ

ਪੁਲਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼

ਤਲਵੰਡੀ ਸਾਬੋ (ਜਗਦੀਪ ਗਿੱਲ)-ਬੀਤੇ 4 ਅਗਸਤ ਸ਼ਾਮ ਨੂੰ ਤਲਵੰਡੀ ਸਾਬੋ-ਮਲਕਾਣਾ ਰੋਡ ਉੱਪਰ ਇੱਕ ਕਾਰ ਤੇ ਮੋਟਸਾਈਕਲ ਦੀ ਟੱਕਰ ਦੌਰਾਨ ਪਿੰਡ ਮਲਕਾਣਾ ਦੇ ਨੌਜਵਾਨ ਦੀ ਹੋਈ ਮੌਤ ਬਾਬਤ ਕਾਰ ਚਾਲਕਾਂ 'ਤੇ ਰਾਮਾਂ ਮੰਡੀ ਪੁਲਸ ਵੱਲੋਂ ਕੋਈ ਕਾਰਵਾਈ ਨਾ ਕਰਨ ਦੇ ਕਥਿਤ ਦੋਸ਼ ਲਾਉਂਦਿਆਂ ਮ੍ਰਿਤਕ ਨੌਜਵਾਨ ਜਗਦੀਪ ਸਿੰਘ (29) ਦੇ ਪਰਿਵਾਰਕ ਮੈਂਬਰਾਂ ਤੇ ਵੱਡੀ ਗਿਣਤੀ ਪਿੰਡ ਮਲਕਾਣਾ ਵਾਸੀਆਂ ਨੇ ਮ੍ਰਿਤਕ ਨੌਜਵਾਨ ਦੀ ਦੇਹ ਸਥਾਨਕ ਨਿਸ਼ਾਨ ਏ ਖਾਲਸਾ ਚੌਕ 'ਚ ਰੱਖ ਕੇ ਧਰਨਾ ਆਰੰਭ ਦਿੱਤਾ ਹੈ।ਜ਼ਿਕਰਯੋਗ ਹੈ ਕਿ ਉਕਤ ਹਾਦਸੇ ਵਾਲੀ ਘਟਨਾ ਰਾਮਾ ਮੰਡੀ ਪੁਲਸ ਥਾਣੇ ਦੇ ਹਦੂਦ ਏਰੀਏ ਵਿੱਚ ਪੈਂਦੀ ਹੈ।ਮ੍ਰਿਤਕ ਦੇ ਵਾਰਿਸਾਂ ਮੁਤਾਬਿਕ ਜਦੋਂ ਤੱਕ ਕਾਰ ਚਾਲਕਾਂ ਨੂੰ ਰਾਮਾ ਮੰਡੀ ਪੁਲਸ ਵੱਲੋਂ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਨਹੀਂ ਕੀਤਾ ਜਾਵੇਗਾ।ਧਰਨੇ ਕਾਰਨ ਵੱਡੇ ਪੱਧਰ 'ਤੇ ਸੜਕੀ ਆਵਾਜਾਈ ਪ੍ਰਭਾਵਤ ਹੋ ਰਹੀ ਹੈ।

ਜੇਲ੍ਹ 'ਚੋਂ ਤਿੰਨ ਮੋਬਾਇਲ ਫੋਨ ਬਰਾਮਦ, ਦੋ ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਵਿੱਚ ਗੈਰ-ਕਾਨੂੰਨੀ ਵਸਤੂਆਂ ਦੀ ਰੋਕਥਾਮ ਲਈ ਜੇਲ੍ਹ ਪ੍ਰਸ਼ਾਸਨ ਵੱਲੋਂ ਲਗਾਤਾਰ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਤਹਿਤ ਕੀਤੀ ਗਈ ਤਾਜ਼ਾ ਕਾਰਵਾਈ ਦੌਰਾਨ ਜੇਲ੍ਹ ਅੰਦਰੋਂ ਕੁੱਲ ਤਿੰਨ ਮੋਬਾਇਲ ਫੋਨ ਬਰਾਮਦ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਬਰਾਮਦਗੀ ਤੋਂ ਬਾਅਦ ਜੇਲ੍ਹ ਪ੍ਰਸ਼ਾਸਨ ਦੀ ਸ਼ਿਕਾਇਤ ਦੇ ਆਧਾਰ 'ਤੇ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ ਪੰਜਾਬ ਪ੍ਰੀਜ਼ਨ ਸਰਵਿਸ ਕੋਰੈਕਸ਼ਨਲ ਐਕਟ 2026 ਦੀ ਧਾਰਾ 42 (1) ਅਧੀਨ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਅਨੁਸਾਰ ਜੇਲ੍ਹ ਅਧਿਕਾਰੀਆਂ ਨੇ ਵਿਸ਼ੇਸ਼ ਚੈਕਿੰਗ ਦੌਰਾਨ ਇੱਕ ਹਾਈ ਰਿਸਕ ਕੈਦੀ ਦੀ ਤਲਾਸ਼ੀ ਲਈ। ਇਸ ਦੌਰਾਨ ਉਸ ਕੋਲੋਂ ਇੱਕ ਮੋਬਾਇਲ ਫੋਨ ਸਿਮ ਕਾਰਡ ਸਮੇਤ ਮਿਲਿਆ। ਅਧਿਕਾਰੀਆਂ ਨੇ ਹੋਰ ਡੂੰਘਾਈ ਨਾਲ ਜਾਂਚ ਕੀਤੀ ਤਾਂ ਉਸ ਦੇ ਸਾਮਾਨ ਵਿੱਚੋਂ ਇੱਕ ਹੋਰ ਮੋਬਾਇਲ ਫੋਨ ਤੇ ਸਿਮ ਕਾਰਡ ਵੀ ਬਰਾਮਦ ਹੋ ਗਿਆ। ਇਸ ਕਾਰਵਾਈ ਤੋਂ ਬਾਅਦ ਜੇਲ੍ਹ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਵੀ ਕਈ ਸਵਾਲ ਖੜ੍ਹੇ ਹੋ ਰਹੇ ਹਨ। ਇਸ ਤੋਂ ਇਲਾਵਾ ਜੇਲ੍ਹ ਦੀ ਇੱਕ ਬੈਰਕ ਵਿੱਚ ਕੀਤੀ ਗਈ ਅਚਾਨਕ ਤਲਾਸ਼ੀ ਦੌਰਾਨ ਇੱਕ ਹੋਰ ਮੋਬਾਇਲ ਫੋਨ ਲਾਵਾਰਸ ਹਾਲਤ ਵਿੱਚ ਮਿਲਿਆ, ਜਿਸ ਵਿੱਚ ਕੋਈ ਸਿਮ ਕਾਰਡ ਨਹੀਂ ਸੀ। ਇਸ ਤਰ੍ਹਾਂ ਕੁੱਲ ਤਿੰਨ ਮੋਬਾਇਲ ਫੋਨਾਂ ਦੀ ਬਰਾਮਦਗੀ ਦਰਜ ਕੀਤੀ ਗਈ। ਜੇਲ੍ਹ ਪ੍ਰਸ਼ਾਸਨ ਨੇ ਤੁਰੰਤ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ, ਜਿਸ ਤੋਂ ਬਾਅਦ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਹਾਈ ਰਿਸਕ ਕੈਦੀ ਤੇ ਇੱਕ ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ।

ਨਜਾਇਜ਼ ਨੂਡਲਜ਼ ਫੈਕਟਰੀ 'ਤੇ ਸਿਹਤ ਵਿਭਾਗ ਦੀ ਵੱਡੀ ਕਾਰਵਾਈ

ਗੰਦਗੀ 'ਚ ਤਿਆਰ ਹੋ ਰਹੇ ਸਨ ਖਾਣ-ਪੀਣ ਦੇ ਪਦਾਰਥ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿਰੁੱਧ ਸਿਹਤ ਵਿਭਾਗ ਨੇ ਵੱਡੀ ਕਾਰਵਾਈ ਕਰਦਿਆਂ ਫਿਰੋਜ਼ਪੁਰ-ਮੋਗਾ ਰੋਡ ਸਥਿਤ ਇੱਕ ਨਿੱਜੀ ਕਾਲੋਨੀ ਵਿੱਚ ਚੱਲ ਰਹੀ ਕਥਿਤ ਨੂਡਲਜ਼ ਫੈਕਟਰੀ 'ਤੇ ਅਚਾਨਕ ਛਾਪੇਮਾਰੀ ਕੀਤੀ। ਗੁਪਤ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਇਸ ਕਾਰਵਾਈ ਦੌਰਾਨ ਵਿਭਾਗ ਦੀ ਟੀਮ ਨੇ ਫੈਕਟਰੀ ਵਿੱਚ ਅਜਿਹੀਆਂ ਗੰਭੀਰ ਬੇਨਿਯਮੀਆਂ ਦੇਖੀਆਂ, ਜਿਨ੍ਹਾਂ ਨੇ ਖਾਦ ਸੁਰੱਖਿਆ ਪ੍ਰਬੰਧਾਂ 'ਤੇ ਕਈ ਸਵਾਲ ਖੜ੍ਹੇ ਕਰ ਦਿੱਤੇ। ਜਾਂਚ ਮਗਰੋਂ ਵਿਭਾਗ ਨੇ ਫੈਕਟਰੀ ਨੂੰ ਸੀਲ ਕਰਨ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਆਰੰਭ ਦਿੱਤੀ ਹੈ। ਜਾਂਚ ਦੌਰਾਨ ਸਾਹਮਣੇ ਆਇਆ ਕਿ ਇਹ ਇਕਾਈ ਬਿਨਾਂ ਕਿਸੇ ਵੈਧ ਫੂਡ ਸੇਫਟੀ ਲਾਇਸੈਂਸ ਦੇ ਚਲਾਈ ਜਾ ਰਹੀ ਸੀ। ਫੈਕਟਰੀ ਵਿੱਚ ਸਫ਼ਾਈ ਦੇ ਪ੍ਰਬੰਧ ਬਹੁਤ ਹੀ ਮਾੜੇ ਪਾਏ ਗਏ। ਨੂਡਲਜ਼ ਤੇ ਹੋਰ ਖਾਦ ਪਦਾਰਥ ਅਜਿਹੇ ਮਾਹੌਲ ਵਿੱਚ ਤਿਆਰ ਕੀਤੇ ਜਾ ਰਹੇ ਸਨ, ਜਿੱਥੇ ਮੱਖੀਆਂ ਤੇ ਮੱਛਰਾਂ ਦੀ ਭਰਮਾਰ ਸੀ। ਹੋਰ ਵੀ ਹੈਰਾਨੀਜਨਕ ਗੱਲ ਇਹ ਸੀ ਕਿ ਨੂਡਲਜ਼ ਬਣਾਉਣ ਦੀ ਪ੍ਰਕਿਰਿਆ ਟਾਇਲਟ ਦੇ ਬਿਲਕੁਲ ਨੇੜੇ ਚੱਲ ਰਹੀ ਸੀ, ਜੋ ਖਾਦ ਸੁਰੱਖਿਆ ਦੇ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਇਸ ਤਰ੍ਹਾਂ ਦੀਆਂ ਸਥਿਤੀਆਂ ਵਿੱਚ ਤਿਆਰ ਕੀਤੇ ਗਏ ਖਾਣ-ਪੀਣ ਦੇ ਪਦਾਰਥ ਲੋਕਾਂ ਦੀ ਸਿਹਤ ਲਈ ਗੰਭੀਰ ਖਤਰਾ ਬਣ ਸਕਦੇ ਹਨ।

ਛਾਪੇਮਾਰੀ ਦੌਰਾਨ ਟੀਮ ਨੂੰ ਫੈਕਟਰੀ ਦੇ ਅੰਦਰ ਕੁਝ ਖਾਲੀ ਸ਼ਰਾਬ ਦੀਆਂ ਬੋਤਲਾਂ ਵੀ ਮਿਲੀਆਂ। ਵਿਭਾਗ ਨੇ ਇਨ੍ਹਾਂ ਸਮੇਤ ਹੋਰ ਸਾਰੇ ਤੱਥਾਂ ਨੂੰ ਜਾਂਚ ਦਾ ਹਿੱਸਾ ਬਣਾਇਆ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਫੈਕਟਰੀ ਵਿੱਚ ਹੋਰ ਕਿਸੇ ਕਿਸਮ ਦੀ ਬੇਨਿਯਮੀ ਤਾਂ ਨਹੀਂ ਹੋ ਰਹੀ ਸੀ। ਫੂਡ ਸੇਫਟੀ ਅਫਸਰ ਅਭਿਨਵ ਖੌਸਲਾ ਨੇ ਦੱਸਿਆ ਕਿ ਗੁਪਤ ਜਾਣਕਾਰੀ ਦੇ ਆਧਾਰ 'ਤੇ ਵਿਭਾਗ ਦੀ ਟੀਮ ਨੇ ਇਹ ਕਾਰਵਾਈ ਕੀਤੀ।

ਉਨ੍ਹਾਂ ਕਿਹਾ ਕਿ ਮੌਕੇ ਤੋਂ ਨੂਡਲਜ਼ ਤੇ ਹੋਰ ਖਾਧ ਪਦਾਰਥਾਂ ਦੇ ਸੈਂਪਲ ਇਕੱਠੇ ਕਰਕੇ ਜਾਂਚ ਲਈ ਪ੍ਰਯੋਗਸ਼ਾਲਾ ਭੇਜੇ ਗਏ ਹਨ। ਇਸ ਦੇ ਨਾਲ ਹੀ ਉਹ ਸਾਮਾਨ, ਜੋ ਮਿਆਰਾਂ ਅਨੁਸਾਰ ਠੀਕ ਨਹੀਂ ਸੀ ਜਾਂ ਸ਼ੱਕੀ ਹਾਲਤ ਵਿੱਚ ਮਿਲਿਆ, ਉਸ ਨੂੰ ਮੌਕੇ 'ਤੇ ਹੀ ਨਸ਼ਟ ਕਰਵਾਇਆ ਗਿਆ। ਅਧਿਕਾਰੀਆਂ ਮੁਤਾਬਕ ਫੈਕਟਰੀ ਕੋਲ ਨਾ ਤਾਂ ਕੋਈ ਵੈਧ ਲਾਇਸੈਂਸ ਸੀ ਤੇ ਨਾ ਹੀ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਤਹਿਤ ਲਾਜ਼ਮੀ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਸੀ। ਇਸ ਕਾਰਨ ਫੈਕਟਰੀ ਨੂੰ ਸੀਲ ਕਰਨ ਦੀ ਕਾਰਵਾਈ ਕੀਤੀ ਗਈ ਹੈ। ਸਿਹਤ ਵਿਭਾਗ ਨੇ ਇਹ ਵੀ ਸਪੱਸ਼ਟ ਕੀਤਾ ਕਿ ਸੈਂਪਲਾਂ ਦੀ ਰਿਪੋਰਟ ਆਉਣ ਤੋਂ ਬਾਅਦ ਜੇਕਰ ਖਾਧ ਪਦਾਰਥ ਮਨੁੱਖੀ ਸਿਹਤ ਲਈ ਅਣਉਚਿਤ ਜਾਂ ਮਿਲਾਵਟੀ ਪਾਏ ਗਏ ਤਾਂ ਸੰਬੰਧਤ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਸਿਹਤ ਵਿਭਾਗ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਖਾਧ ਪਦਾਰਥ ਦੀ ਗੁਣਵੱਤਾ ਜਾਂ ਸਫ਼ਾਈ ਨੂੰ ਲੈ ਕੇ ਕੋਈ ਸ਼ੱਕ ਹੋਵੇ ਤਾਂ ਤੁਰੰਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਲੋਕਾਂ ਦੀ ਸਿਹਤ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਕਾਤਰਾਂ

ਈ ਡੀ ਵੱਲੋਂ ਪ੍ਰਾਪਰਟੀ ਡੀਲਰ ਦੀ ਰਿਹਾਇਸ਼ 'ਤੇ ਛਾਪਾ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਇੱਥੇ ਮਾਡਲ ਟਾਊਨ ਸਥਿਤ ਅਤਿੰਦਰਪਾਲ ਸਿੰਘ ਨਾਮ ਦੇ ਇੱਕ ਪ੍ਰਾਪਰਟੀ ਡੀਲਰ ਦੀ ਰਿਹਾਇਸ਼ 'ਤੇ ਈ ਡੀ ਦੀ ਟੀਮ ਵੱਲੋਂ ਛਾਪਾ ਮਾਰਿਆ ਗਿਆ।ਲੰਘੀ ਤਕਰੀਬਨ ਅੱਧੀ ਰਾਤ ਤੋਂ ਈ ਡੀ ਦੀ 10 ਮੈਂਬਰੀ ਟੀਮ ਦੋ ਕਾਰਾਂ ਦੇ ਵਿੱਚ ਸਵਾਰ ਹੋ ਕੇ ਆਈ।ਪ੍ਰਾਪਤ ਜਾਣਕਾਰੀ ਅਨੁਸਾਰ ਟੀਮ ਨੇ ਕਈ ਘੰਟੇ ਛਾਣਬੀਣ ਕੀਤੀ, ਜਾਂਚ ਤੋਂ ਬਾਅਦ ਟੀਮ ਸਵੇਰੇ ਕਰੀਬ ਸਵਾ 7 ਵਜੇ ਇਥੋਂ ਵਾਪਸ ਚਲੀ ਗਈ।ਇਸ ਦੌਰਾਨ ਛਾਣਬੀਣ ਸਬੰਧੀ ਟੀਮ ਨੇ ਮੀਡੀਆ ਨੂੰ ਕੋਈ ਵੀ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ।ਇਸ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

ਸਰਕਾਰ ਬਿਨਾਂ ਦੇਰੀ ਮੁਲਾਜ਼ਮਾਂ ਦਾ ਡੀ ਏ ਜਾਰੀ ਕਰੇ : ਸੈਬੀ ਘਲੋੜੀ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਯੂਥ ਕਾਂਗਰਸ ਦੇ ਆਗੂ ਤੇ ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਸਰਬਪ੍ਰੀਤ ਸਿੰਘ ਸੈਬੀ ਘਲੋੜੀ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (ਡੀ.ਏ.) ਦੇ ਬਕਾਏ ਸਬੰਧੀ ਦਿੱਤੇ ਗਏ ਫ਼ੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਮੁਲਾਜ਼ਮਾਂ ਦੇ ਹੱਕਾਂ ਦੀ ਇਤਿਹਾਸਕ ਜਿੱਤ ਕਰਾਰ ਦਿੱਤ

ਸਫ਼ਾਈ ਕ੍ਰਮਚਾਰੀਆਂ ਨੇ ਸਰਕਾਰ ਵੱਲੋਂ ਮੰਗਾਂ ਮੰਨਣ ਦਾ ਕੀਤਾ ਧੰਨਵਾਦ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਕਰੀਬ 27 ਦਿਨ ਚੱਲੀ ਸਫ਼ਾਈ ਸੇਵਕਾਂ ਦੀ ਹੜਤਾਲ ਸੋਮਵਾਰ ਦੀ ਰਾਤ ਪੰਜਾਬ ਸਰਕਾਰ ਤੇ ਯੂਨੀਅਨ ਦਰਮਿਆਨ ਹੋਈ ਮੀਟਿੰਗ ਤੋਂ ਬਾਅਦ ਸਮਾਪਤ ਹੋ ਗਈ।ਸਰਕਾਰ ਵੱਲੋਂ ਸਫ਼ਾਈ ਸੇਵਕਾਂ ਤੇ ਸੀਵਰੇਜ ਕ੍ਰਮਚਾਰੀਆਂ ਦੀਆਂ ਮੰਗਾ ਮੰਨ ਲਏ ਜਾਣ ਤੋਂ ਬਾਅਦ ਹੜਤਾਲ ਸਮਾਪਤ ਕਰਦੇ ਹੋਏ ਸਫ਼ਾਈ ਸੇਵਕ ਯੂਨੀਅਨ ਗਿੱਦੜਬਾਹਾ ਦੇ ਪ੍ਰਧਾਨ ਰਾਜੇਸ਼ ਕੁਮਾਰ ਬੌਬੀ ਟਾਂਕ ਤੇ ਉਨ੍ਹਾਂ ਦੇ ਸਾਥੀਆਂ ਤੇ 'ਆਪ' ਆਗੂ ਪਰਵਜੋਤ ਸਿੰਘ ਪੈਵੀ ਢਿੱਲੋਂ ਤੇ ਨਗਰ ਕੌਂਸਲ ਦੇ ਪ੍ਰਧਾਨ ਐਡਵੋਕੇਟ ਗੌਰਵ ਜੈਨ ਚੀਨੂੰ ਵੱਲੋਂ ਇੱਕ-ਦੂਜੇ ਦਾ ਮੂੰਹ ਮਿੱਠਾ ਕਰਾਇਆ ਗਿਆ।ਰਾਜੇਸ਼ ਕੁਮਾਰ ਬੌਬੀ ਟਾਂਕ ਨੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਤੇ 'ਆਪ' ਦਾ ਧੰਨਵਾਦ ਕਰਦਿਆਂ ਕਿਹਾ ਕਿ ਨਗਰ ਕੌਂਸਲ ਗਿੱਦੜਬਾਹਾ ਵਿਖੇ ਬੀਤੇ 5 ਸਾਲਾਂ ਤੋਂ ਠੇਕੇ ਤੇ ਕੰਮ ਕਰ ਰਹੇ ਸਫ਼ਾਈ ਕ੍ਰਮਚਾਰੀਆਂ ਨੂੰ ਸਰਕਾਰ ਨੇ ਪੱਕੇ ਕਰਨ ਦਾ ਫੈਸਲਾ ਕੀਤਾ ਹੈ।

ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਗਾਇਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਯੂਨੀਵਰਸਲ ਵੈਲਫ਼ੇਅਰ ਕਲੱਬ ਵੱਲੋਂ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਖੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 352 ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ ਦਲਜੀਤ ਸਿੰਘ, ਇੰਦਰਜੀਤ ਸਿੰਘ ਫੁੱਟਬਾਲ ਕੋਚ, ਪ੍ਰਦੀਪ ਸਿੰਘ ਮੁੰਜਾਲ ਕਲਾਂ, ਸੱਤਨਾਮ ਸਿੰਘ ਤੇ ਅਮਨਦੀਪ ਸਿੰਘ ਨੇ ਖ਼ੂਨਦਾਨ ਕੀਤਾ। ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਾਈ ਰਵਿੰਦਰ ਸਿੰਘ ਭਾਂਖਰ, ਕਿਰਪਾਲ ਸਿੰਘ ਪੰਜੌਲਾ, ਅਵਤਾਰ ਸਿੰਘ ਬਲਬੇੜਾ, ਭਾਈ ਜਰਨੈਲ ਸਿੰਘ ਝੰਡੀ, ਲਖਵਿੰਦਰ ਸਿੰਘ ਬਡਲਾ ਤੇ ਮਨੀ ਟੌਹੜਾ ਰਾਮਗੜ੍ਹ ਵੀ ਹਾਜ਼ਰ ਸਨ।

ਘਨੱਈਆ ਡੇਅਰੀ 'ਤੇ ਨਜਾਇਜ਼ ਕਬਜ਼ਾ ਕਰਨ ਦੇ ਦੋਸ਼

ਸਮਾਣਾ (ਇਕਬਾਲ ਸਿੰਘ ਬੱਲ)-'ਘਨੱਈਆ ਡੇਅਰੀ' ਦੇ ਮਾਲਕਾਂ ਵੱਲੋਂ ਆਪਣੀ ਦੁਕਾਨ ਨੂੰ ਅੱਗੇ ਵਧਾ ਕੇ ਨਜਾਇਜ਼ ਕਬਜ਼ਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਦੋਂ ਲੋਕਾਂ ਨੂੰ ਇਸ ਉਸਾਰੀ ਬਾਰੇ ਪਤਾ ਲੱਗਾ ਤਾਂ ਉਨ੍ਹਾਂ ਨੇ ਤੁਰੰਤ ਮਾਮਲਾ ਨਗਰ ਕੌਂਸਲ ਾ ਦੇ ਧਿਆਨ ਵਿੱਚ ਲਿਆਂਦਾ।ਜ਼ਿਕਰਯੋਗ ਹੈ ਕਿ ਘਨਈਆ ਡੇਅਰੀ ਵਾਲਿਆਂ ਨੇ ਨਗਰ ਕੌਂਸਲ ਤੋਂ ਉਸਾਰੀ ਸਬੰਧੀ ਕੋਈ ਪਰਮਿਸ਼ਨ ਵੀ ਨਹੀਂ ਲਈ ਸੀ। ਜਦੋਂ ਨਗਰ ਕੌਂਸਲ ਦੇ ਅਧਿਕਾਰੀ ਜੇ.ਈ ਕੁਲਜਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਘਨਈਆ ਡੇਅਰੀ ਵੱਲੋਂ ਕੀਤੀ ਜਾ ਰਹੀ ਨਜਾਇਜ਼ ਉਸਾਰੀ ਨੂੰ ਮੌਕੇ 'ਤੇ ਹੀ ਰੁਕਵਾ ਦਿੱਤਾ ਗਿਆ ਹੈ ਤੇ ਉਨ੍ਹਾਂ ਨੂੰ ਅਧਿਕਾਰਤ ਨੋਟਿਸ ਜਾਰੀ ਕਰ ਦਿੱਤਾ ਗਿਆ ਹੈ।ਨਗਰ ਕੌਂਸਲ ਵੱਲੋਂ ਡੇਅਰੀ ਮਾਲਕਾਂ ਨੂੰ ਨਜਾਇਜ਼ ਤੌਰ 'ਤੇ ਕੀਤੀ ਗਈ ਉਸਾਰੀ ਤੁਰੰਤ ਹਟਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ ਹਨ।

ਰੋਟਰੀ ਕਲੱਬ ਰੋਇਲ ਵੱਲੋਂ ਮੈਡੀਕਲ ਚੈੱਕਅੱਪ ਕੈਂਪ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਵਿਸ਼ੇਸ਼ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਗਗਨਦੀਪ ਚੀਮਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਕੈਂਪ ਦੌਰਾਨ ਸਿੰਗਲਾ ਨਰਸਿੰਗ ਹੋਮ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਲਗਭਗ 200 ਬੱਚਿਆਂ ਤੇ ਵਿਦਿਆਰਥੀਆਂ ਦਾ ਸਰੀਰਕ ਨਿਰੀਖਣ ਤੇ ਮੈਡੀਕਲ ਚੈੱਕਅਪ ਕੀਤਾ ਗਿਆ।ਰੋਟਰੀ ਕਲੱਬ ਪਾਤੜਾਂ ਰੋਇਲ ਦੇ ਪ੍ਰਧਾਨ ਰੋਟੇਰੀਅਨ ਭਾਰਤ ਭੂਸ਼ਨ, ਸਕੱਤਰ ਰੋਟੇਰੀਅਨ ਜੀਵਨ ਸਿੰਗਲਾ, ਖਜ਼ਾਨਚੀ ਰੋਟੇਰੀਅਨ ਯੋਗੇਸ਼ ਗਰਗ ਤੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਅਸ਼ੋਕ ਗਰਗ ਬਾਂਸਲ ਨੇ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਸਮਾਜ ਦੇ ਹਰ ਵਰਗ, ਖਾਸ ਕਰਕੇ ਯੁਵਾ ਪੀੜ੍ਹੀ ਨੂੰ ਚੰਗੀ ਸਿਹਤ ਸੰਭਾਲ ਸੁਵਿਧਾਵਾਂ ਮੁਹੱਈਆ ਕਰਵਾਉਣਾ ਹੈ।ਇਸ ਪ੍ਰੋਜੈਕਟ ਨੂੰ ਨੇਪਰੇ ਚਾੜ੍ਹਨ ਵਿੱਚ ਕਲੱਬ ਦੇ ਸਮੂਹ ਮੈਂਬਰਾਂ ਦਾ ਯੋਗਦਾਨ ਰਿਹਾ।ਕਾਲਜ ਸਟਾਫ ਨੇ ਰੋਟਰੀ ਕਲੱਬ ਪਾਤੜਾਂ ਰੋਇਲ ਤੇ ਡਾਕਟਰਾਂ ਦੀ ਟੀਮ ਦਾ ਸ਼ਲਾਘਾਯੋਗ ਉਪਰਾਲੇ ਲਈ ਧੰਨਵਾਦ ਕੀਤਾ।

ਡੀ ਏ ਵੀ ਦੀਆਂ ਵਿਦਿਆਰਥਣਾਂ ਨੇ ਰੱਸੀ ਟੱਪਣ ਮੁਕਾਬਲੇ 'ਚ ਮਾਰੀਆਂ ਮੱਲਾਂ

ਕੋਟ ਈਸੇ ਖਾਂ (ਅਰੋੜਾ)-ਡੀਏਵੀ ਕੇਆਰਬੀ ਪਬਲਿਕ ਸਕੂਲ ਕੋਟ ਈਸੇ ਖਾਂ ਦੀਆਂ ਵਿਦਿਆਰਥਣਾਂ ਨੇ ਡੀਏਵੀ ਕਲੱਸਟਰ ਪੱਧਰੀ ਰੱਸੀ ਟੱਪਣ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਵਿੱਚ ਕੋਮਲਪ੍ਰੀਤ ਕੌਰ (ਅੰਡਰ-17) ਨੇ ਸੋਨ ਤਮਗਾ, ਨਵਰੀਤ ਕੌਰ (ਅੰਡਰ-14) ਨੇ ਸੋਨ ਤਮਗਾ ਤੇ ਐਸ਼ਪ੍ਰੀਤ ਕੌਰ (ਅੰਡਰ-14) ਨੇ ਚਾਂਦੀ ਦਾ ਤਮਗਾ ਜਿੱਤ ਕੇ ਸਕੂਲ ਦਾ ਮਾਣ ਵਧਾਇਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰਿਤੂ ਆਹੂਜਾ ਨੇ ਜੇਤੂ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਤੇ ਕੋਚਿੰਗ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ ਤੇ ਦ੍ਰਿੜ੍ਹ ਇਰਾਦੇ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਜਜ਼ਬੇ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਡੀਏਵੀ ਕਾਲਜ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਵਿਜੈ ਕੁਮਾਰ ਧੀਰ ਨੇ ਵੀ ਜੇਤੂਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਹੋਲੀ ਹਾਰਟ ਸਕੂਲ ਵਿਖੇ ਵਿਸ਼ੇਸ਼ ਜਾਗਰੂਕਤਾ ਸਮਾਗਮ

ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਮੁੱਖ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਅੰਦਰ ਦੇਸ਼ ਭਗਤੀ ਦੀ ਭਾਵਨਾ ਦ੍ਰਿੜ੍ਹ ਕਰਨ ਤੇ ਆਪਣੇ ਰਾਸ਼ਟਰੀ ਪ੍ਰਤੀਕਾਂ ਪ੍ਰਤੀ ਆਦਰ-ਸਤਿਕਾਰ ਵਧਾਉਣ ਦੇ ਮਕਸਦ ਨਾਲ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਭਾਰਤ ਦੇ ਰਾਸ਼ਟਰੀ ਗਾਨ 'ਜਨ ਗਣ ਮਨ' ਦੇ ਗੂੜ੍ਹੇ ਅਰਥ, ਇਸ ਦੇ ਇਤਿਹਾਸਿਕ ਮਹੱਤਵ ਤੇ ਇਸ ਨੂੰ ਗਾਉਣ ਦੇ ਜ਼ਰੂਰੀ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਵੀ ਸ਼ਾਮਲ ਹੋਏ ਅਤੇ ਨਾਲ ਹੀ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੇ ਉਪਰਾਲਿਆਂ ਦਾ ਮੁੱਖ ਉਦੇਸ਼ ਬੱਚਿਆਂ ਨੂੰ ਕੇਵਲ ਕਿਤਾਬੀ ਗਿਆਨ ਦੇਣਾ ਹੀ ਨਹੀਂ, ਬਲਕਿ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ, ਸੰਸਕਾਰੀ ਤੇ ਦੇਸ਼ ਪ੍ਰੇਮੀ ਨਾਗਰਿਕ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਬੱਚਿਆਂ ਨੂੰ ਆਪਣੀਆਂ ਵਿਰਾਸਤੀ ਤੇ ਰਾਸ਼ਟਰੀ ਪ੍ਰੰਪਰਾਵਾਂ ਤੋਂ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਉਨ੍ਹਾਂ ਪੂਰੇ ਨਿਯਮਾਂ ਤੇ ਸਤਿਕਾਰ ਨਾਲ ਇੱਕ ਸੁਰ ਵਿੱਚ ਰਾਸ਼ਟਰੀ ਗਾਨ ਗਾਇਆ।ਵਿਦਿਆਰਥੀਆਂ ਨੇ ਪ੍ਰਣ ਕੀਤਾ ਕਿ ਉਹ ਭਵਿੱਖ ਵਿੱਚ ਵੀ ਰਾਸ਼ਟਰੀ ਗਾਨ ਦਾ ਹਮੇਸ਼ਾ ਪੂਰਾ ਆਦਰ-ਸਤਿਕਾਰ ਕਰਨਗੇ।ਅੰਤ ਵਿੱਚ ਸਕੂਲ ਸਟਾਫ਼ ਤੇ ਵਿਦਿਆਰਥੀਆਂ ਨੇ ਦੇਸ਼ ਦੀ ਅਖੰਡਤਾ ਤੇ ਏਕਤਾ ਨੂੰ ਬਣਾਏ ਰੱਖਣ ਦਾ ਸੰਕਲਪ ਲਿਆ, ਜਿਸ ਨਾਲ ਇਹ ਸਮਾਗਮ ਸਫਲਤਾਪੂਰਵਕ ਨੇਪਰੇ ਚੜ੍ਹਿਆ।

'ਜਰਨਲ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼' ਦਾ ਵਿਸ਼ੇਸ਼ ਅੰਕ ਸੰਗਤ ਅਰਪਣ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਦੇ ਸ੍ਰੀ ਗ੍ਰੰਥ ਸਾਹਿਬ ਧਰਮ ਅਧਿਐਨ ਵਿਭਾਗ ਵੱਲੋਂ ਪ੍ਰਕਾਸ਼ਿਤ 'ਜਰਨਲ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼' ਦਾ 2025 ਵਿਸ਼ੇਸ਼ ਅੰਕ (ਬਾਣੀ ਮੁਖਹੁ ਉਚਾਰੀਐ ਹੁਇ ਰੁਸ਼ਨਾਈ ਮਿਟੈ ਅੰਧਿਆਰਾ) ਸੰਗਤ ਅਰਪਣ ਕੀਤਾ ਗਿਆ।ਇਸ ਮੌਕੇ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਵੱਲੋਂ ਖੋਜ ਪਤ੍ਰਿਕਾ ਦੇ ਇਸ ਅੰਕ ਲਈ ਤਸੱਲੀ ਪ੍ਰਗਟ ਕਰਦਿਆਂ ਖੁਸ਼ੀ ਜਤਾਈ ਗਈ।ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਕਿਹਾ ਕਿ ਯੂਨੀਵਰਸਿਟੀ ਤੇ ਵਿਭਾਗ ਦੇ ਮੁੱਖ ਮਨੋਰਥ ਵਿੱਚ ਇਹ ਕਾਰਜ ਸ਼ਾਮਲ ਹੈ ਅਤੇ ਸਾਡਾ ਇਹ ਫਰਜ਼ ਹੈ ਕਿ ਇਸ ਤਰ੍ਹਾਂ ਦੇ ਖੋਜ ਕਾਰਜ ਹੋਰ ਕੀਤੇ ਜਾਣ।ਡੀਨ ਫੈਕਲਟੀ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼ ਡਾ. ਹਰਦੇਵ ਸਿੰਘ ਨੇ ਦੱਸਿਆ ਕਿ ਇਸ ਅੰਕ ਅੰਦਰ ਗੁਰਬਾਣੀ ਦੇ ਸਿਧਾਂਤਕ ਪੱਖ, ਵਿਆਖਿਆਕਾਰੀ ਤੇ ਹੋਰ ਵਿਭਿੰਨ ਪੱਖਾਂ ਨਾਲ ਸੰਬੰਧਤ 16 ਪੇਪਰਾਂ ਨੂੰ ਸ਼ਾਮਲ ਕੀਤਾ ਗਿਆ ਹੈ।ਖੋਜ ਪਤ੍ਰਿਕਾ ਦੇ ਮੁੱਖ ਸੰਪਾਦਕ ਡਾ. ਕਿਰਨਦੀਪ ਕੌਰ ਵੱਲੋਂ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਅਗਲੇ ਅੰਕ ਲਈ ਖੋਜਾਰਥੀਆਂ ਤੇ ਵਿਦਵਾਨਾਂ ਨੂੰ ਸੱਦਾ ਦਿੱਤਾ ਗਿਆ। ਇਸ ਮੌਕੇ ਖੋਜ ਪ੍ਰਤਿਕਾ ਦੇ ਸੰਪਾਦਕ ਡਾ. ਪਲਵਿੰਦਰ ਕੌਰ ਤੇ ਡਾ. ਅਜੈ ਪਾਲ ਸਿੰਘ ਵੀ ਹਾਜ਼ਰ ਸਨ।

ਨਿੱਜੀ ਸਕੂਲ ਦੇ ਹਿੱਸੇਦਾਰ ਵੱਲੋਂ ਹਿਸਾਬ-ਕਿਤਾਬ ਨਾ ਦੇਣ ਤੋਂ ਪ੍ਰੇਸ਼ਾਨ ਹੋ ਕੇ ਔਰਤ ਵੱਲੋਂ ਖੁਦਕੁਸ਼ੀ

■ ਮਿਤ੍ਰਕਾ ਦੇ ਪਤੀ ਦੇ ਬਿਆਨਾਂ 'ਤੇ ਅਧਿਆਪਕ ਜੋੜੇ ਖਿਲਾਫ਼ ਮਾਮਲਾ ਦਰਜ

ਮਾਨਸਾ (ਆਤਮਾ ਸਿੰਘ ਪਮਾਰ)

ਨਿੱਜੀ ਸਕੂਲ ਦੇ ਹਿੱਸੇਦਾਰ ਵੱਲੋਂ ਹਿਸਾਬ-ਕਿਤਾਬ ਨਾ ਕਰਨ ਤੇ ਤੰਗ-ਪ੍ਰੇਸ਼ਾਨ ਕਰਨ ਤੋਂ ਅੱਕ ਕੇ ਪਿੰਡ ਅਕਲੀਆ ਦੀ ਇੱਕ ਵਿਆਹੁਤਾ ਔਰਤ ਨੇ ਜ਼ਹਿਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰਨ ਦਾ ਸਮਾਚਾਰ ਹੈ। ਥਾਣਾ ਜੋਗਾ ਦੀ ਪੁਲੀਸ ਨੇ ਸਰਕਾਰੀ ਅਧਿਆਪਕ ਜੋੜੇ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ, ਪਰ ਉਨ੍ਹਾਂ ਦੀ ਗ੍ਰਿਫ਼ਤਾਰੀ ਹਾਲੇ ਤੱਕ ਨਹੀਂ ਹੋਈ ।ਉਧਰ ਮਿਤ੍ਰਕਾ ਦੇ ਪਰਵਾਰ ਨੇ ਕਸੂਰਵਾਰਾਂ ਦੀ ਗ੍ਰਿਫ਼ਤਾਰੀ ਨਾ ਹੋਣ ਤੱਕ ਅੰਤਮ ਸਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ।ਮਹਿਲਾ ਦੀ ਮ੍ਰਿਤਕ ਦੇਹ ਸਰਕਾਰੀ ਹਸਪਤਾਲ ਦੇ ਮੁਰਦਾਘਰ ਚ ਰਖਵਾਈ ਗਈ ਹੈ।ਘਟਨਾ 2 ਅਗਸਤ ਸ਼ਾਮ ਦੀ ਹੈ।ਜੋਗਾ ਪੁਲਸ ਨੂੰ ਪਿੰਡ ਅਕਲੀਆ ਵਾਸੀ ਲੱਖਾ ਸਿੰਘ ਪੁੱਤਰ ਦਰਸ਼ਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਕੁੱਝ ਸਾਲ ਪਹਿਲਾਂ ਕੁੱਝ ਵਿਅਕਤੀਆਂ ਨਾਲ ਹਿੱਸੇਦਾਰੀ 'ਤੇ ਇੱਕ ਨਿੱਜੀ ਸਕੂਲ ਖੋਲ੍ਹਿਆ, ਸੀ ,ਜਿਸ ਲਈ ਉਸ ਨੂੰ ਆਪਣੀ ਜ਼ਮੀਨ ਵੀ ਵੇਚਣੀ ਪਈ। ਉਨ੍ਹਾਂ ਦੱਸਿਆ ਕਿ ਇਸ ਸਕੂਲ ਚ ਉਹ, ਜਗਤਾਰ ਸਿੰਘ ਅਤੇ ਇੱਕ ਹੋਰ ਵਿਅਕਤੀ ਵੀ ਹਿੱਸੇਦਾਰ ਹਨ। ਉਨ੍ਹਾਂ ਦੱਸਿਆ ਕਿ ਜਗਤਾਰ ਸਿੰਘ ਤੋਂ ਜਦ ਉਨ੍ਹਾਂ ਨੇ ਸਕੂਲ ਦਾ ਹਿਸਾਬ-ਕਿਤਾਬ ਮੰਗਿਆ ਤਾਂ ਉਲਟਾ ਉਨ੍ਹਾਂ ਵੱਲ 48 ਲੱਖ ਰੁਪਏ ਕੱਢ ਦਿੱਤੇ ਗਏ।ਲੱਖਾ ਸਿੰਘ ਨੇ ਦੱਸਿਆ ਕਿ ਜਗਤਾਰ ਸਿੰਘ ਨੂੰ ਇਸ ਦੌਰਾਨ ਸਿੱਖਿਆ ਵਿਭਾਗ ਵਿਖੇ ਸਰਕਾਰੀ ਨੌਕਰੀ ਮਿਲ ਗਈ ਅਤੇ ਬਾਅਦ 'ਚ ਸਕੂਲ ਦਾ ਹਿਸਾਬ-ਕਿਤਾਬ ਵੇਖਣ ਵਾਲੀ ਉਸਦੀ ਪਤਨੀ ਮਨਪ੍ਰੀਤ ਕੌਰ ਦੀ ਵੀ ਸਰਕਾਰੀ ਅਧਿਆਪਕਾ ਵਜੋਂ ਨਿਯੁਕਤੀ ਹੋ ਗਈ।ਜਦੋਂ ਉਨ੍ਹਾਂ ਦੋਵਾਂ ਤੋਂ ਸਕੂਲ ਦੇ ਹਿਸਾਬ-ਕਿਤਾਬ ਅਤੇ ਆਪਣੀ ਹਿੱਸੇਦਾਰੀ ਦੇ ਪੈਸੇ ਮੰਗਦੇ ਰਹੇ ਤਾਂ ਉਲਟਾ ਉਨ੍ਹਾਂ ਨੂੰ ਧਮਕਾਇਆ ਜਾਣ ਲੱਗਾ। ਇਸ ਨੂੰ ਲੈ ਕੇ ਉਹ ਅਤੇ ਉਸਦੀ ਪਤਨੀ ਕਿਰਨਜੀਤ ਸਿੰਘ ਕੌਰ ਪ੍ਰੇਸ਼ਾਨ ਰਹਿਣ ਲੱਗ ਪਏ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਨ੍ਹਾਂ ਅਨੇਕਾਂ ਵਾਰ ਪੰਚਾਇਤਾਂ, ਰਿਸ਼ਤੇਦਾਰੀਆਂ ਰਾਹੀਂ ਵੀ ਹਿਸਾਬ-ਕਿਤਾਬ ਮੰਗਿਆ, ਪਰ ਜਗਤਾਰ ਸਿੰਘ ਕਿਸੇ ਗੱਲ 'ਤੇ ਨਹੀਂ ਆਇਆ।ਆਖ਼ਰ 2 ਅਗਸਤ ਦੀ ਸ਼ਾਮ ਆਪਣੀ ਜ਼ਮੀਨ ਗੁਆ ਲੈਣ ਤੇ ਸਕੂਲ ਵੱਲੋਂ ਉਨ੍ਹਾਂ ਨੂੰ ਕੋਈ ਵੀ ਪੈਸਾ ਨਾ ਦੇਣ ਤੋਂ ਪ੍ਰੇਸ਼ਾਨ ਹੋ ਕੇ ਕਿਰਨਜੀਤ ਕੌਰ ਨੇ ਕੋਈ ਜ਼ਹਿਰੀਲੀ ਚੀਜ਼ ਖਾ ਕੇ ਜਾਨ ਦੇ ਦਿੱਤੀ। ਲੱਖਾ ਸਿੰਘ, ਰਿਸ਼ਤੇਦਾਰ ਹਰਬੰਸ ਸਿੰਘ ਬਬਲੀ ਤੇ ਬੇਅੰਤ ਸਿੰਘ ਨੇ ਕਿਹਾ ਕਿ ਉਨ੍ਹਾਂ 'ਤੇ ਕਿਰਨਜੀਤ ਕੌਰ ਦਾ ਅੰਤਮ ਸਸਕਾਰ ਕਰਨ ਲਈ ਦਬਾਅ ਬਣਾਇਆ ਜਾ ਰਿਹਾ ਹੈ, ਪਰ ਹਾਲੇ ਤੱਕ ਪੁਲਸ ਨੇ ਕਿਸੇ ਵੀ ਕਸੂਰਵਾਰ ਨੂੰ ਗ੍ਰਿਫ਼ਤਾਰ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਜਦੋਂ ਤੱਕ ਕਸੂਰਵਾਰਾਂ ਨੂੰ ਗ

ਪੰਜਾਬ 'ਚ ਅੰਮ੍ਰਿਤ ਭਾਰਤ ਸਟੇਸ਼ਨ ਤਰੱਕੀ ਦੇ ਨਵੇਂ ਪ੍ਰਵੇਸ਼ ਦੁਆਰ : ਰਵਨੀਤ ਸਿੰਘ ਬਿੱਟੂ

ਨਵੀਂ ਦਿੱਲੀ- ਰੇਲਵੇ ਸਟੇਸ਼ਨ ਸਿਰਫ਼ ਆਉਣ-ਜਾਣ ਦੇ ਕੇਂਦਰ ਹੀ ਨਹੀਂ ਹੁੰਦੇ, ਸਗੋਂ ਉਹ ਉਹਨਾਂ ਪ੍ਰਵੇਸ਼ ਦੁਆਰਾਂ ਵਜੋਂ ਵੀ ਕੰਮ ਕਰਦੇ ਹਨ ਜਿੱਥੋਂ ਯਾਤਰੀ ਕਿਸੇ ਵੀ ਸਥਾਨ ਦੀ ਪਛਾਣ, ਸੱਭਿਆਚਾਰ ਅਤੇ ਵਿਰਾਸਤ ਨਾਲ ਪਹਿਲੀ ਵਾਰ ਰੂਬਰੂ ਹੁੰਦੇ ਹਨ। ਇਸ ਮਹੱਤਵ ਨੂੰ ਧਿਆਨ ਵਿੱਚ ਰੱਖਦਿਆਂ ਭਾਰਤੀ ਰੇਲਵੇ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਪੰਜਾਬ ਦੇ ਰੇਲਵੇ ਸਟੇਸ਼ਨਾਂ ਨੂੰ ਆਧੁਨਿਕ, ਸਮਾਵੇਸ਼ੀ ਅਤੇ ਸੱਭਿਆਚਾਰਕ ਪਛਾਣ ਨਾਲ ਭਰਪੂਰ ਪ੍ਰਵੇਸ਼ ਦੁਆਰਾਂ ਵਜੋਂ ਵਿਕਸਤ ਕਰ ਰਹੀ ਹੈ। ਇਸ ਪਹਿਲ ਦਾ ਉਦੇਸ਼ ਆਧੁਨਿਕ ਬੁਨਿਆਦੀ ਢਾਂਚੇ ਨੂੰ ਖੇਤਰੀ ਪਛਾਣ ਨਾਲ ਸੁਮੇਲ ਵਿੱਚ ਲਿਆਉਂਦੇ ਹੋਏ ਯਾਤਰੀਆਂ ਨੂੰ ਬਿਹਤਰ ਯਾਤਰਾ ਅਨੁਭਵ ਪ੍ਰਦਾਨ ਕਰਨਾ ਅਤੇ ਨਾਲ ਹੀ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਨੂੰ ਗਤੀ ਦੇਣਾ ਹੈ।ਇਹ ਪ੍ਰਗਟਾਵਾ ਸਾਬਕਾ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਰਦਿਆਂ ਕਿਹਾ ਹੈ ਕਿ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ ਪੰਜਾਬ ਦੇ 30 ਰੇਲਵੇ ਸਟੇਸ਼ਨਾਂ ਨੂੰ ਵਿਆਪਕ ਪੁਨਰਵਿਕਾਸ ਲਈ ਚੁਣਿਆ ਗਿਆ ਹੈ। ਇਨ੍ਹਾਂ ਵਿੱਚ ਅਬੋਹਰ, ਅੰਮ੍ਰਿਤਸਰ, ਅਨੰਦਪੁਰ ਸਾਹਿਬ, ਬਿਆਸ ਜੰਕਸ਼ਨ, ਬਠਿੰਡਾ ਜੰਕਸ਼ਨ, ਧੰਦਾਰੀ ਕਲਾਂ, ਧੂਰੀ ਜੰਕਸ਼ਨ, ਫਾਜ਼ਿਲਕਾ, ਫ਼ਿਰੋਜ਼ਪੁਰ ਕੈਂਟ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ ਕੈਂਟ ਜੰਕਸ਼ਨ, ਜਲੰਧਰ ਸਿਟੀ ਜੰਕਸ਼ਨ, ਕਪੂਰਥਲਾ, ਕੋਟਕਪੂਰਾ ਜੰਕਸ਼ਨ, ਲੁਧਿਆਣਾ ਜੰਕਸ਼ਨ, ਮਲੇਰਕੋਟਲਾ, ਮਾਨਸਾ, ਮੋਗਾ, ਮੁਕਤਸਰ, ਨੰਗਲ ਡੈਮ, ਪਠਾਨਕੋਟ ਕੈਂਟ, ਪਠਾਨਕੋਟ ਜੰਕਸ਼ਨ, ਪਟਿਆਲਾ, ਫਗਵਾੜਾ ਜੰਕਸ਼ਨ, ਫਿਲੌਰ ਜੰਕਸ਼ਨ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ), ਸੰਗਰੂਰ ਅਤੇ ਸਰਹਿੰਦ ਜੰਕਸ਼ਨ ਸ਼ਾਮਲ ਹਨ।ਉਨ੍ਹਾਂ ਕਿਹਾ ਕਿ 1,300 ਕਰੋੜ ਤੋਂ ਵੱਧ ਦੇ ਨਿਵੇਸ਼ ਨਾਲ ਇਨ੍ਹਾਂ ਸਟੇਸ਼ਨਾਂ ਦਾ ਪੁਨਰਵਿਕਾਸ ਕੀਤਾ ਜਾ ਰਿਹਾ ਹੈ ਤਾਂ ਜੋ ਯਾਤਰੀਆਂ ਨੂੰ ਵਿਸ਼ਵ-ਪੱਧਰੀ ਸਹੂਲਤਾਂ ਨਾਲ ਲੈਸ ਯਾਤਰਾ ਅਨੁਭਵ ਪ੍ਰਦਾਨ ਕੀਤਾ ਜਾ ਸਕੇ ਅਤੇ ਪੰਜਾਬ ਦੇ ਰੇਲਵੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਅਨੰਦਪੁਰ ਸਾਹਿਬ, ਜਲੰਧਰ ਕੈਂਟ ਜੰਕਸ਼ਨ, ਮੁਕਤਸਰ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਦੇ ਪੁਨਰਵਿਕਾਸ ਦਾ ਕੰਮ ਪਹਿਲਾਂ ਹੀ ਮੁਕੰਮਲ ਹੋ ਚੁੱਕਾ ਹੈ, ਜੋ ਸੂਬੇ ਵਿੱਚ ਆਧੁਨਿਕ ਰੇਲਵੇ ਸਟੇਸ਼ਨਾਂ ਦੇ ਵਿਕਾਸ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਹੈ।ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦਾ ਇੱਕ ਹੋਰ ਮਹੱਤਵਪੂਰਨ ਪੱਖ ਹਰ ਸਥਾਨ ਦੀ ਵਿਲੱਖਣ ਪਛਾਣ ਅਤੇ ਵਿਰਾਸਤ ਨੂੰ ਸੰਭਾਲਣਾ ਹੈ। ਪੁਨਰਵਿਕਾਸ ਦੀ ਸੋਚ ਇਹ ਯਕੀਨੀ ਬਣਾਉਂਦੀ ਹੈ ਕਿ ਹਰ ਸਟੇਸ਼ਨ ਆਪਣੇ ਖੇਤਰ ਦੀ ਸੱਭਿਆਚਾਰਕ ਅਤੇ ਵਾਸਤੁਕਲਾ ਸੰਬੰਧੀ ਵਿਸ਼ੇਸ਼ਤਾਵਾਂ ਨੂੰ ਦਰਸਾਏ, ਤਾਂ ਜੋ ਉਹ ਸਥਾਨਕ ਵਿਰਾਸਤ ਨਾਲ ਜੁੜਿਆ ਰਹੇ ਅਤੇ ਨਾਲ ਹੀ ਆਧੁਨਿਕ ਡਿਜ਼ਾਇਨ ਨੂੰ ਵੀ ਅਪਣਾਏ। ਪੰਜਾਬ ਵਰਗੇ ਸੂਬੇ ਵਿੱਚ ਇਹ ਹੋਰ ਵੀ ਮਹੱਤਵਪੂਰਨ ਹੈ, ਕਿਉਂਕਿ ਕਈ ਪੁਨਰਵਿਕਸਿਤ ਸਟੇਸ਼ਨ ਇਤਿਹਾਸਕ, ਸੱਭਿਆਚਾਰਕ ਅਤੇ ਧਾਰਮਿਕ ਮਹੱਤਵ ਵਾਲੇ ਸਥਾਨਾਂ ਦੇ ਪ੍ਰਵੇਸ਼ ਦੁਆਰ ਹਨ। ਅਨੰਦਪੁਰ ਸਾਹਿਬ ਦਾ ਸਟੇਸ਼ਨ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਤੀਰਥ ਸਥਾਨਾਂ ਵਿੱਚੋਂ ਇੱਕ ਤੱਕ ਪਹੁੰਚ ਪ੍ਰਦਾਨ ਕਰਦਾ ਹੈ, ਜਦ ਕਿ ਅੰਮ੍ਰਿਤਸਰ ਦਾ ਸਟੇਸ਼ਨ ਹਰ ਸਾਲ ਲੱਖਾਂ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ) ਅਤੇ ਜਲਿਆਂਵਾਲਾ ਬਾਗ਼ ਸਮਾਰਕ ਤੱਕ ਲੈ ਜਾਂਦਾ ਹੈ। ਇਸੇ ਤਰ੍ਹਾਂ ਪਠਾਨਕੋਟ ਹਿਮਾਲਿਆਈ ਖੇਤਰ ਦਾ ਇੱਕ ਮਹੱਤਵਪੂਰਨ ਪ੍ਰਵੇਸ਼ ਦੁਆਰ ਹੈ, ਜਦ ਕਿ ਪਟਿਆਲਾ ਆਪਣੇ ਸ਼ਾਹੀ ਇਤਿਹਾਸ ਅਤੇ ਵਿਰਾਸਤ ਨਾਲ ਯਾਤਰੀਆਂ ਨੂੰ ਜੋੜਦਾ ਹੈ।

ਸਾਹਿਤਕਾਰ ਦਲਜੀਤ ਰਾਏ ਕਾਲੀਆ ਦਾ ਸਨਮਾਨ 9 ਨੂੰ

ਜ਼ੀਰਾ (ਨਰਿੰਦਰ ਅਨੇਜਾ)-ਉੱਘੇ ਸਾਹਿਤਕਾਰ ਚਿੰਤਕ ਡਾਕਟਰ ਗੁਰਚਰਨ ਸਿੰਘ ਨੂਰਪੁਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਮਵਰ ਸਾਹਿਤਕਾਰ ਦਲਜੀਤ ਰਾਏ ਕਾਲੀਆ ਜ਼ੀਰਾ ਨੂੰ ਮਾਲਵੇ ਦੀ ਪ੍ਰਸਿੱਧ ਪੰਜਾਬੀ ਸਾਹਿਤ ਸਭਾ ਸ੍ਰੀ ਮੁਕਤਸਰ ਸਾਹਿਬ ਵੱਲੋਂ 9 ਅਗਸਤ ਐਤਵਾਰ ਨੂੰ ਵਿਸ਼ਾਲ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਵੱਕਾਰੀ ਮੋਦਨ ਸਿੰਘ ਲੋਹੀਆ ਪੁਰਸਕਾਰ ਪ੍ਰਦਾਨ ਕੀਤਾ ਜਾ ਰਿਹਾ ਹੈ। ਦਲਜੀਤ ਰਾਏ ਕਾਲੀਆ ਨੇ ਭਾਰਤ ਦੇ ਉੱਘੇ ਸੁਤੰਤਰਤਾ ਸੰਗਰਾਮੀ, ਗ਼ਦਰ ਲਹਿਰ ਦੇ ਸ਼ਹੀਦ ਤੇ ਉੱਘੇ ਗ਼ਦਰੀ ਸੂਰਬੀਰ ਪੁਸਤਕਾਂ ਪੰਜਾਬੀ ਸਾਹਿਤ ਦੀ ਝੋਲੀ ਪਾਈਆਂ ਹਨ।ਇਸ ਤੋਂ ਇਲਾਵਾ ਉਨ੍ਹਾਂ ਨੇ ਸੰਪਾਦਨਾ ਦੇ ਖੇਤਰ ਵਿੱਚ ਵੀ ਪੰਡਿਤ ਰਾਮ ਚੰਦ ਪੰਡੋਰੀ ਦੀ ਕਵੀਸ਼ਰੀ, ਮਹਿਕ ਸ਼ਬਦਾਂ ਦੀ ਤੇ ਸੋਚਾਂ ਦੀ ਦਹਿਲੀਜ ਪੁਸਤਕਾਂ ਦੀ ਸੰਪਾਦਨਾ ਕੀਤੀ ਹੈ।ਦਲਜੀਤ ਰਾਏ ਕਾਲੀਆ ਦੀਆਂ ਲਿਖਤਾਂ ਪਿਛਲੇ 40 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਨਿਰੰਤਰਤਾ ਨਾਲ ਪੰਜਾਬੀ ਦੇ ਨਾਮੀ ਅਖਬਾਰਾਂ ਤੇ ਮੈਗਜ਼ੀਨਾਂ ਵਿੱਚ ਪ੍ਰਕਾਸ਼ਤ ਹੋ ਰਹੀਆਂ ਹਨ।ਸ੍ਰੀ ਦਲਜੀਤ ਰਾਏ ਅੱਜਕੱਲ੍ਹ ਸਾਹਿਤ ਸਭਾ ਜ਼ੀਰਾ ਦੇ ਪ੍ਰਧਾਨ ਹੋਣ ਦੇ ਨਾਲ ਨਾਲ ਸਾਹਿਤਕ ਮੈਗਜ਼ੀਨ ਅਦਬੀ ਵਿਰਾਸਤ ਦੇ ਕਾਰਜਕਾਰੀ ਸੰਪਾਦਕ ਦੀਆਂ ਸੇਵਾਵਾਂ ਵੀ ਨਿਭਾਅ ਰਹੇ ਹਨ। ਇਸੇ ਸਮਾਗਮ ਦੌਰਾਨ ਉਨ੍ਹਾਂ ਦੀ ਨਵ ਪ੍ਰਕਾਸ਼ਿਤ ਪੁਸਤਕ ਸ਼ਬਦਾਂ ਦੇ ਸ਼ਿਲਪੀ (ਲੇਖਕਾਂ ਦੇ ਸ਼ਬਦ ਚਿੱਤਰਾਂ ਦੀ) ਪੁਸਤਕ ਲੋਕ ਅਰਪਣ ਵੀ ਕੀਤੀ ਜਾਣੀ ਹੈ।

ਹੈਂਡੀਕੈਪਡ ਏਕਤਾ ਵੈੱਲਫ਼ੇਅਰ ਐਸੋਸੀਏਸ਼ਨ ਵੱਲੋਂ ਮੁੱਖ ਮੰਤਰੀ ਕੈਂਪਸ ਦਫ਼ਤਰ ਅੱਗੇ ਪੱਕਾ ਮੋਰਚਾ ਸ਼ੁਰੂ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਹੈਂਡੀਕੈਪਡ ਏਕਤਾ ਵੈੱਲਫ਼ੇਅਰ ਐਸੋਸੀਏਸ਼ਨ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਲੈ ਕੇ ਪ੍ਰਧਾਨ ਲਾਭ ਸਿੰਘ ਹੀਰਾ ਦੀ ਅਗਵਾਈ ਹੇਠ ਸਥਾਨਕ ਮੁੱਖ ਮੰਤਰੀ ਕੈਂਪਸ ਦਫ਼ਤਰ ਵਿਖੇ ਪੱਕਾ ਮੋਰਚਾ ਲਗਾ ਦਿੱਤਾ ਗਿਆ ਹੈ।ਧਰਨੇ ਦੌਰਾਨ ਪਹੁੰਚੇ ਅੰਗਹੀਣ ਭਾਈਚਾਰੇ ਦੇ ਨੁਮਾਇੰਦਿਆਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਰੋਸ ਪ੍ਰਗਟਾਇਆ। ਇਸ ਮੌਕੇ ਪ੍ਰਧਾਨ ਲਾਭ ਸਿੰਘ ਹੀਰਾ ਨੇ ਸਰਕਾਰ ਪਾਸੋਂ ਮੰਗ ਕੀਤੀ ਕਿ ਹਰੇਕ ਅੰਗਹੀਣ ਨੂੰ 5,000 ਰੁਪਏ ਮਹੀਨਾਵਾਰ ਗੁਜ਼ਾਰਾ ਭੱਤਾ ਦਿੱਤਾ ਜਾਵੇ, ਸਰਕਾਰੀ ਨੌਕਰੀਆਂ ਵਿੱਚ ਪਹਿਲ ਦੇਣ ਦੇ ਨਾਲ-ਨਾਲ ਪ੍ਰਾਈਵੇਟ ਕੰਪਨੀਆਂ ਤੇ ਫੈਕਟਰੀਆਂ ਵਿੱਚ 5 ਫੀਸਦੀ ਕੋਟਾ ਰਾਖਵਾਂ ਕੀਤਾ ਜਾਵੇ।ਉਨ੍ਹਾਂ ਅੰਗਹੀਣ ਭਲਾਈ ਐਕਟ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ, ਪ੍ਰਾਈਵੇਟ ਸਕੂਲਾਂ ਵਿੱਚ ਬੱਚਿਆਂ ਲਈ ਮੁਫ਼ਤ ਸਿੱਖਿਆ, ਬਿਨਾਂ ਗਾਰੰਟੀ/ਸ਼ਰਤ ਬੈਂਕ ਲੋਨ, ਈ-ਰਿਕਸ਼ਾ ਦੀ ਸੁਵਿਧਾ, ਸਰਕਾਰੀ ਨੌਕਰੀਆਂ ਲਈ ਫ਼ੀਸ ਮੁਆਫ਼ੀ ਤੇ ਰੋਜ਼ਗਾਰ ਸ਼ੁਰੂ ਕਰਨ ਲਈ ਵਿਸ਼ੇਸ਼ ਰੋਜ਼ਗਾਰ ਰਾਸ਼ੀ ਸਕੀਮ ਚਲਾਉਣ ਦੀ ਮੰਗ ਰੱਖੀ। ਇਸ ਤੋਂ ਇਲਾਵਾ ਸਰਕਾਰੀ ਸ਼ਰਾਬ ਦੇ ਠੇਕੇ ਅਲਾਟ ਕਰਨ, ਅੰਗਹੀਣ ਖਿਡਾਰੀਆਂ ਨੂੰ ਪਹਿਲ ਦੇ ਆਧਾਰ 'ਤੇ ਨੌਕਰੀਆਂ ਦੇਣ ਤੇ ਕੌਂਸਲਰ ਤੋਂ ਲੈ ਕੇ ਪਾਰਲੀਮੈਂਟ ਚੋਣਾਂ ਤੱਕ ਅੰਗਹੀਣਾਂ ਦਾ ਵਿਸ਼ੇਸ਼ ਕੋਟਾ ਨਿਸ਼ਚਿਤ ਕਰਨ ਦੀ ਵਕਾਲਤ ਵੀ ਕੀਤੀ ਗਈ।ਜਥੇਬੰਦੀ ਦੇ ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਜਿੰਨਾ ਚਿਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਦਾ ਪੱਕਾ ਹੱਲ ਨਹੀਂ ਕਰਦੀ, ਓਨਾ ਚਿਰ ਇਹ ਮੋਰਚਾ ਨਿਰੰਤਰ ਜਾਰੀ ਰਹੇਗਾ।ਇਸ ਮੌਕੇ ਲਾਭ ਸਿੰਘ ਧੌਲਾ, ਗੁਰਬਾਜ ਸਿੰਘ, ਜੋਗਾ ਸਿੰਘ, ਨਿਰਮਲ ਸਿੰਘ, ਪਾਲ ਸਿੰਘ, ਰੇਸ਼ਮ ਸਿੰਘ, ਬਲਵੀਰ ਸਿੰਘ, ਤਰਸੇਮ ਸਿੰਘ, ਮਹਿੰਦਰ ਸਿੰਘ ਆਦਿ ਹਾਜ਼ਰ ਸਨ।ਧਰਨੇ 'ਚ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਪੁੱਜ ਕੇ ਧਰਨੇ ਦੀ ਹਮਾਇਤ ਕੀਤੀ ਤੇ ਕੁਦਰਤੀ ਮਾਰ ਦਾ ਸ਼ਿਕਾਰ ਦਿਵਿਆਂਗਾਂ ਦੀਆਂ ਮੰਗਾਂ ਪਹਿਲ ਦੇ ਅਧਾਰ 'ਤੇ ਮੰਨਣ ਦੀ ਅਪੀਲ ਵੀ ਕੀਤੀ।

ਪਵਨ ਹਰਚੰਦਪੁਰੀ ਦੀ ਧਰਮ ਪਤਨੀ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਜ਼ੀਰਾ (ਨਰਿੰਦਰ ਅਨੇਜਾ)-ਸਾਹਿਤ ਸਭਾ ਜ਼ੀਰਾ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਸਭਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਸੋਖੋਂ ਦੇ ਪ੍ਰਧਾਨ ਸ੍ਰੀ ਪਵਨ ਹਰਚੰਦਪੁਰੀ ਜੀ ਦੀ ਧਰਮ ਪਤਨੀ ਦੇ ਬੀਤੇ ਦਿਨ ਹੋਏ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਵਿੱਛੜੀ ਰੂਹ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀਆਂ ਦਿੱਤੀਆਂ ਗਈਆਂ।ਮੀਟਿੰਗ ਵਿੱਚ ਡਾ. ਗੁਰਚਰਨ ਸਿੰਘ ਨੂਰਪੁਰ, ਹਰਭਿੰਦਰ ਸਿੰਘ ਸੰਧੂ ਪ੍ਰਧਾਨ ਸਾਹਿਤ ਪੀਰ ਮੁਹੰਮਦ, ਕਾਲਾ ਬੇਰੀ ਵਾਲਾ, ਲੈਕਚਰਾਰ ਨਰਿੰਦਰ ਸਿੰਘ ਜ਼ੀਰਾ, ਮੇਜਰ ਸਿੰਘ ਸੰਧੂ, ਹਰਚਰਨ ਸਿੰਘ ਚੋਹਲਾ, ਗ਼ਜ਼ਲਗੋ ਪ੍ਰੀਤ ਜੱਗੀ, ਸੁਖਰਾਜ ਸਿੰਘ ਜ਼ੀਰਾ, ਮੁਖਤਿਆਰ ਸਿੰਘ ਬਰਾੜ, ਹਰੀਦਾਸ ਚੌਹਾਨ, ਡਾ. ਜਸਵੰਤ ਭੱਟੀ, ਮੁਖਤਿਆਰ ਸਿੰਘ ਪਨੇਸਰ, ਸੁਰਿੰਦਰ ਕੁਮਾਰ, ਰੱਬੀ ਸ਼ਾਇਰ, ਹੀਰਾ ਲਾਲ ਮਰਖਾਈ ਸ਼ਾਮਲ ਹੋਏ।

ਗੋਲੀ ਨਾਲ ਮਰੇ ਦੋ ਭਰਾਵਾਂ ਦੀ ਇਕੱਠੀ ਚਿਤਾ ਬਲੀ, ਇਲਾਕੇ 'ਚ ਸੋਗ ਦੀ ਲਹਿਰ

ਝਬਾਲ, (ਮੱਖਣ ਮਨੋਜ)-ਬੀਤੇ ਦੋ ਦਿਨ ਪਹਿਲਾਂ ਝਬਾਲ ਵਿਖੇ ਹੋਏ ਮਾਮੂਲੀ ਤਕਰਾਰ ਦੌਰਾਨ ਚੱਲੀ ਗੋਲੀ ਨਾਲ ਮਾਰੇ ਗਏ ਦੋ ਸਕੇ ਭਰਾਵਾਂ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਕੁਲਵਿੰਦਰ ਸਿੰਘ ਦੀਆਂ ਲਾਸ਼ਾਂ ਦਾ ਪੋਸਟਮਾਰਟਮ ਤੋਂ ਬਾਅਦ ਅੰਤਿਮ ਸੰਸਕਾਰ ਕੀਤਾ ਗਿਆ। ਦੋਵਾਂ ਭਰਾਵਾਂ ਦਾ ਝਬਾਲ ਵਿਖੇ ਇੱਕੋ ਹੀ ਚਿਤਾ 'ਤੇ ਸਸਕਾਰ ਕੀਤਾ ਗਿਆ। ਇਸ ਮੌਕੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਵੱਡੀ ਗਿਣਤੀ 'ਚ ਰਾਜਨੀਤਕ, ਸਮਾਜਿਕ ਅਤੇ ਧਾਰਮਿਕ ਆਗੂ ਪਹੁੰਚੇ। ਇਨ੍ਹਾਂ 'ਚ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ, ਸ਼੍ਰੋਮਣੀ ਅਕਾਲੀ ਦਲ ਦੀ ਹਲਕਾ ਇੰਚਾਰਜ ਬੀਬੀ ਕੰਚਨਪ੍ਰੀਤ ਕੌਰ, ਜਥੇਦਾਰ ਬਾਬਾ ਭੋਲਾ ਸਿੰਘ ਸੇਵਾਦਾਰ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ, ਵਾਰਸ ਪੰਜਾਬ ਦੇ ਆਗੂ ਬਾਪੂ ਤਰਸੇਮ ਸਿੰਘ, ਇਕਬਾਲ ਸਿੰਘ ਸੰਧੂ, ਡੀ ਐਸ ਪੀ ਜਸਪਾਲ ਸਿੰਘ ਝਬਾਲ, ਐਡਵੋਕੇਟ ਜੀ.ਐਸ. ਢਿੱਲੋਂ, ਐਡਵੋਕੇਟ ਇਕਬਾਲ ਸਿੰਘ, ਚੇਅਰਮੈਨ ਹਰਵੰਤ ਸਿੰਘ, ਬਾਬਾ ਗੁਰਸੇਵਕ ਸਿੰਘ, ਖਾਲੜਾ ਕਮੇਟੀ ਚੇਅਰਮੈਨ ਬਲਵਿੰਦਰ ਸਿੰਘ, ਸਾਬਕਾ ਸਰਪੰਚ ਨਰਿੰਦਰ ਪੱਪਾ, ਕਿਸਾਨ ਆਗੂ ਬਲਜਿੰਦਰ ਬਾਬਾ ਕਾਲਾ, ਬੱਲੂ ਬਘੇਲ ਸਿੰਘ ਵਾਲਾ ਅਤੇ ਇਲਾਕੇ ਦੇ ਕਈ ਸਾਬਕਾ ਸਰਪੰਚ ਸ਼ਾਮਲ ਸਨ। ਇਸ ਤੋਂ ਇਲਾਵਾ ਗੁਰਦੇਵ ਸਿੰਘ ਸੰਧੂ, ਜਸਬੀਰ ਸਿੰਘ ਸਵਰਗਾਪੁਰੀ, ਨਵਪ੍ਰੀਤ ਸਿੰਘ ਢਿੱਲੋਂ, ਜਗਤਾਰ ਸਿੰਘ ਜੱਗਾ, ਗੁਰਬੀਰ ਸਿੰਘ, ਬੀਬੀ ਉਪਜੀਤ ਕੌਰ, ਮਾਣਕ, ਸੁਖਵਿੰਦਰ ਸਿੰਘ, ਗੁਰਿੰਦਰ ਸਿੰਘ ਹੀਰਾ, ਮਾਸਟਰ ਪ੍ਰਿਤਪਾਲ ਸਿੰਘ, ਕਾਮਰੇਡ ਦਵਿੰਦਰ ਸੋਹਲ, ਮਾਸਟਰ ਜਸਪਾਲ ਸਿੰਘ, ਮਖਤੂਲ ਸਿੰਘ, ਪਰਮਜੀਤ ਸਿੰਘ ਗੱਗੋਬੂਹਾ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਸਰਬਜੀਤ ਸਿੰਘ ਪੱਪੂ ਸਮੇਤ ਵੱਡੀ ਗਿਣਤੀ 'ਚ ਇਲਾਕਾ ਨਿਵਾਸੀ ਵੀ ਮੌਜੂਦ ਸਨ।

ਹਾਰਮਨੀ ਆਯੁਰਵੈਦਿਕ ਕਾਲਜ ਵੱਲੋਂ ਮੁਫ਼ਤ ਸਿਹਤ ਜਾਂਚ ਕੈਂਪ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫ਼ਿਰੋਜ਼ਪੁਰ ਦੇ ਜੇਲ੍ਹ ਰੋਡ ਸਥਿਤ ਹਨੂਮਾਨ ਮੰਦਰ ਵਿਖੇ ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਤੇ ਹਸਪਤਾਲ ਵੱਲੋਂ ਇਕ ਵਿਸ਼ੇਸ਼ ਮੁਫ਼ਤ ਸਿਹਤ ਜਾਂਚ ਤੇ ਡਾਕਟਰੀ ਸਲਾਹ ਕੈਂਪ ਲਾਇਆ ਗਿਆ। ਇਸ ਕੈਂਪ ਦੌਰਾਨ ਲਗਭਗ 70 ਮਰੀਜ਼ਾਂ ਦੀ ਸਰੀਰਕ ਜਾਂਚ ਕੀਤੀ ਗਈ। ਉਨ੍ਹਾਂ ਨੂੰ ਵੱਖ-ਵੱਖ ਬੀਮਾਰੀਆਂ ਸਬੰਧੀ ਮਾਹਰ ਡਾਕਟਰਾਂ ਵੱਲੋਂ ਮੁਫ਼ਤ ਸਲਾਹ ਦਿੱਤੀ ਗਈ। ਕੈਂਪ ਵਿੱਚ ਡਾਕਟਰਾਂ ਨੇ ਹਾਈ ਬਲੱਡ ਪ੍ਰੈਸ਼ਰ, ਸ਼ੂਗਰ (ਡਾਇਬਟੀਜ਼), ਜੋੜਾਂ ਦੇ ਦਰਦ, ਚਮੜੀ ਦੇ ਰੋਗ ਤੇ ਹੋਰ ਆਮ ਸਿਹਤ ਸਮੱਸਿਆਵਾਂ ਤੋਂ ਪੀੜਤ ਮਰੀਜ਼ਾਂ ਦੀ ਡੂੰਘਾਈ ਨਾਲ ਜਾਂਚ ਕੀਤੀ। ਇਸ ਮੌਕੇ ਕਾਲਜ ਦੇ ਤਜਰਬੇਕਾਰ ਤੇ ਮਾਹਰ ਡਾਕਟਰਾਂ ਨੇ ਹਰੇਕ ਮਰੀਜ਼ ਦੀ ਲੋੜ ਅਨੁਸਾਰ ਉਸ ਨੂੰ ਨਿੱਜੀ ਡਾਕਟਰੀ ਸਲਾਹ, ਪ੍ਰਹੇਜ਼ ਤੇ ਯੋਗ ਇਲਾਜ ਦੀ ਜਾਣਕਾਰੀ ਦਿੱਤੀ। ਕੈਂਪ ਵਿੱਚ ਡਾਕਟਰਾਂ ਨੇ ਮਰੀਜ਼ਾਂ ਨੂੰ ਰੋਜ

'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ 12 ਨੂੰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਨਵੀਂ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ 12 ਅਗਸਤ ਨੂੰ ਹੋਣ ਵਾਲੇ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਅਤੇ ਵੱਖ-ਵੱਖ ਧਾਰਮਿਕ ਅਸਥਾਨਾਂ ਲਈ ਬੱਸਾਂ ਨੂੰ ਰਵਾਨਾ ਕਰਨ ਦੇ ਸਮਾਗਮ ਲਈ ਉਨ੍ਹਾਂ ਦਾ ਧੰਨਵਾਦ ਕੀਤਾ।

ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਤੋਂ ਬਾਅਦ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 12 ਅਗਸਤ ਨੂੰ ਹੁਸ਼ਿਆਰਪੁਰ ਵਿੱਚ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ ਕਰਵਾਇਆ ਜਾਵੇਗਾ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਸ਼ਰਧਾਲੂਆਂ ਵਜੋਂ ਸ਼ਮੂਲੀਅਤ ਕਰਨਗੇ। ਇਸੇ ਦਿਨ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵ੍ਰਿੰਦਾਵਨ, ਮਥੁਰਾ, ਹਰਿਦੁਆਰ, ਸ੍ਰੀ ਸਾਲਾਸਰ ਬਾਲਾਜੀ ਅਤੇ ਹੋਰ ਪ੍ਰਮੁੱਖ ਧਾਰਮਿਕ ਅਸਥਾਨਾਂ ਲਈ ਬੱਸਾਂ ਨੂੰ ਹਰੀ ਝੰਡੀ ਵੀ ਦਿਖਾਈ ਜਾਵੇਗੀ, ਜਿਸ ਨਾਲ ਸ਼ਰਧਾਲੂ ਮੁਫ਼ਤ ਤੀਰਥ ਯਾਤਰਾ ਕਰ ਸਕਣਗੇ। ਜਿੰਪਾ ਨੇ ਦੱਸਿਆ ਕਿ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕਰਕੇ12 ਅਗਸਤ ਨੂੰ ਹੋਣ ਵਾਲੇ ਇਸ ਵਿਸ਼ਾਲ ਧਾਰਮਿਕ ਸਮਾਗਮ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ 'ਇੱਕ ਸ਼ਾਮ ਭਗਵਾਨ ਸ਼ਿਵ ਦੇ ਨਾਮ' ਪ੍ਰੋਗਰਾਮ ਨੂੰ ਲੋਕਾਂ ਵੱਲੋਂ ਭਰਪੂਰ ਸਰਾਹਨਾ ਮਿਲ ਰਹੀ ਹੈ। ਜਿੰਪਾ ਨੇ ਵਿਸ਼ਵਾਸ ਪ੍ਰਗਟਾਇਆ ਕਿ 12 ਅਗਸਤ ਦੇ ਇਹ ਪ੍ਰੋਗਰਾਮ ਹੁਸ਼ਿਆਰਪੁਰ ਲਈ ਯਾਦਗਾਰ ਸਾਬਤ ਹੋਣਗੇ।

ਪ੍ਰਵਾਸੀਆਂ ਦੇ 3 ਲੱਖ ਰਾਸ਼ਨ ਕਾਰਡ ਬਣਾਉਣ ਵਿਰੁੱਧ ਰੋਸ ਮਾਰਚ ਅੱਜ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- 3 ਲੱਖ ਪ੍ਰਵਾਸੀਆਂ ਦੇ ਰਾਸ਼ਨ ਕਾਰਡ ਬਣਾਉਣ ਦੇ ਐਲਾਨ ਕਰਨ ਨਾਲ ਇਹਨਾਂ ਨੂੰ ਸਥਾਈ ਤੌਰ ਤੇ ਵਸਾਉਣ ਦੇ ਏਜੰਡੇ ਦਾ ਸਖਤ ਵਿਰੋਧ ਕਰਦਿਆਂ ਹੋਇਆਂ 7 ਅਗਸਤ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਬਸ ਸਟੈਂਡ ਤੱਕ ਰੋਸ ਮਾਰਚ ਕਰਕੇ ਸਖਤ ਵਿਰੋਧ ਕੀਤਾ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਪ੍ਰੀਤ ਸਿੰਘ ਖੁੱਡਾ ਸੀਨੀਅਰ ਆਗੂ ਮਿਸਲ ਪੰਜ ਆਬ ਨੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨਾਲ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਖੁੱਡਾ ਨੇ ਕਿਹਾ ਕਿ ਸਾਨੂੰ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਸਿੱਖ ਕੌਮ ਅਤੇ ਪੰਜਾਬ ਵਾਸੀਆਂ ਖਿਲਾਫ ਕੇਂਦਰ ਸਰਕਾਰ ਇਸ ਗੰਭੀਰ ਸਾਜਿਸ਼ ਦਾ ਪਰਦਾਫਾਸ਼ ਕਰਨ ਲਈ ਸੜਕਾਂ ਤੇ ਉਤਰਨਾ ਚਾਹੀਦਾ ਹੈ। ਇਸ ਸਮੇਂ ਰਵਿੰਦਰ ਸਿੰਘ ਕਾਹਲੋਂ, ਗੁਰਨਾਮ ਸਿੰਘ ਸਿੰਗੜੀਵਾਲਾ ਅਤੇ ਨੋਵਲਜੀਤ ਸਿੰਘ ਬੁੱਲੋਵਾਲ ਨੇ ਸਾਂਝੇ ਤੌਰ ਤੇ ਕਿਹਾ ਕਿ ਕੇਂਦਰ ਸਰਕਾਰ ਨੇ ਗਹਿਰੀ ਸਾਜਿਸ਼ ਅਧੀਨ ਸਾਡੀ ਮਿੱਟੀ, ਸਾਡੀ ਅਣਖ ਅਤੇ ਸਾਡੇ ਵਜੂਦ ਤੇ ਡਾਕਾ ਮਾਰਨ ਦੀ ਤਿਆਰੀ ਕੀਤੀ ਹੋਈ ਹੈ। ਰੋਸ ਪ੍ਰਦਰਸ਼ਨ ਵਿੱਚ ਸਮੂਹ ਸਿੱਖ ਜਥੇਬੰਦੀਆਂ ਕਿਸਾਨ ਤੇ ਸਮਾਜਿਕ ਜਥੇਬੰਦੀਆਂ ਵੱਧ ਚੜ ਕੇ ਸ਼ਮੂਲੀਅਤ ਕਰਨਗੀਆਂ। ਇਸ ਸਮੇਂ ਲਖਬੀਰ ਸਿੰਘ ਡਡਿਆਣਾ, ਰਣਵੀਰ ਸਿੰਘ ਬੈਸਤਾਨੀ, ਡਾ: ਹਰਲੀਨ ਸਿੰਘ, ਬਲਜਿੰਦਰ ਸਿੰਘ ਭੱਟੀਆਂ, ਇੱਕਬਾਲ ਸਿੰਘ ਰਾਜਾ ਕਲਾਂ, ਹਰਵਿੰਦਰ ਸਿੰਘ ਖਿੰਦਾ ਚੁੱਪੜਾ, ਹਰਜਿੰਦਰ ਸਿੰਘ ਗਿਲਾਂ, ਅਮਨਦੀਪ ਸਿੰਘ ਗਿੱਲਾਂ ਆਦਿ ਹਾਜ਼ਰ ਸਨ।

ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਇੰਡਕਸ਼ਨ ਪ੍ਰੋਗਰਾਮ

ਫਿਲੌਰ (ਨਿਰਮਲ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਸੈਸ਼ਨ 2026-27 ਦੀ ਸ਼ੁਰੂਆਤ ਕਰਦਿਆਂ ਪ੍ਰਿੰ. ਡਾ. ਰਾਜਵਿੰਦਰ ਕੌਰ ਹੁੰਦਲ ਦੀ ਯੋਗ ਅਗਵਾਈ ਅਧੀਨ ਸਮੂਹ ਸਟਾਫ ਦੇ ਸਹਿਯੋਗ ਸਦਕਾ 'ਇੰਡਕਸ਼ਨ ਪ੍ਰੋਗਰਾਮ' ਕਰਵਾਇਆ ਗਿਆ। ਮੰਚ ਸੰਚਾਲਨ ਦੀ ਭੂਮਿਕਾ ਨਿਭਾਉਂਦਿਆਂ ਡਾ. ਪਰਮਜੀਤ ਕੌਰ (ਪੰਜਾਬੀ ਵਿਭਾਗ) ਨੇ ਪ੍ਰਿੰਸੀਪਲ ਮੈਡਮ ਦੀ ਇਜਾਜ਼ਤ ਲੈਂਦਿਆਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਸਭ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਉਪਰੰਤ ਪ੍ਰਿੰਸੀਪਲ ਮੈਡਮ ਡਾ. ਰਾਜਵਿੰਦਰ ਕੌਰ ਹੁੰਦਲ ਨੇ ਸਮੂਹ ਟੀਚਿੰਗ ਸਟਾਫ਼ ਨਾਲ ਸ਼ਮ੍ਹਾਂ ਰੌਸ਼ਨ ਕਰਨ ਦੀ ਰਸਮ ਅਦਾ ਕੀਤੀ। ਇਸ ਤੋਂ ਬਾਅਦ ਮੰਚ ਸੰਚਾਲਕ ਵੱਲੋਂ ਕਾਲਜ ਦੀ ਰਿਪੋਰਟ ਪੜ੍ਹਦਿਆਂ ਕਾਲਜ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ ਗਿਆ। ਇਸ ਦੇ ਨਾਲ ਹੀ ਵਿਦਿਆਰਥੀਆਂ ਦੇ ਰੂ-ਬ-ਰੂ ਪ੍ਰਿੰ. ਡਾ. ਰਾਜਵਿੰਦਰ ਕੌਰ ਦੇ ਅਨੁਭਵੀ ਅਧਿਆਪਨ ਤੇ ਪ੍ਰਸ਼ਾਸ਼ਨਕ ਸੇਵਾਵਾਂ ਦੇ ਵਿਸ਼ਾਲ ਤਜਰਬਿਆਂ ਦੀ ਸੰਖੇਪ ਰਿਪੋਰਟ ਵੀ ਪੜ੍ਹੀ ਗਈ, ਜੋ ਕਿ ਵਿਦਿਆਰਥੀਆਂ ਲਈ ਪ੍ਰੇਰਨਾਮਈ ਸੋਮਾ ਰਹੀ।

ਪ੍ਰਿੰ. ਮੈਡਮ ਨੇ ਆਪਣੀ ਮਿਹਨਤ, ਲਗਨ ਸਦਕਾ ਜੋ ਵੀ ਸਿਰਜਣਾਤਮਕ ਕੰਮ ਕੀਤਾ ਤੇ ਅਨੇਕਾਂ ਮਾਣ-ਸਨਮਾਨ ਹਾਸਿਲ ਕੀਤੇ, ਉਸ ਤੋਂ ਵੀ ਵਿਦਿਆਰਥੀਆਂ ਨੇ ਇਹ ਸੇਧ ਲਈ ਕਿ ਸੰਘਰਸ਼ਮਈ ਜੀਵਨ ਵਿੱਚ ਮਿਹਨਤ ਨਾਲ ਜਿੱਤ ਪਾਈ ਜਾ ਸਕਦੀ ਹੈ।

ਬੰਗਾ-ਗੜ੍ਹਸ਼ੰਕਰ-ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਮਾਰਗ ਨੂੰ ਰਾਸ਼ਟਰੀ ਰਾਜਮਾਰਗ ਬਣਾਉਣ ਦੀ ਮੰਗ

ਬਲਾਚੌਰ (ਜਸਵਿੰਦਰ ਬੈਂਸ)- ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਬੰਗਾ-ਗੜ੍ਹਸ਼ੰਕਰ-ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਮਾਰਗ ਨੂੰ ਰਾਸ਼ਟਰੀ ਰਾਜਮਾਰਗ (ਨੈਸ਼ਨਲ ਹਾਈਵੇ) ਦਾ ਦਰਜਾ ਦੇਣ ਦੀ ਲੰਬੇ ਸਮੇਂ ਤੋਂ ਲਟਕ ਰਹੀ ਮੰਗ ਨੂੰ ਮੁੜ ਜ਼ੋਰਦਾਰ ਢੰਗ ਨਾਲ ਉਠਾਇਆ। ਇਸ ਦੌਰਾਨ ਉਨ੍ਹਾਂ ਮਾਰਗ ਦੀ ਧਾਰਮਿਕ, ਆਰਥਿਕ ਅਤੇ ਰਣਨੀਤਕ ਮਹੱਤਤਾ ਉਜਾਗਰ ਕਰਦਿਆਂ ਕੇਂਦਰ ਸਰਕਾਰ ਨੂੰ ਪ੍ਰੋਜੈਕਟ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ। ਕੰਗ ਨੇ ਕਿਹਾ ਕਿ ਇਹ ਸਿਰਫ਼ ਇੱਕ ਸੜਕ ਪ੍ਰੋਜੈਕਟ ਨਹੀਂ, ਸਗੋਂ ਲੱਖਾਂ ਸ਼ਰਧਾਲੂਆਂ, ਕਿਸਾਨਾਂ, ਵਪਾਰੀਆਂ, ਟਰਾਂਸਪੋਰਟਰਾਂ ਅਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਲੋਕਾਂ ਲਈ ਜੀਵਨ ਰੇਖਾ (ਲਾਈਫਲਾਈਨ) ਹੈ। ਇਹ ਮਾਰਗ ਸਿੱਖ ਧਰਮ ਦੇ ਪਵਿੱਤਰ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਨੂੰ ਹਿਮਾਚਲ ਪ੍ਰਦੇਸ਼ ਸਥਿਤ ਮਾਤਾ ਨੈਣਾ ਦੇਵੀ ਨਾਲ ਜੋੜਦਾ ਹੈ, ਜਿੱਥੇ ਹਰ ਸਾਲ ਲੱਖਾਂ ਸ਼ਰਧਾਲੂ ਨਤਮਸਤਕ ਹੋਣ ਲਈ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਇਸ ਮਾਰਗ ਨੂੰ ਰਾਸ਼ਟਰੀ ਰਾਜਮਾਰਗ ਦਾ ਦਰਜਾ ਮਿਲਣ ਨਾਲ ਯਾਤਰਾ ਹੋਰ ਸੁਰੱਖਿਅਤ ਅਤੇ ਸੁਚਾਰੂ ਬਣੇਗੀ, ਧਾਰਮਿਕ ਸੈਰ-ਸਪਾਟੇ ਨੂੰ ਵੱਡਾ ਹੁਲਾਰਾ ਮਿਲੇਗਾ, ਵਪਾਰਕ ਗਤੀਵਿਧੀਆਂ ਵਿੱਚ ਵਾਧਾ ਹੋਵੇਗਾ ਅਤੇ ਪੰਜਾਬ ਤੇ ਹਿਮਾਚਲ ਪ੍ਰਦੇਸ਼ ਵਿਚਕਾਰ ਸੰਪਰਕ ਹੋਰ ਮਜ਼ਬੂਤ ਹੋਵੇਗਾ। ਮੁਲਾਕਾਤ ਤੋਂ ਬਾਅਦ ਕੰਗ ਨੇ ਦੱਸਿਆ ਕਿ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਇਸ ਮੰਗ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਇਸ ਸਬੰਧੀ ਸਕਾਰਾਤਮਕ ਭਰੋਸਾ ਦਿੱਤਾ ਹੈ।

ਊਧਮ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਦੇਸ਼ ਹਮੇਸ਼ਾ ਯਾਦ ਰੱਖੇਗਾ : ਡਾ. ਨਵਜੋਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਦੇਸ਼ ਦੀ ਆਜ਼ਾਦੀ ਦੀ ਲੜਾਈ ਨੂੰ ਨਵੀਂ ਦਿਸ਼ਾ ਦੇਣ ਵਾਲੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਦੀ ਬੇਮਿਸਾਲ ਸ਼ਹਾਦਤ ਭਾਰਤੀ ਇਤਿਹਾਸ ਦਾ ਸੁਨਹਿਰੀ ਅਧਿਆਏ ਹੈ ਅਤੇ ਦੇਸ਼ ਦੀ ਆਜ਼ਾਦੀ, ਅਣਖ ਅਤੇ ਸਵੈ-ਮਾਣ ਲਈ ਸਮਰਪਣ ਵਾਲੇ ਗੁਣ ਧਾਰਨ ਕਰਨੇ ਚਾਹੀਦੇ ਹਨ। ਇਸ ਮੌਕੇ ਸ਼ਰਧਾਂਜਲੀ ਭੇਟ ਕਰਦਿਆਂ ਮਾਸਟਰ ਚਰਨ ਸਿੰਘ ਹੈਬਤਪੁਰ ਸਰਪ੍ਰਸਤ ਆਲ ਇੰਡੀਆ ਕਿਸਾਨ ਸਭਾ ਕਪੂਰਥਲਾ, ਮੁਕੰਦ ਸਿੰਘ ਕਿਸਾਨ ਸਭਾ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਨੇ ਦੁਸ਼ਮਣ ਦੇ ਦੇਸ਼ ਵਿੱਚ ਕੇ ਉਸ ਨੂੰ ਲਲਕਾਰ ਕੇ ਮਾਰਨ ਦਾ ਜੋ ਕਾਰਜ ਕੀਤਾ ਉਸ ਦੀ ਦੁਨੀਆਂ ਵਿੱਚ ਕਿਧਰੇ ਹੋਰ ਮਿਸਾਲ ਨਹੀਂ ਮਿਲਦੀ।ਇਸ ਮੌਕੇ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ ਦੇ ਪ੍ਰਧਾਨ ਡਾਕਟਰ ਬਲਜੀਤ ਕੌਰ, ਸਕੱਤਰ ਐਡ ਰਜਿੰਦਰ ਸਿੰਘ ਰਾਣਾ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਰਨੈਲ ਸਿੰਘ ਸੰਧਾ, ਡਾ ਨਵਜੋਤ ਕੌਰ,ਜੱਗਾ ਸਿੰਘ ਸਾਬਕਾ ਸਰਪੰਚ ਫੌਜੀ ਕਲੋਨੀ, ਕਬੀਰ ਸਿੰਘ, ਬਿੰਦਰ ਕੌਰ ਚੱਕ ਕੋਟਲਾ, ਵਾਰਿਸ ਸਿੰਘ, ਅਨੂਪ ਕੌਰ ਚੱਕ ਕੋਟਲਾ, ਭਾਰਤੀ ਕਮਿਊਨਿਸਟ ਪਾਰਟੀ ਕਪੂਰਥਲਾ ਹਰਿੰਦਰ ਸਿੰਘ ਚੀਮਾ ਜ਼ਿਲ੍ਹਾ ਸੈਕਟਰੀ, ਅਜੀਤ ਸਿੰਘ ਅੌਜਲਾ ਮੀਤ ਸਕੱਤਰ, ਮਾਸਟਰ ਚਰਨ ਸਿੰਘ ਹੈਬਤਪੁਰ ਸਰਪ੍ਰਸਤ ਆਲ ਇੰਡੀਆ ਕਿਸਾਨ ਸਭਾ ਕਪੂਰਥਲਾ, ਸੁੱਚਾ ਸਿੰਘ ਮਿਰਜ਼ਾ ਪੁਰ ਪ੍ਰਧਾਨ ਪੰਜਾਬ ਸਰਕਾਰ ਪੈਨਸ਼ਨਰਜ਼ ਐਸੋਸੀਏਸ਼ਨ,ਦਿਆਲ ਸਿੰਘ ਦੀਪੇਵਾਲ, ਮੁਕੰਦ ਸਿੰਘ ਭੁਲਾਣਾ ਕਿਸਾਨ ਸਭਾ ਕਪੂਰਥਲਾ, ਕਿਸਾਨ ਆਗੂ ਸਰਵਣ ਸਿੰਘ ਕਰਮਜੀਤਪੁਰ , ਜਗਗੂਰਪ ਸਿੰਘ ਮੋਖੇ ਆਦਿ ਵੀ ਹਾਜ਼ਰ ਸਨ।

ਦਿੱਤੀ ਗਈ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਦੇਸ਼ ਹਮੇਸ਼ਾ ਯਾਦ ਰੱਖੇਗਾ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਹੀਦ ਊਧਮ ਸਿੰਘ ਮਮੋਰੀਅਲ ਟਰਸਟ ਵੱਲੋਂ ਕਰਵਾਏ ਗਏ ਸ਼ਹੀਦੀ ਸਮਾਰੋਹ ਦੌਰਾਨ ਊਧਮ ਮਲਟੀ ਸਪੈਸ਼ਲਿਟੀ ਡੈਂਟਲ ਹਸਪਤਾਲ ਦੇ ਡਾ. ਅਮਤੋਜ ਸਿੰਘ ਤੇ ਡਾਕਟਰ ਨਵਜੋਤ ਕੌਰ ਨੇ ਉਹਨਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਭੇਟ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੇ ਜੀਵਨ ਤੇ ਸਾਹਸ ਬਲੀਦਾਨ, ਇਮਾਨਦਾਰੀ, ਦੇਸ਼ ਦੀ ਸੇਵਾ ਲਈ ਹਮੇਸ਼ਾਂ ਵਚਨਬੱਧ ਅਤੇ ਤਿਆਰ ਰਹਿਣਾ,

ਐਚ ਐਮ ਵੀ ਦੀਆਂ ਵਿਦਿਆਰਥਣਾਂ ਦਾ 'ਵਰਸਿਟੀ ਪ੍ਰੀਖਿਆਵਾਂ 'ਚ ਸ਼ਾਨਦਾਰ ਪ੍ਰਦਰਸ਼ਨ

ਜਲੰਧਰ (ਸ਼ੈਲੀ ਐਲਬਰਟ)- ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ ਜਲੰਧਰ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੀਆਂ ਵਿਦਿਆਰਥਣਾਂ ਨੇ ਮਈ 2026 ਵਿੱਚ ਹੋਈਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕਰਦੇ ਹੋਏ, ਪੂਜਾ ਨੇ 7.95 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਗੁਰਲੀਨ ਕੌਰ ਨੇ 7.86 ਸੀ ਜੀ ਪੀ ਏ ਨਾਲ ਪੰਜਵਾਂ ਸਥਾਨ ਪ੍ਰਾਪਤ ਕੀਤਾ। ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਹੋਣਹਾਰ ਵਿਦਿਆਰਥੀਆਂ, ਵਿਭਾਗ ਮੁਖੀ ਸ਼੍ਰੀਮਤੀ ਕੁਲਜੀਤ ਕੌਰ ਅਤੇ ਫੈਕਲਟੀ ਮੈਂਬਰਾਂ ਨੂੰ ਉਨ੍ਹਾਂ ਦੇ ਸਮਰਪਿਤ ਯਤਨਾਂ ਲਈ ਸਨਮਾਨਿਤ ਕੀਤਾ। ਪ੍ਰਾਪਤੀਆਂ ਨੂੰ ਵਧਾਈ ਦਿੰਦੇ ਹੋਏ, ਡਾ. ਖੋਸਲਾ ਨੇ ਉਨ੍ਹਾਂ ਦੀ ਸਫਲਤਾ 'ਤੇ ਮਾਣ ਪ੍ਰਗਟ ਕੀਤਾ ਅਤੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਸੰਸਥਾ ਦੇ ਮਜ਼ਬੂਤ ਅਕਾਦਮਿਕ ਸੱਭਿਆਚਾਰ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਵਿੱਚ ਸਫਲਤਾ ਦੀ ਕਾਮਨਾ ਕੀਤੀ। ਪੰਜਾਬੀ ਵਿਭਾਗ ਦੇ ਸਾਬਕਾ ਮੁਖੀ ਡਾ. ਨਵਰੂਪ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਫੈਕਲਟੀ ਦੀ ਉਨ੍ਹਾਂ ਦੇ ਨਿਰੰਤਰ ਮਾਰਗਦਰਸ਼ਨ ਅਤੇ ਵਚਨਬੱਧਤਾ ਲਈ ਸ਼ਲਾਘਾ ਕੀਤੀ। ਇਸ ਮੌਕੇ ਡਾ. ਮਨਦੀਪ ਕੌਰ, ਡਾ. ਸੰਦੀਪ ਕੌਰ, ਸ਼੍ਰੀਮਤੀ ਸੁਖਵਿੰਦਰ ਕੌਰ ਅਤੇ ਸ਼੍ਰੀਮਤੀ ਨਿਸ਼ਾ ਨੇ ਸ਼ਿਰਕਤ ਕੀਤੀ, ਜੋ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ ਦਾ ਜਸ਼ਨ ਮਨਾਉਣ ਵਿੱਚ ਸ਼ਾਮਲ ਹੋਈਆਂ।

ਐੱਸ ਆਈ ਆਰ ਮੁਹਿੰਮ 'ਚ 92.50 ਫੀਸਦੀ ਵੋਟਰ ਕੀਤੇ ਕਵਰ

ਬਲਾਚੌਰ (ਜਸਵਿੰਦਰ ਬੈਂਸ)- ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦਾ ਪਹਿਲਾ ਪੜਾਅ ਸਫਲਤਾ ਪੂਰਵਕ ਮੁਕੰਮਲ ਹੋ ਗਿਆ ਹੈ, ਜਿਸ ਦੌਰਾਨ ਘਰ-ਘਰ ਜਾ ਕੇ ਕੀਤੀ ਗਈ ਗਿਣਤੀ ਦੀ ਪ੍ਰਕਿਰਿਆ ਵਿੱਚ ਜ਼ਿਲ੍ਹੇ ਦੇ 92.50% ਫੀਸਦੀ ਵੋਟਰਾਂ ਨੂੰ ਕਵਰ ਕੀਤਾ ਗਿਆ ਹੈ। ਜ਼ਿਲ੍ਹੇ ਨੇ ਕੁੱਲ 4,82,925 ਰਜਿਸਟਰਡ ਵੋਟਰਾਂ ਵਿੱਚੋਂ 4,46,702 ਵੋਟਰਾਂ ਦੇ ਫਾਰਮ ਡਿਜੀਟਲ ਕਰ ਲਏ ਹਨ, ਜੋ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਚਲਾਈ ਜਾ ਰਹੀ ਵੋਟਰ ਸੂਚੀ ਸੁਧਾਈ ਮੁਹਿੰਮ ਵਿੱਚ ਇੱਕ ਅਹਿਮ ਪੜਾਅ ਹੈ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲ

ਸਮੈਸਟਰ ਪ੍ਰੀਖਿਆਵਾਂ 'ਚ ਵੀ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਜਲੰਧਰ (ਨ ਜ਼ ਸ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਨੇ ਯੂਨੀਵਰਸਿਟੀ ਦੀਆਂ ਸਮੈਸਟਰ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਨਵੇਂ ਮੀਲ ਪੱਥਰ ਸਥਾਪਤ ਕੀਤੇ ਹਨ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਾਲਜ

ਦੀ ਓ.ਐੱਸ.ਡੀ. ਪ੍ਰੋ. (ਡਾ.) ਨਵਜੋਤ ਕੌਰ ਨੇ ਦੱਸਿਆ ਕਿ ਕਾਲਜ ਦੇ ਮੈਨਜਮੈਂਟ ਵਿਭਾਗ ਦੇ ਐੱਮ ਬੀ ਏ ਫਾਈਵ ਯੀਅਰ ਇੰਟੀਗ੍ਰੇਟਿਡ ਪ੍ਰੋਗਰਾਮ (ਐੱਫ ਵਾਈ ਆਈ ਪੀ) ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਦਸੰਬਰ 2025 ਅਤੇ ਮਈ 2026 ਦੀਆਂ ਸਮੈਸਟਰ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਯੂਨੀਵਰਸਿਟੀ ਪੁਜ਼ੀਸ਼ਨਾਂ ਹਾਸਲ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਉਨ੍ਹਾਂ ਦੱਸਿਆ ਕਿ ਦਸੰਬਰ 2025 ਦੀਆਂ ਪ੍ਰੀਖਿਆਵਾਂ ਵਿੱਚ ਐੱਮ ਬੀ ਏ ਐੱਫ ਵਾਈ ਆਈ ਪੀ ਪੰਜਵੇਂ ਸਮੈਸਟਰ ਦੇ ਵਿਦਿਆਰਥੀ ਰਾਹੁਲ ਸਲਹੋਤਰਾ ਨੇ 9.33 ਐੱਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਪ੍ਰਭਜੋਤ ਨੇ 9.25 ਐੱਸ ਜੀ ਪੀ ਏ ਨਾਲ ਦੂਜਾ ਅਤੇ ਤੀਸ਼ਾ ਕਨੋਜੀਆ ਨੇ 9.17 ਐੱਸ ਜੀ ਪੀ ਏ ਨਾਲ ਤੀਜਾ ਯੂਨੀਵਰਸਿਟੀ ਸਥਾਨ ਹਾਸਲ ਕੀਤਾ। ਇਸ ਤਰ੍ਹਾਂ ਕਾਲਜ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੀਆਂ ਪਹਿਲੀਆਂ ਤਿੰਨੋਂ ਪੁਜ਼ੀਸ਼ਨਾਂ ਆਪਣੇ ਨਾਮ ਕਰਕੇ ਇਤਿਹਾਸਕ ਪ੍ਰਾਪਤੀ ਦਰਜ ਕੀਤੀ ਹੈ। ਪ੍ਰੋ. (ਡਾ.) ਨਵਜੋਤ ਕੌਰ ਨੇ ਅੱਗੇ ਦੱਸਿਆ ਕਿ ਮਈ 2026 ਦੀਆਂ ਸਮੈਸਟਰ ਪ੍ਰੀਖਿਆਵਾਂ ਵਿੱਚ ਵੀ ਵਿਦਿਆਰਥੀਆਂ ਨੇ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖਿਆ। ਪ੍ਰਭਜੋਤ ਅਤੇ ਰਾਹੁਲ ਸਲਹੋਤਰਾ ਨੇ 9.00 ਐੱਸ ਜੀ ਪੀ ਏ ਨਾਲ ਸਾਂਝੇ ਤੌਰ 'ਤੇ ਚੌਥਾ ਯੂਨੀਵਰਸਿਟੀ ਸਥਾਨ ਪ੍ਰਾਪਤ ਕੀਤਾ, ਜਦਕਿ ਤੀਸ਼ਾ ਕਨੋਜੀਆ ਨੇ 8.83 ਐੱਸ ਜੀ ਪੀ ਏ ਨਾਲ ਪੰਜਵਾਂ ਯੂਨੀਵਰਸਿਟੀ ਸਥਾਨ ਹਾਸਲ ਕੀਤਾ। ਉਨ੍ਹਾਂ ਕਿਹਾ ਕਿ ਹੋਰ ਵਿਦਿਆਰਥੀਆਂ ਨੇ ਵੀ ਯੂਨੀਵਰਸਿਟੀ ਮੈਰਿਟ ਸੂਚੀ ਵਿੱਚ ਆਪਣੀ ਥਾਂ ਬਣਾਈ। ਦਸੰਬਰ 2025 ਦੀਆਂ ਪ੍ਰੀਖਿਆਵਾਂ ਵਿੱਚ ਰਵੀਨਾ ਅਤੇ ਰਿਸ਼ੀ ਨੇ ਸਾਂਝੇ ਤੌਰ 'ਤੇ ਅੱਠਵਾਂ, ਏਕਤਾ ਸ਼ਰਮਾ ਅਤੇ ਦਿਸ਼ਿਤਾ ਨੇ ਸਾਂਝੇ ਤੌਰ 'ਤੇ ਨੌਵਾਂ ਅਤੇ ਤਨੀਸ਼ਾ ਨੇ ਦਸਵਾਂ ਯੂਨੀਵਰਸਿਟੀ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਮਈ 2026 ਦੀਆਂ ਪ੍ਰੀਖਿਆਵਾਂ ਵਿੱਚ ਏਕਤਾ ਸ਼ਰਮਾ ਨੇ ਅੱਠਵਾਂ, ਜਦਕਿ ਰਵੀਨਾ ਅਤੇ ਦਿਸ਼ਿਤਾ ਨੇ ਸਾਂਝੇ ਤੌਰ 'ਤੇ ਦਸਵਾਂ ਯੂਨੀਵਰਸਿਟੀ ਸਥਾਨ ਪ੍ਰਾਪਤ ਕੀਤਾ। ਪ੍ਰੋ. (ਡਾ.) ਨਵਜੋਤ ਨੇ ਕਿਹਾ ਕਿ ਇਹ ਨਤੀਜੇ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦੇ ਨਾਲ-ਨਾਲ ਪ੍ਰਬੰਧਨ ਵਿਭਾਗ ਦੇ ਅਧਿਆਪਕਾਂ ਦੀ ਨਿਰੰਤਰ ਮਿਹਨਤ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਜਲੰਧਰ ਹਮੇਸ਼ਾ ਗੁਣਵੱਤਾ ਭਰਪੂਰ ਸਿੱਖਿਆ ਅਤੇ ਅਕਾਦਮਿਕ ਉੱਤਮਤਾ ਲਈ ਵਚਨਬੱਧ ਰਿਹਾ ਹੈ ਅਤੇ ਇਹ ਸ਼ਾਨਦਾਰ ਨਤੀਜੇ ਇਸੇ ਵਚਨਬੱਧਤਾ ਦਾ ਪ੍ਰਤੀਕ ਹਨ। ਉਨ੍ਹਾਂ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਨਵੀਆਂ ਉਚਾਈਆਂ ਨੂੰ ਛੂੰਹਦੇ ਹੋਏ ਕਾਲਜ ਦੀ ਸ਼ਾਨ ਵਿੱਚ ਹੋਰ ਵਾਧਾ ਕਰਨਗੇ।ਇਸ ਮੌਕੇ ਡਾ.ਅਸ਼ੀਸ਼ ਅਰੋੜਾ, ਡਾ. ਸੰਜੀਵ ਅਰੋੜਾ, ਡਾ. ਨੇਹਾ ਕਾਲੜਾ, ਡਾ. ਦਿਕਸ਼ਾ, ਹਿਤੇਸ਼, ਇਕਾਸਦੀਪ ਸਿੰਘ ਅਤੇ ਦੀਪਤੀ ਠਾਕੁਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਪਿੰਡ ਘਮੋਰ ਦੇ ਛੱਪੜ ਦਾ ਮੁੱਦਾ ਪੁੱਜਿਆ ਚੰਡੀਗੜ੍ਹ

ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਇਨਸਾਫ਼ ਦਾ ਦਿੱਤਾ ਭਰੋਸਾ

ਬਲਾਚੌਰ (ਜਸਵਿੰਦਰ ਬੈਂਸ)- ਸਬ-ਡਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਘਮੋਰ ਦੀ ਐਸ.ਸੀ. ਬਸਤੀ ਵਿੱਚ ਗੰਦੇ ਪਾਣੀ ਦੇ ਨਿਕਾਸ ਦੀ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਹੁਣ ਚੰਡੀਗੜ੍ਹ ਤੱਕ ਪਹੁੰਚ ਗਈ ਹੈ। ਪਿੰਡ ਵਾਸੀਆਂ ਨੇ

ਇਸ ਮਾਮਲੇ ਸਬੰਧੀ ਪੰਜਾਬ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਮਿਲ ਕੇ ਮੰਗ ਪੱਤਰ ਸੌਂਪਿਆ ਹੈ। ਚੇਅਰਮੈਨ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਇਨਸਾਫ਼ ਦੇਣ ਅਤੇ ਸਮੱਸਿਆ ਦਾ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਹੈ। ਪਿੰਡ ਵਾਸੀਆਂ ਰਵਿੰਦਰ ਸਿੰਘ, ਜਤਿੰਦਰ ਸਿੰਘ ਅਤੇ ਜਗਦੀਸ਼ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਬਸਤੀ ਦੇ ਘਰਾਂ ਦਾ ਗੰਦਾ ਅਤੇ ਬਰਸਾਤੀ ਪਾਣੀ ਪਹਿਲਾਂ ਖਸਰਾ ਨੰਬਰ 45 ਵਿੱਚ ਦਰਜ ਪੰਚਾਇਤੀ ਛੱਪੜ ਵਿੱਚ ਜਾਂਦਾ ਸੀ, ਜਿਸ ਨਾਲ ਇਲਾਕੇ ਵਿੱਚ ਗੰਦਗੀ ਨਹੀਂ ਫੈਲਦੀ ਸੀ।ਉਨ੍ਹਾਂ ਦਾ ਦੋਸ਼ ਹੈ ਕਿ ਸਾਲ 2015-16 ਦੌਰਾਨ ਬਣੀ ਨਵੀਂ ਗ੍ਰਾਮ ਪੰਚਾਇਤ ਨੇ ਇਸ ਛੱਪੜ ਵਾਲੀ ਜ਼ਮੀਨ ਨੂੰ ਨੇੜਲੇ ਮੰਦਰ ਦੇ ਤਲਾਬ ਲਈ ਵਰਤਣ ਵਾਸਤੇ ਦੇ ਦਿੱਤਾ, ਜਿਸ ਕਾਰਨ ਬਸਤੀ ਦੇ ਗੰਦੇ ਪਾਣੀ ਦਾ ਨਿਕਾਸ ਪੂਰੀ ਤਰ੍ਹਾਂ ਰੁਕ ਗਿਆ। ਇਸ ਤੋਂ ਬਾਅਦ ਗਲੀਆਂ ਵਿੱਚ ਪਾਣੀ ਖੜ੍ਹਾ ਰਹਿਣ ਲੱਗ ਪਿਆ ਅਤੇ ਕਈ ਵਾਰ ਓਵਰਫਲੋ ਹੋ ਕੇ ਘਰਾਂ ਅੰਦਰ ਵੀ ਦਾਖਲ ਹੋ ਜਾਂਦਾ ਹੈ।ਇਸ ਸਬੰਧੀ ਉਹ ਪਹਿਲਾਂ ਤਹਿਸੀਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਕੋਲ ਵੀ ਕਈ ਵਾਰ ਗੁਹਾਰ ਲਗਾ ਚੁੱਕੇ ਹਨ, ਪਰ ਅਜੇ ਤੱਕ ਕੋਈ ਢੁੱਕਵਾਂ ਹੱਲ ਨਹੀਂ ਨਿਕਲਿਆ।ਇਸੇ ਕਾਰਨ ਪਿੰਡ ਵਾਸੀਆਂ ਨੇ ਹੁਣ ਚੰਡੀਗੜ੍ਹ ਪਹੁੰਚ ਕੇ ਪੰਜਾਬ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਮੰਗ ਪੱਤਰ ਸੌਂਪਦਿਆਂ ਜਲਦ ਇਨਸਾਫ਼ ਦੀ ਮੰਗ ਕੀਤੀ ਹੈ।ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਦਿੱਤੇ ਗਏ ਬੇਨਤੀ ਪੱਤਰ ਦੀ ਨਿਰਪੱਖ ਅਤੇ ਵਿਸਥਾਰਪੂਰਵਕ ਜਾਂਚ ਕਰਵਾਈ ਜਾਵੇਗੀ। ਜਾਂਚ ਦੌਰਾਨ ਜੋ ਵੀ ਤੱਥ ਸਾਹਮਣੇ ਆਉਣਗੇ, ਉਨ੍ਹਾਂ ਦੇ ਆਧਾਰ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਭਗੌੜਾ ਦੋਸ਼ੀ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)- ਸਪੈਸ਼ਲ ਬਰਾਂਚ ਦੀ ਟੀਮ ਨੇ ਚੋਰੀ ਦੇ ਦੋਸ਼ ਅਧੀਨ ਭਗੌੜਾ ਕਰਾਰ ਦਿੱਤੇ ਗਏ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਟਾਂਡਾ ਪੁਲਿਸ ਹਵਾਲੇ ਕੀਤਾ।

ਸਪੈਸ਼ਲ ਬਰਾਂਚ ਦੀ ਪੁਲਿਸ ਟੀਮ ਵਿੱਚ ਸ਼ਾਮਿਲ ਏ ਐੱਸ ਆਈ ਤਰਲੋਚਨ ਸਿੰਘ, ਏ ਐੱਸ ਆਈ ਜਸਪਾਲ ਸਿੰਘ, ਏ ਐੱਸ ਆਈ ਸੁਰਿੰਦਰ ਸਿੰਘ ਅਤੇ ਏ ਐੱਸ ਆਈ ਅਮਰਜੀਤ ਸਿੰਘ ਦੀ ਟੀਮ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਭਗੌੜੇ ਦੀ ਪਛਾਣ ਸੰਦੀਪ ਸਿੰਘ ਪੁੱਤਰ ਸਤਪਾਲ ਸਿੰਘ ਵਾਸੀ ਖੋਖਰ ਦਵਾਖਰੀ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਉਕਤ ਦੋਸ਼ੀ ਉਪਰ ਟਾਂਡਾ ਪੁਲਿਸ ਨੇ 22 ਸਤੰਬਰ 2023 ਨੂੰ ਚੋਰੀ ਦਾ ਮਾਮਲਾ ਦਰਜ ਕੀਤਾ ਸੀ ਤੇ ਮਾਣਯੋਗ ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੀ ਅਦਾਲਤ ਨੇ 18 ਅਪ੍ਰੈਲ 2026 ਨੂੰ ਭਗੌੜਾ ਕਰਾਰ ਦਿੱਤਾ ਸੀ ਜਿਸ ਨੂੰ ਸਪੈਸ਼ਲ ਬਰਾਂਚ ਦੀ ਟੀਮ ਨੇ ਗ੍ਰਿਫ਼ਤਾਰ ਕਰਕੇ ਟਾਂਡਾ ਪੁਰਸ ਹਵਾਲੇ ਕੀਤਾ ਹੈ।

ਲਾਭਪਾਤਰੀ ਕਾਰਡ ਬਣਾਉਣ ਲਈ ਫਰੀ ਕੈਂਪ ਲਗਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਮੇਹਟੀਆਣਾ ਵਿੱਚ ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਦੇ ਸੰਯੋਗ ਨਾਲ, ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਮ ਪੀ ਡਾਕਟਰ ਰਾਜ ਕੁਮਾਰ ਚੱਬੇਵਾਲ, ਐੱਮ ਐੱਲ ਏ ਡਾ. ਇਸ਼ਾਕ ਕੁਮਾਰ ਚੱਬੇਵਾਲ ਦੀ ਅਗਵਾਈ ਹੇਠ ਮਜ਼ਦੂਰਾਂ ਲਈ ਚੱਲ ਰਹੀਆਂ ਭਲਾਈ ਸਕੀਮਾਂ ਵਾਸਤੇ ਪੰਜਾਬ ਸਰਕਾਰ ਵੱਲੋਂ ਲਾਭਪਾਤਰੀ ਕਾਰਡ ਬਣਾਉਣ ਲਈ

ਇੱਕ ਵਿਸ਼ੇਸ਼ ਫਰੀ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਮਾਣਯੋਗ ਸਹਾਇਕ ਕਮਿਸ਼ਨਰ ਵਿਨੋਦ ਕੁਮਾਰ, ਲੇਬਰ ਇੰਸਪੈਕਟਰ ਅਨਿਕੇਤ ਸਾਹਿਬ ਹੁਸ਼ਿਆਰਪੁਰ ਵੱਲੋਂ ਆਨਲਾਈਨ ਲਾਭਪਾਤਰੀ ਰਜਿਸਟ੍ਰੇਸ਼ਨ ਲਈ ਆਪਣੀ ਟੀਮ ਭੇਜੀ ਗਈ। ਇਸ ਕੈਂਪ ਵਿੱਚ ਫ੍ਰੀ ਆਨਲਾਈਨ 93 ਲਾਭਪਾਤਰੀ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਇਸ ਕੈਂਪ ਦਾ ਫਾਇਦਾ ਲੈਣ ਲਈ ਤਕਰੀਬਨ ਡੇਢ ਸੌ ਤੋਂ ਵੱਧ ਮਜ਼ਦੂਰਾਂ ਨੇ ਹਿੱਸਾ ਲਿਆ। ਇਸ ਮੌਕੇ ਤੇ ਵਿਸ਼ੇਸ਼ ਉਸਾਰੀ ਮਜ਼ਦੂਰਾਂ ਦੇ ਲੇਬਰ ਪ੍ਰਧਾਨ ਪੰਜਾਬ ਸੰਜੀਵ ਕੁਮਾਰ ਮੇਹਟੀਆਣਾ ਵਲੋਂ ਮਜ਼ਦੂਰਾਂ ਲਈ ਫਰੀ ਫਾਰਮ ਦਿੱਤੇ ਗਏ ਅਤੇ ਆਪਣੀ ਟੀਮ ਦੀ ਸਹਾਇਤਾ ਨਾਲ ਮਜ਼ਦੂਰਾਂ ਦੇ ਫਾਰਮ ਭਰਵਾਏ ਗਏ ਮਜ਼ਦੂਰਾਂ ਵਾਸਤੇ ਚਾਹ ਪਾਣੀ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਮੌਕੇ ਤੇ ਲੇਬਰ ਪ੍ਰਧਾਨ ਸੰਜੀਵ ਕੁਮਾਰ ਨੇ ਮਜ਼ਦੂਰਾਂ ਵਾਸਤੇ ਚੱਲ ਰਹੀਆਂ ਭਲਾਈ ਸਕੀਮਾਂ ਬਾਰੇ ਮਜ਼ਦੂਰਾਂ ਨੂੰ ਜਾਣਕਾਰੀ ਦਿੱਤੀ।ਇਸ ਮੌਕੇ ਤੇ ਕ੍ਰਿਸਨ ਦਿਆਲ, ਦਲਵੀਰ ਸਿੰਘ, ਕੰਦੋਲਾ, ਪ੍ਰਧਾਨ ਕਰਮਜੀਤ ਰਾਏ, ਪ੍ਰਧਾਨ ਮਨਜਿੰਦਰ ਸਿੰਘ ਪੈਸਰਾ, ਕੁਲਦੀਪ ਸਿੰਘ ਭੁੰਗਰਨੀ, ਜਸਵਿੰਦਰ ਸਿੰਘ ਬੰਬੇਲੀ ਆਦਿ ਹਾਜ਼ਰ ਸਨ।

ਕਲੈਰੀਕਲ ਮੁਲਾਜ਼ਮਾਂ ਵੱਲੋਂ ਅੱਜ ਸਮੂਹਿਕ ਛੁੱਟੀ 'ਤੇ ਜਾਣ ਦਾ ਐਲਾਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਸੂਬਾ ਕਮੇਟੀ ਦੀ ਕਾਲ ਤੇ ਪੰਜਾਬ ਭਰ ਦੇ ਦਫਤਰਾਂ ਅਤੇ ਚੰਡੀਗੜ੍ਹ ਸਥਿਤ ਡਾਇਰੈਕਟੋਰੇਟ ਦਫਤਰਾਂ ਵਿੱਚ ਮਨਿਸਟੀਰੀਅਲ ਕਰਮਚਾਰੀ ਵੱਲੋਂ ਕਲਮ ਛੋੜ ਹੜਤਾਲ ਕੀਤੀ ਗਈ। ਇਹ ਕਰਮਚਾਰੀ ਆਪਣੇ ਹੱਕੀ ਮੰਗਾਂ ਜਿਸ ਵਿੱਚ ਪੈਂਡਿਗ ਡੀ.ਏ. ਰੀਲੀਜ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, 15.01.15 ਅਤੇ 17.07.20 ਦੇ ਪੱਤਰ ਰੱਦ ਕਰਨਾ, ਬੰਦ ਕੀਤੇ ਭੱਤਿਆਂ ਨੂੰ ਮੁੜ ਬਹਾਲ ਕਰਨਾ,ਏ.ਸੀ.ਪੀ. ਨੂੰ ਲਾਗੂ ਕਰਨਾ, ਟਾਈਪ ਟੈਸਟ ਦੀ ਥਾਂ ਤੇ ਕੰਪਿਊਟਰ ਟ੍ਰੇਨਿੰਗ ਲਾਗੂ ਕਰਨਾ ਆਊਟ ਸੋਰਸ ਤੇ ਕੰਮ ਕਰਦੇ ਸਾਰੇ ਕਰਮਚਾਰੀਆਂ ਨੂੰ ਪੱਕੇ ਕਰਨਾ, ਪੈਨਸ਼ਨਰਾਂ ਦੀ ਪੈਨਸ਼ਨ ਤੇ 2.59 ਦਾ ਗੁਣਾਂਕ ਲਾਗੂ ਕਰਨਾ ਆਦਿ ਸ਼ਾਮਿਲ ਹਨ। ਇਸ ਜਿਲ੍ਹੇ ਵਿੱਚ ਵੀ ਹੜਤਾਲ ਮੁਕੰਮਲ ਰਹੀ। ਹੜਤਾਲ ਕਰਨ ਵਾਲੇ ਮੁੱਖ ਦਫਤਰਾਂ ਵਿੱਚ ਡੀ ਸੀ ਦਫਤਰ, ਲੋਕ ਨਿਰਮਾਣ ਵਿਭਾਗ, ਸਿੰਚਾਈ ਵਿਭਾਗ, ਸਿੱਖਿਆ ਵਿਭਾਗ, ਖੇਤੀਬਾੜੀ ਵਿਭਾਗ, ਬਾਗਵਾਨੀ ਵਿਭਾਗ, ਜਿਲ੍ਹਾ ਇੰਡਸਟਰੀ ਵਿਭਾਗ, ਆਈ ਟੀ ਆਈ ਵਿਭਾਗ, ਭੂਮੀ ਰੱਖਿਆ ਵਿਭਾਗ, ਸਮਾਜਿਕ ਸੁਰੱਖਿਆ ਵਿਭਾਗ, ਪੰਜਾਬ ਰੋਡਵੇਜ਼ ਵਿਭਾਗ, ਜੰਗਲਾਤ ਵਿਭਾਗ, ਸਹਿਕਾਰਤਾ ਵਿਭਾਗ, ਸਿਵਲ ਸਰਜਨ ਵਿਭਾਗ, ਪੋਲੀਟੈਕਨੀਕਲ ਵਿਭਾਗ ਆਦਿ ਸ਼ਾਮਿਲ ਸਨ। ਇਹ ਜਾਣਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਨੀਰੁਧ ਮੋਦਗਿਲ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਬਿਆਨ ਰਾਹੀਂ ਦਿੱਤੀ ਗਈ। 7 ਅਗਸਤ ਨੂੰ ਸਾਰੇ ਮੁਲਾਜਮ ਸਮੂਹਿਕ ਛੁੱਟੀ ਲੈ ਕੇ ਚੰਡੀਗੜ੍ਹ ਵਿਖੇ ਸਾਂਝੇ ਐਕਸ਼ਨ ਵਿੱਚ ਸ਼ਮੂਲੀਅਤ ਕਰਨਗੇ।

ਸਿਵਲ ਹਸਪਤਾਲ 'ਚ ਤਿੰਨ ਔਰਤਾਂ ਤੇ ਇੱਕ ਨਵਜੰਮੇ ਦੀ ਮੌਤ, ਜਾਂਚ ਦੀ ਮੰਗ

ਜ਼ੀਰਕਪੁਰ (ਜਤਿੰਦਰ ਕੁਮਾਰ)- ਪੰਚਕੂਲਾ ਦੇ ਸਿਵਲ ਹਸਪਤਾਲ ਵਿੱਚ ਪਿਛਲੇ 28 ਦਿਨਾਂ ਦੌਰਾਨ ਜਨੇਪੇ ਨਾਲ ਜੁੜੇ ਚਾਰ ਮੌਤਾਂ ਦੇ ਮਾਮਲਿਆਂ ਨੇ ਸਿਹਤ ਪ੍ਰਣਾਲੀ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਨ੍ਹਾਂ ਵਿੱਚ ਤਿੰਨ ਜੱਚਾਵਾਂ ਅਤੇ ਇੱਕ ਨਵਜੰਮੇ ਬੱਚੇ ਦੀ ਮੌਤ ਸ਼ਾਮਲ ਹੈ। ਲਗਾਤਾਰ ਵਾਪਰੀਆਂ ਇਨ੍ਹਾਂ ਘਟਨਾਵਾਂ ਤੋਂ ਬਾਅਦ ਸਿਹਤ ਵਿਭਾਗ ਨੇ ਮਾਮਲੇ ਦਾ ਨੋਟਿਸ ਲੈਂਦਿਆਂ ਜਾਂਚ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕਾਂ ਦੇ ਪਰਵਾਰਾਂ ਨੇ ਹਸਪਤਾਲ ਪ੍ਰਸ਼ਾਸਨ 'ਤੇ ਇਲਾਜ ਵਿੱਚ ਲਾਪਰਵਾਹੀ, ਸਮੇਂ ਸਿਰ ਲੋੜੀਂਦੀਆਂ ਸਿਹਤ ਸੇਵਾਵਾਂ ਨਾ ਦੇਣ ਅਤੇ ਗੰਭੀਰ ਮਰੀਜ਼ਾਂ ਦੇ ਇਲਾਜ ਵਿੱਚ ਦੇਰੀ ਕਰਨ ਦੇ ਦੋਸ਼ ਲਗਾਏ ਹਨ। ਪਰਵਾਰਾਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਉਚਿਤ ਇਲਾਜ ਮਿਲ

ਜਾਂਦਾ ਤਾਂ ਸ਼ਾਇਦ ਇਹ ਜਾਨਾਂ ਬਚਾਈਆਂ ਜਾ ਸਕਦੀਆਂ ਸਨ।ਦੋਸ਼ ਇਹ ਵੀ ਹਨ ਕਿ ਕੁਝ ਮਰੀਜ਼ਾਂ ਨੂੰ ਲੋੜ ਪੈਣ ਦੇ ਬਾਵਜੂਦ ਉੱਚ ਸਿਹਤ ਕੇਂਦਰਾਂ ਵਿੱਚ ਸਮੇਂ 'ਤੇ ਰੈਫਰ ਨਹੀਂ ਕੀਤਾ ਗਿਆ, ਜਦਕਿ ਕੁਝ ਮਾਮਲਿਆਂ ਵਿੱਚ ਇਲਾਜ ਅਤੇ ਮੈਡੀਕਲ ਪ੍ਰਬੰਧਨ ਨੂੰ ਲੈ ਕੇ ਵੀ ਸਵਾਲ ਉੱਠ ਰਹੇ ਹਨ। ਇਨ੍ਹਾਂ ਘਟਨਾਵਾਂ ਤੋਂ ਬਾਅਦ ਆਮ ਲੋਕਾਂ ਵਿੱਚ ਵੀ ਹਸਪਤਾਲ ਦੀ ਕਾਰਗੁਜ਼ਾਰੀ ਨੂੰ ਲੈ ਕੇ ਚਿੰਤਾ ਵਧ ਗਈ ਹੈ।ਸੂਤਰਾਂ ਮੁਤਾਬਕ ਸਿਹਤ ਵਿਭਾਗ ਨੇ ਸਾਰੇ ਮਾਮਲਿਆਂ ਦੀ ਵਿਸਥਾਰਪੂਰਵਕ ਰਿਪੋਰਟ ਮੰਗੀ ਹੈ ਅਤੇ ਲੋੜ ਪੈਣ 'ਤੇ ਮਾਹਿਰਾਂ ਦੀ ਟੀਮ ਵੱਲੋਂ ਵੀ ਜਾਂਚ ਕਰਵਾਈ ਜਾ ਸਕਦੀ ਹੈ। ਜਾਂਚ ਤੋਂ ਬਾਅਦ ਹੀ ਇਹ ਸਪੱਸ਼ਟ ਹੋਵੇਗਾ ਕਿ ਮੌਤਾਂ ਦਾ ਕਾਰਨ ਡਾਕਟਰੀ ਲਾਪਰਵਾਹੀ ਸੀ ਜਾਂ ਹੋਰ ਮੈਡੀਕਲ ਕਾਰਨ।ਦੂਜੇ ਪਾਸੇ ਹਸਪਤਾਲ ਪ੍ਰਸ਼ਾਸਨ ਦਾ

ਇੰਟਰ-ਹਾਊਸ ਹਰਡਲ ਰੇਸ ਮੁਕਾਬਲਾ ਕਰਾਇਆ

ਜਗਰਾਉਂ (ਅਮਿਤ ਖੰਨਾ) ਜੀ.ਐਚ.ਜੀ ਅਕੈਡਮੀ ਵਿਖੇ ਅੰਡਰ-14, ਅੰਡਰ-17 ਤੇ ਅੰਡਰ-19 (ਲੜਕੇ ਤੇ ਲੜਕੀਆਂ) ਲਈ ਇੰਟਰ-ਹਾਊਸ ਹਰਡਲ ਰੇਸ ਮੁਕਾਬਲਾ ਕਰਵਾਇਆ ਗਿਆ।ਵਿਦਿਆਰਥੀਆਂ ਨੇ ਬੇਹੱਦ ਜੋਸ਼, ਉਤਸ਼ਾਹ ਤੇ ਆਤਮਵਿਸ਼ਵਾਸ ਨਾਲ ਭਾਗ ਲੈਂਦੇ ਹੋਏ ਆਪਣੀ ਰਫ਼ਤਾਰ, ਚੁਸਤਤਾ ਅਤੇ ਸੰਤੁਲਨ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁਕਾਬਲੇ ਦੌਰਾਨ ਹਰ ਖਿਡਾਰੀ ਨੇ ਹਰ ਰੁਕਾਵਟ ਨੂੰ ਦ੍ਰਿੜ ਇਰਾਦੇ ਨਾਲ ਪਾਰ ਕਰਦੇ ਹੋਏ ਹਿੰਮਤ, ਅਨੁਸ਼ਾਸਨ ਤੇ ਖੇਡ ਭਾਵਨਾ ਦਾ ਵਧੀਆ ਉਦਾਹਰਨ ਪੇਸ਼ ਕੀਤਾ।ਸਾਰੇ ਮੈਦਾਨ ਵਿੱਚ ਰੋਮਾਂਚਕ ਮਾਹੌਲ ਬਣਿਆ ਰਿਹਾ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਖਿਡਾਰੀਆਂ ਦਾ ਭਰਪੂਰ ਹੌਸਲਾ ਵਧਾਇਆ।

ਬਾਸਕਟਬਾਲ ਟੀਮਾਂ ਦਾ ਸ਼ਾਨਦਾਰ ਪ੍ਰਦਰਸ਼ਨ

ਭੀਖੀ (ਗੁਰਿੰਦਰ ਸਿੰਘ ਔਲਖ, ਧਰਮਵੀਰ ਸ਼ਰਮਾ)- ਦਯਾਨੰਦ ਪਬਲਿਕ ਸਕੂਲ ਪਾਂਡੂਸਰ ਵਿਖੇ ਵਿੱਦਿਆ ਭਾਰਤੀ ਪੰਜਾਬ ਦੀਆਂ ਰਾਜ ਪੱਧਰੀ ਬਾਸਕਟਬਾਲ ਮੁਕਾਬਲਿਆਂ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ। ਮੁਕਾਬਲਿਆਂ ਵਿੱਚ ਅੰਡਰ-14 ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ, ਅੰਡਰ-17 ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਅੰਡਰ-17 ਲੜਕਿਆਂ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਬੱਚਿਆਂ ਨੂੰ ਮੁਬਾਰਕਬਾਦ ਦਿੰਦਿਆਂ ਸਕੂਲ ਪ੍ਰਿੰਸੀਪਲ ਡਾ ਗਗਨਦੀਪ ਪਰਾਸ਼ਰ ਨੇ ਕਿਹਾ ਕਿ ਇਸ ਸ਼ਾਨਦਾਰ ਸਫ਼ਲਤਾ ਪਿੱਛੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਉਨ੍ਹਾਂ ਦੇ ਕੋਚਾਂ ਦੀ ਨਿਰੰਤਰ ਮਿਹਨਤ ਅਤੇ ਮਾਰਗਦਰਸ਼ਨ ਦਾ ਅਹਿਮ ਯੋਗਦਾਨ ਰਿਹਾ।ਹੁਣ ਜੇਤੂ ਟੀਮਾਂ ਵਿੱਦਿਆ ਭਾਰਤੀ ਨੱਰਥ ਜ਼ੋਨ ਖੇਡਾਂ, ਜੋ ਕਿ ਹਰੀ ਨਗਰ, ਨਵੀਂ ਦਿੱਲੀ ਵਿਖੇ ਕਰਾਈਆਂ ਜਾਣਗੀਆਂ, ਵਿੱਚ ਪੰਜਾਬ ਦੀ ਟੀਮ ਵਜੋਂ ਭਾਗ ਲੈਣਗੀਆਂ ਜੋ ਵਿੱਦਿਆ ਮੰਦਰ ਪਰਿਵਾਰ ਲਈ ਬੜੇ ਫਖ਼ਰ ਦੀ ਗੱਲ ਹੈ।

ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਲੰਗਰਾਂ ਲਈ ਲਵਾਈ ਨਵੀਂ ਆਟਾ ਚੱਕੀ

ਪਟਿਆਲਾ (ਰਾਜਿੰਦਰ ਸਿੰਘ ਬਿੰਦ)- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਗੁਰੂ ਘਰ ਦੇ ਲੰਗਰਾਂ ਲਈ ਨਵੀਂ ਆਟਾ ਚੱਕੀ ਸਥਾਪਤ ਕੀਤੀ। ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੇ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਗੁਰੂ ਘਰ ਵਿਚ ਸੰਗਤਾਂ ਲਈ ਨਿਰੰਤਰ ਅਤੁੱਟ ਲੰਗਰ ਚੱਲਦਾ ਹੈ ਤੇ ਸੰਗਤਾਂ ਦੀ ਦਿਨ ਬ ਦਿਨ ਵਧ ਰਹੀ ਆਮਦ ਨੂੰ ਵੇਖਦਿਆਂ ਸੰਗਤਾਂ ਨੇ ਗੁਰਦੁਆਰਾ ਪ੍ਰਬੰਧਕਾਂ ਤੱਕ ਪਹੁੰਚ ਕਰਕੇ ਇਕ ਹੋਰ ਆਟਾ ਚੱਕੀ ਲਗਾਉਣ ਦੀ ਮੰਗ ਰੱਖੀ ਸੀ, ਜਿਸ 'ਤੇ ਅਮਲ ਕਰਦਿਆਂ ਗੁਰਦੁਆਰਾ ਪ੍ਰਬੰਧਕਾਂ ਨੇ ਸੰਗਤਾਂ ਦੀ ਮੰਗ ਨੂੰ ਪੂਰਾ ਕਰਦਿਆਂ ਨਵੇਂ ਮਾਡਲ ਵਾਲੀ ਨਵੀਂ ਆਟਾ ਚੱਕੀ ਸਥਾਪਤ ਕੀਤੀ ਹੈ।ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਘਰ ਦੇ ਪ੍ਰਬੰਧ ਵਿੱਚ ਅਨੇਕਾਂ ਵੱਡੇ ਕਾਰਜ ਕੀਤੇ ਜਾ ਰਹੇ ਹਨ, ਜੋ ਜਲਦ ਮੁਕੰਮਲ ਕਰਕੇ ਸੰਗਤਾਂ ਨੂੰ ਸਮਰਪਤ ਕੀਤੇ ਜਾਣਗੇ।ਉਨ੍ਹਾਂ ਦੱਸਿਆ ਕਿ ਹੜ ਪ੍ਰਭਾਵਤ ਇਲਾਕਿਆਂ ਤੋਂ ਇਲਾਵਾ ਕਰੋਨਾ ਵਰਗੀ ਮਹਾਂਮਾਰੀ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਰਬੱਤ ਦੇ ਭਲੇ ਲਈ ਹਮੇਸ਼ਾ ਕਾਰਜਸ਼ੀਲ ਰਹਿੰਦੀ ਹੈ, ਜਦੋਂ ਸੰਗਤਾਂ ਦੀ ਮੰਗ ਗੁਰੂ ਘਰ ਦੇ ਕਾਰਜਾਂ ਨਾਲ ਹੋਵੇ ਤਾਂ ਉਨ੍ਹਾਂ ਨੂੰ ਜਲਦ ਪੂਰਾ ਵੀ ਕੀਤਾ ਜਾਂਦਾ ਹੈ।

ਬਾਬਾ ਮੋਨੀ ਜੀ ਕਾਲਜ ਦਾ ਬੀ. ਐੱਡ ਭਾਗ ਦੂਜਾ ਦਾ ਨਤੀਜਾ ਸੌ ਫੀਸਦੀ

ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਐੱਡ ਭਾਗ-ਦੂਜਾ (ਸਮੈਸਟਰ-ਚੌਥਾ) ਦੇ ਨਤੀਜੇ ਵਿੱਚ ਬਾਬਾ ਮੋਨੀ ਜੀ ਮਹਾਰਾਜ ਕਾਲਜ ਆਫ਼ ਐਜੂਕੇਸ਼ਨ ਲਹਿਰਾ ਮੁਹੱਬਤ (ਬਠਿੰਡਾ) ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ ਦੀਆਂ ਵਿਦਿਆਰਥਣਾਂ ਪ੍ਰੀਤੀ ਯਾਦਵ (81.7%) ਪੁੱਤਰੀ ਰਮੇਸ਼ਵਰ ਯਾਦਵ ਵਾਸੀ ਲਖਨਾਊ ਨੇ ਪਹਿਲਾ, ਅਨੀਤਾ ਰਾਣੀ (81.3%) ਪੁੱਤਰੀ ਪਿਆਰਾ ਲਾਲ ਵਾਸੀ ਭੁੱਚੋ ਮੰਡੀ ਨੇ ਦੂਜਾ ਤੇ ਰਮਨੀਤ ਕੌਰ (81.2%) ਪੁੱਤਰੀ ਲਾਭ ਸਿੰਘ ਵਾਸੀ ਬਠਿੰਡਾ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ ਤੇ ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਐਜੂਕੇਸ਼ਨ ਕਾਲਜ ਦੇ ਪ੍ਰਿੰਸੀਪਲ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਸਟਾਫ ਮੈਂਬਰਜ਼ ਪ੍ਰੋ. ਮੋਨਿਕਾ ਗਰਗ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਰਵਿੰਦਰ ਕੌਰ, ਪ੍ਰੋ. ਸਿਮਰਜੀਤ ਕੌਰ, ਪ੍ਰੋ. ਸਰਬਜੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਅਨਮੋਲ ਕੌਰ, ਪ੍ਰੋ. ਕਿਰਨਜੀਤ ਕੌਰ, ਪ੍ਰੋ. ਵਰਦੀਪ ਕੌਰ, ਪ੍ਰੋ. ਅਰਸ਼ਦੀਪ ਕੌਰ, ਪ੍ਰੋ. ਲਖਵੀਰ ਕੌਰ, ਪ੍ਰੋ. ਹਰਪ੍ਰੀਤ ਕੌਰ, ਪ੍ਰੋ. ਕੁਲਦੀਪ ਸਿੰਘ ਤੇ ਪ੍ਰੋ. ਜਸਕਰਨ ਸਿੰਘ ਮੌਜੂਦ ਸਨ।

ਸੈਂਟੀਨਲ ਸਕੂਲ ਨੇ ਟੇਬਲ ਟੈਨਿਸ 'ਚ ਜਿੱਤਿਆ ਮੈਡਲ

ਸਮਰਾਲਾ (ਸੁਰਜੀਤ ਸਿੰਘ)-ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ ਇੰਟਰ-ਸਕੂਲ ਜ਼ੋਨਲ ਟੇਬਲ ਟੈਨਿਸ ਮੁਕਾਬਲਿਆਂ ਵਿੱਚ ਸਥਾਨਕ ਨਾਮਵਰ ਸਿੱਖਿਆ ਸੰਸਥਾ ਸੈਂਟੀਨਲ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਅੰਡਰ-17 ਦੇ ਖਿਡਾਰੀਆਂ ਨੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਟੀਮ ਵਿੱਚ ਸਕੂਲ ਦੇ ਉੱਚ ਕਲਾਸਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇੰਟਰ-ਸਕੂਲ ਜ਼ੋਨਲ ਟੇਬਲ ਟੈਨਿਸ ਦੇ ਫਾਇਨਲ ਵਿੱਚ ਸੈਂਟੀਨਲ ਸਕੂਲ ਨੇ ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਪਿੰਡ ਬੁਰਜ ਪੱਕਾ ਸ਼੍ਰੀ ਮਾਛੀਵਾੜਾ ਸਾਹਿਬ ਦੀ ਟੀਮ ਨੂੰ 8-1 ਦੇ ਅੰਕਾਂ ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਜ਼ੋਨਲ ਪੱਧਰ ਦਾ ਗੋਲਡ ਮੈਡਲ ਆਪਣੇ ਨਾਮ ਕੀਤਾ।ਸਕੂਲ ਦੀ ਪ੍ਰਿੰਸੀਪਲ ਮੈਡਮ ਡਾ. ਪੂਨਮ ਸ਼ਰਮਾ ਨੇ ਜੇਤੂ ਖਿਡਾਰੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਅੱਜ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਨਾ ਸਿਰਫ਼ ਆਪਣੇ ਸਕੂਲ, ਸਗੋਂ ਆਪਣੇ ਮਾਪਿਆਂ ਤੇ ਜ਼ਿਲ੍ਹੇ ਦਾ ਨਾਮ ਵੀ ਰੌਸ਼ਨ ਕਰ ਰਹੇ ਹਨ।ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਕਰਨਵੀਰ ਸਿੰਘ ਢਿੱਲੋਂ, ਮੈਨੇਜਿੰਗ ਡਾਇਰੈਕਟਰ ਅੰਮ੍ਰਿਤਪਾਲ ਕੌਰ ਢਿੱਲੋਂ ਨੇ ਜੇਤੂ ਖਿਡਾਰੀਆਂ, ਸਮੂਹ ਸਟਾਫ਼ ਤੇ ਮਾਪਿਆਂ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਟੀਮ ਭਾਵਨਾ ਅਤੇ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਦੀਆਂ ਹਨ ਅਤੇ ਅਜਿਹੀਆਂ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣਦੀਆਂ ਹਨ।

ਨੈਸ਼ਨਲ ਹਾਈਵੇਅ 'ਤੇ ਸਿਹਤ ਸੇਵਾਵਾਂ ਦੀ ਘਾਟ ਗੰਭੀਰ ਚਿੰਤਾ ਦਾ ਵਿਸ਼ਾ : ਕਿਸਾਨ ਆਗੂ

ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਜਨਰਲ ਸਕੱਤਰ ਗੁਰਨਾਮ ਸਿੰਘ ਭੀਖੀ, ਵਿੱਤ ਸਕੱਤਰ ਗੁਰਜੰਟ ਸਿੰਘ ਮਾਨਸਾ ਅਤੇ ਸੂਬਾ ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਪ੍ਰੈਸ ਦੇ ਨਾਂ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਾਨਸਾ ਜ਼ਿਲ੍ਹੇ ਦੇ ਬਠਿੰਡਾ-ਚੰਡੀਗੜ੍ਹ ਮੁੱਖ ਮਾਰਗ 'ਤੇ ਸਥਿਤ ਹੈ। ਖਿਆਲਾ ਕਲਾਂ ਦੇ ਹਸਪਤਾਲ 'ਚ ਸਿਹਤ ਸਹੂਲਤਾਂ ਦੀ ਘਾਟ ਕਾਰਨ ਸੜਕ ਹਾਦਸਿਆਂ ਕਾਰਨ ਐਮਰਜੈਂਸੀ ਦਾ ਸਾਹਮਣਾ ਕਰ ਰਹੇ ਆਮ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਮੰਗ ਹੈ ਕਿ ਇਸ ਦੇ ਸਥਾਈ ਹੱਲ ਲਈ ਇਸ ਹਸਪਤਾਲ ਨੂੰ ਤੁਰੰਤ ਅਪਗ੍ਰੇਡ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਮਾਰਗ 'ਤੇ ਆਵਾਜਾਈ ਬਹੁਤ ਜ਼ਿਆਦਾ ਹੋਣ ਕਾਰਨ ਅਕਸਰ ਭਿਆਨਕ ਸੜਕ ਹਾਦਸੇ ਵਾਪਰਦੇ ਰਹਿੰਦੇ ਹਨ।ਆਗੂਆਂ ਨੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਕਿ ਖਿਆਲਾਂ ਕਲਾਂ ਵਿਖੇ ਮੌਜੂਦ ਸਰਕਾਰੀ ਬੁਨਿਆਦੀ ਢਾਂਚੇ ਅਤੇ ਬੱਸ ਸਟੈਂਡ ਦੇ ਨੇੜੇ ਹੋਣ ਕਾਰਨ ਇੱਥੇ ਆਧੁਨਿਕ ਮਸ਼ੀਨਰੀ ਸਥਾਪਿਤ ਕਰਨ 'ਚ ਕੋਈ ਜ਼ਮੀਨੀ ਰੁਕਾਵਟ ਨਹੀਂ ਹੈ। ਇਸ ਤੋਂ ਇਲਾਵਾ, ਇਹ ਸਥਾਨ ਨੈਸ਼ਨਲ ਹਾਈਵੇ ਅਤੇ ਬਾਈਪਾਸ ਨਾਲ ਜੁੜਿਆ ਹੋਣ ਕਰਕੇ ਇੱਥੇ ਟ੍ਰੈਫਿਕ ਜਾਮ ਦੀ ਵੀ ਕੋਈ ਸਮੱਸਿਆ ਨਹੀਂ ਹੈ, ਜਿਸ ਨਾਲ ਐਂਬੂਲੈਂਸਾਂ ਦੀ ਆਵਾਜਾਈ ਨਿਰਵਿਘਨ ਜਾਰੀ ਰਹਿ ਸਕਦੀ ਹੈ।

ਚੰਡੀਗੜ੍ਹ ਰੈਲੀ 'ਆਪ' ਤੋਂ ਪੰਜਾਬ ਨੂੰ ਨਿਜਾਤ ਦਿਵਾਉਣ ਦਾ ਮੁੱਢ ਬੰਨ੍ਹੇਗੀ : ਬਲ, ਬਰਮੀਂ

ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)- ਮਜ਼ਦੂਰ ਲੋਕਾਂ ਪ੍ਰਤੀ ਵਾਅਦਾ ਖਿਲਾਫੀ ਵਿਰੁੱਧ 7 ਅਗਸਤ ਨੂੰ ਚੰਡੀਗੜ੍ਹ ਰੈਲੀ ਬੇਮਿਸਾਲ ਹੋ ਨਿਬੜੇਗੀ ਤੇ ਇਹ ਰੈਲੀ ਸਰਕਾਰ ਨੂੰ ਚਲਦਾ ਕਰਨ ਦਾ ਮੁੱਢ ਬੰਨ੍ਹੇਗੀ। ਇਹ ਦਾਅਵਾ ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਪ੍ਰਧਾਨ ਰਾਧੇ ਸਿਆਮ, ਵਰਕਿੰਗ ਪ੍ਰਧਾਨ ਚਮਕੌਰ ਸਿੰਘ ਬਰਮੀਂ, ਵਰਕਿੰਗ ਜਨਰਲ ਸਕੱਤਰ ਨਰਿੰਦਰ ਕੁਮਾਰ ਬੱਲ, ਸੀਨੀਅਰ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ ਨੇ ਕਰਦਿਆਂ ਸਮੂਹ ਸਟੇਟ/ਸਰਕਲ/ਮੰਡਲ ਦੇ ਆਗੂਆਂ ਨੂੰ ਅਪੀਲ ਕੀਤੀ ਹੈ ਕਿ 7 ਅਗਸਤ ਨੂੰ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਸਾਂਝੇ ਬੜੇ ਵੱਲੋਂ 39 ਸੈਕਟਰ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਵਿਸ਼ਾਲ ਮਹਾਂ ਰੈਲੀ ਵਿੱਚ ਹੁੰਮ -ਹੁਮਾ ਕੇ ਪਹੁੰਚੋ।ਸਾਰੇ ਸਾਥੀ ਆਪੋ ਆਪਣੇ ਸਾਧਨ ਲੈ ਕੇ ਝੰਡੇ ਮਾਟੋਆਂ ਨਾਲ ਸ਼ਮੂਲੀਅਤ ਕਰਨ।ਮੁਲਾਜ਼ਮ ਅਤੇ ਪੈਨਸ਼ਨਰ ਦੋਖੀ ਸਰਕਾਰ ਨੂੰ 2027 ਦੀਆਂ ਚੋਣਾਂ ਵਿੱਚ ਸੱਤਾ ਤੋਂ ਲਾਂਭੇ ਕਰਨ ਲਈ ਇਤਿਹਾਸਕ ਰੈਲੀ ਕੀਤੀ ਜਾ ਰਹੀ ਹੈ।ਸੂਬਾਈ ਆਗੂ ਬਲਬੀਰ ਸਿੰਘ ਮਾਨ ਤੇ ਹਰਦਿਆਲ ਸਿੰਘ ਘੁਮਾਣ ਨੇ ਕਿਹਾ ਕਿ ਇਹ ਰੈਲੀ ਭਗਵੰਤ ਮਾਨ ਸਰਕਾਰ ਲਈ ਆਖਰੀ ਕਿੱਲ ਸਾਬਤ ਹੋਵੇਗੀ।

ਪੰਜ ਪਰਚੀਆਂ ਕੱਟਣ ਦੇ ਮੁੱਦੇ 'ਤੇ ਫੂਡ ਸਪਲਾਈ ਸਕੱਤਰ ਨਾਲ ਅਹਿਮ ਮੀਟਿੰਗ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬ ਪੀ.ਡੀ.ਐੱਸ. ਦੇ ਚੇਅਰਮੈਨ ਸ਼ਾਮ ਲਾਲ ਪੰਜੋਲਾ ਵੱਲੋਂ ਮੰਗਲਵਾਰ ਨੂੰ ਮਿੰਨੀ ਸਕੱਤਰੇਤ, ਸੈਕਟਰ-9 ਚੰਡੀਗੜ੍ਹ ਵਿਖੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਸਕੱਤਰ ਸ੍ਰੀ ਰਾਹੁਲ ਤਿਵਾੜੀ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਬੈਠਕ ਦੌਰਾਨ ਰਾਸ਼ਨ ਵੰਡ ਪ੍ਰਣਾਲੀ ਦੌਰਾਨ ਪੰਜ ਪਰਚੀਆਂ ਕੱਟਣ ਨਾਲ ਜੁੜੀ ਆ ਰਹੀ ਗੰਭੀਰ ਸਮੱਸਿਆ ਬਾਰੇ ਵਿਸਥਾਰ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਗਈ।ਮੁਲਾਕਾਤ ਦੌਰਾਨ ਚੇਅਰਮੈਨ ਸ਼ਾਮ ਲਾਲ ਪੰਜੋਲਾ ਨੇ ਸਕੱਤਰ ਰਾਹੁਲ ਤਿਵਾੜੀ ਦੇ ਧਿਆਨ ਵਿੱਚ ਲਿਆਂਦਾ ਕਿ ਪੰਜ ਪਰਚੀਆਂ ਕੱਟਣ ਦੀ ਪ੍ਰਕਿਰਿਆ ਦੇ ਚੱਲਦਿਆਂ ਡੀਪੂ ਹੋਲਡਰਾਂ ਅਤੇ ਲਾਭਪਾਤਰੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਗੰਭੀਰ ਮੁੱਦੇ 'ਤੇ ਹਾਂਪੱਖੀ ਹੁੰਗਾਰਾ ਭਰਦਿਆਂ ਸਕੱਤਰ ਸ੍ਰੀ ਰਾਹੁਲ ਤਿਵਾੜੀ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਸ ਸਮੱਸਿਆ ਦੇ ਹੱਲ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਸ ਸਬੰਧ ਵਿੱਚ ਭਾਰਤ ਸਰਕਾਰ ਦੇ ਕੇਂਦਰੀ ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਜਲਦ ਹੀ ਇੱਕ ਡੀ.ਓ. ਲੈਟਰ ਲਿਖਿਆ ਜਾਵੇਗਾ।

ਸੀਮਿੰਟ ਵਰਕਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਅਲਟ੍ਰਾਟੈਕ ਮੈਨੇਜਮੈਂਟ ਖਿਲਾਫ ਵਿੱਢਾਂਗੇ ਸੰਘਰਸ਼ : ਬਲਕਾਰ ਸਿੰਘ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਅਲਟ੍ਰਾਟੈਕ ਸੀਮਿੰਟ ਲਿਮਟਿਡ ਇਕਾਈ ਲਹਿਰਾ ਮੁਹੱਬਤ ਵਿਖੇ ਕੰਮ ਕਰਦੇ ਵਰਕਰਾਂ ਦੀ ਜਥੇਬੰਦੀ ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰਜ਼ ਯੂਨੀਅਨ (ਸੀਟੂ) ਦੀ ਅਗਵਾਈ ਹੇਠ ਵਰਕਰਾਂ ਨੇ ਮੰਗਾਂ ਨੂੰ ਲੈ ਕੇ ਅਲਟ੍ਰਾਟੈਕ ਮੈਨੇਜਮੈਂਟ ਖਿਲਾਫ ਨਾਅ

10 ਨੂੰ ਕਿਸਾਨਾਂ, ਮਜ਼ਦੂਰਾਂ ਵੱਲੋਂ ਰੋਸ ਮੁਜ਼ਾਹਰਾ ਕੀਤਾ ਜਾਵੇਗਾ

ਪਠਾਨਕੋਟ (ਦਵਿੰਦਰ ਸਿੰਘ)- ਕੁੱਲ ਹਿੰਦ ਕਿਸਾਨ ਸਭਾ ਦੇ ਦਫ਼ਤਰ ਗਾਂਧੀ ਚੌਕ ਪਠਾਨਕੋਟ ਵਿਖੇ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਮਿਹਰ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ।ਜਿਸ ਵਿੱਚ ਦੇਸ਼ ਭਰ ਵਿੱਚ ਸੱਤਿਆਗ੍ਰਹਿ ਵਜੋਂ ਜ਼ਿਲ੍ਹਾ ਕੇਂਦਰਾਂ 'ਤੇ ਰੋਸ ਮੁਜ਼ਾਹਰਾ ਕਰਕੇ ਗ੍ਰਿਫ਼ਤਾਰੀਆਂ ਵਾਸਤੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਉਸ ਦੀ ਕੜੀ ਵਜੋਂ ਪਠਾਨਕੋਟ ਵਿਖੇ ਵੀ ਰੋਸ ਪ੍ਰਦਰਸ਼ਨ ਕਰਕੇ ਗ੍ਰਿਫ਼ਤਾਰੀਆਂ ਦਿੱਤੀਆਂ ਜਾਣਗੀਆਂ। ਇਸ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਪਰਸ਼ੋਤਮ ਕੁਮਾਰ, ਨਰਿਜਨ ਸਿੰਘ, ਮਿਹਰ ਸਿੰਘ, ਤਰਲੋਕ ਸਿੰਘ, ਅਮਰ ਦਾਸ, ਤੇ ਹੰਸ ਰਾਜ ਸਿੰਘ, ਅਤੇ ਟਰੇਡ ਯੂਨੀਅਨਾਂ ਵੱਲੋਂ ਹਰਿੰਦਰ ਰੰਧਾਵਾ, ਬਿਕਰਮਜੀਤ, ਕੁਲਦੀਪ ਰਾਜ, ਹੰਸ ਰਾਜ ਚਮਨ ਲਾਲ ਸ਼ਾਮਲ ਹੋਏ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਆਗੂਆਂ ਨੇ ਕਿਹਾ ਕਿ ਦੇਸ਼ ਵਿਆਪੀ ਸੱਤਿਆਗ੍ਰਹਿ ਵੱਜੋਂ ਰੋਸ ਪ੍ਰਦਰਸ਼ਨ ਕਰਨ ਲਈ 10 ਅਗਸਤ ਨੂੰ 10:30 ਵਜੇ ਮਲਕਪੁਰ ਨਹਿਰ ਦੇ ਪੁਲ ਨਜ਼ਦੀਕ ਇਕੱਠੇ ਹੋਣਗੇ। ਜਿਸ ਤੋਂ ਬਾਅਦ ਡੀ ਸੀ ਦਫ਼ਤਰ ਤੱਕ ਪ੍ਰਦਰਸ਼ਨ ਕੀਤਾ ਜਾਵੇਗਾ। ਮੰਗਾਂ ਬਾਰੇ ਗੱਲ ਕਰਦਿਆਂ ਆਗੂਆਂ ਨੇ ਕਿਹਾ ਕਿ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਿਸਾਨ, ਮਜ਼ਦੂਰ, ਦੁਕਾਨਦਾਰ ਵਿਰੋਧੀ ਹੈ। ਇਸ ਨੂੰ ਤਰੁੰਤ ਰੱਦ ਕੀਤਾ ਜਾਵੇ। ਅਮਰੀਕਾ ਦੀਆ ਖੇਤੀ ਜਿਣਸਾਂ , ਪੋਲਟਰੀ, ਦੁੱਧ ਤੇ ਉਸ ਦੇ ਉਤਪਾਦ , ਮਛਲੀ, ਬਿਨਾਂ ਕੋਈ ਟੈਕਸ ਦਿੱਤਿਆਂ ਭਾਰਤ ਆਉਣਗੀਆਂ । ਜਿਸ ਨਾਲ ਵੱਡੇ ਫਾਰਮਾਂ ਵਿੱਚ, ਵੱਡੀ ਸਬਸਿਡੀ ਲੈ ਕੇ ਪੈਦਾ ਕੀਤੇ ਉਤਪਾਦ ਕਿਸਾਨੀ, ਪੋਲਟਰੀ, ਡੇਅਰੀ, ਅਤੇ ਮੱਛਲੀ ਧੰਦੇ ਬਰਬਾਦ ਹੋ ਜਾਣਗੇ। ਬਿਜਲੀ ਬਿੱਲ 2025 ਨੂੰ ਰੱਦ ਕੀਤਾ ਜਾਵੇ। ਇਸ ਨਾਲ ਲੋਕਾਂ ਨੂੰ ਮਿਲਦੀ ਮੁਫ਼ਤ ਅਤੇ ਸਸਤੀ ਬਿਜਲੀ ਤੇ ਸਬਸਿਡੀਆਂ ਬੰਦ ਹੋ ਜਾਣਗੀਆਂ। ਮਜ਼ਦੂਰਾਂ ਦੇ ਕੰਮ ਦੇ ਘੰਟੇ ਦੁਬਾਰਾ 8 ਕੀਤੇ ਜਾਣ। ਕੋਡ ਰੱਦ ਕਰਕੇ ਮਜ਼ਦੂਰ ਪੱਖੀ ਲੇਬਰ ਲਾਅ ਲਾਗੂ ਕੀਤੇ ਜਾਣ। ਬੀਜ ਬਿੱਲ 2026 ਰੱਦ ਕੀਤਾ ਜਾਵੇ, ਮਨਰੇਗਾ ਕਨੂੰਨ ਬਹਾਲ ਕੀਤਾ ਜਾਵੇ ਅਤੇ ਲਾਲ ਲਕੀਰ ਅੰਦਰ ਹੱਕ ਮਾਲਕੀ ਦਿੱਤਾ ਜਾਵੇ। ਜੇਕਰ ਇਹ ਰੱਦ ਨਾ ਕੀਤੇ ਤਾਂ ਮਜ਼ਦੂਰ ਅਤੇ ਕਿਸਾਨ ਹਰ ਕੁਰਬਾਨੀ ਦੇਣ ਲਈ ਤਿਆਰ ਹਨ।

ਮਾਮਲਾ ਦੋਹਰੇ ਕਤਲ ਕਾਂਡ ਦਾ

ਪੀੜਤ ਪਰਵਾਰ ਨੇ ਝਬਾਲ ਮੇਨ ਚੌਕ 'ਚ ਲਾਸ਼ਾਂ ਰੱਖ ਕੇ ਲਗਾਇਆ ਧਰਨਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਤੇ ਦੋ ਦਿਨ ਪਹਿਲਾਂ ਝਬਾਲ ਵਿੱਚ ਕੀਤੇ ਗਏ ਦੋ ਸਕੇ ਭਰਾਵਾਂ ਦੇ ਕਤਲ ਤੋਂ ਬਾਅਦ ਅੱਤ ਦੀ ਗਰਮੀ ਵਿੱਚ ਪੀੜਿਤ ਪਰਵਾਰ ਵਲੋਂ ਦੋਵੇਂ ਲਾਸ਼ਾਂ ਨੂੰ ਚੌਕ ਵਿੱਚ ਰੱਖ ਕੇ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਤੇ ਪੁਲਸ ਪ੍ਰਸ਼ਾਸਨ ਤੇ ਦੋਸ਼ੀਆਂ ਨੂੰ ਨਾ ਫੜਨ ਦੇ ਦੋਸ਼ ਲਗਾਏ ਅਤੇ ਕਿਹਾ ਕਿ ਦਿਨ ਦਿਹਾੜੇ ਇੱਕ ਵਿਅਕਤੀ ਨਜਾਇਜ਼ ਹਥਿਆਰ ਨਾਲ ਸ਼ਰੇਆਮ ਦੋ ਵਿਅਕਤੀਆਂ ਦਾ ਕਤਲ ਕਰਕੇ ਫਰਾਰ ਹੋ ਜਾਂਦਾ ਹੈ ਪਰ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਪੁਲਸ ਅਜੇ ਤੱਕ ਦੋਸ਼ੀ ਨੂੰ ਫੜਨ ਵਿੱਚ ਨਾਕਾਮਯਾਬ ਸਾਬਿਤ ਹੋਈ ਹੈ।ਜਿਸ ਤੋਂ ਪਤਾ ਲਗਦਾ ਹੈ ਕਿ ਪੁਲਸ ਦੋਸ਼ੀਆਂ ਨਾਲ ਰਲੀ ਹੋਈ ਹੈ।ਧਰਨੇ ਦਾ ਪਤਾ ਲੱਗਣ 'ਤੇ ਮੌਕੇ 'ਤੇ ਪਹੁੰਚੇ ਡੀ ਐਸ ਪੀ (ਸਿਟੀ) ਸੁਖਬੀਰ ਸਿੰਘ ਨੇ ਸ਼ਾਮ ਤੱਕ ਦੋਸ਼ੀਆਂ ਤੇ ਵਾਰਦਾਤ ਵਿੱਚ ਵਰਤੇ ਗਏ ਨਜਾਇਜ਼ ਹਥਿਆਰ ਸਮੇਤ ਗ੍ਰਿਫ਼ਤਾਰ ਕਰਕੇ ਸਲਾਖਾਂ ਪਿੱਛੇ ਬੰਦ ਕਰਨ ਦਾ ਭਰੋਸਾ ਦਿੱਤਾ ਅਤੇ ਮੁਕੱਦਮਾ ਦਰਜ ਕਰਨ ਦੇ ਹੁਕਮ ਜਾਰੀ ਕਰ ਦਿੱਤੇ।ਜਿਸ ਤੋਂ ਬਾਅਦ ਪੀੜਿਤ ਪਰਵਾਰ ਨੇ ਧਰਨਾ ਸਮਾਪਤ ਕਰਕੇ ਲਾਸ਼ਾਂ ਦਾ ਸਸਕਾਰ ਕਰਨ ਦਾ ਫੈਸਲਾ ਲਿਆ। ਇਸ ਧਰਨੇ ਵਿੱਚ ਪੀੜਿਤ ਪਰਿਵਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਅਤੇ ਰਿਸ਼ਤੇਦਾਰ ਹਾਜ਼ਰ ਸਨ।

ਅੱਜ ਦੇ ਚੰਡੀਗੜ੍ਹ ਧਰਨੇ 'ਚ ਬਿਜਲੀ ਸੇਵਾ ਮੁਕਤ ਕਰਮਚਾਰੀ ਸ਼ਾਮਲ ਹੋਣਗੇ : ਮਰਵਾਹਾ , ਦਲਜੀਤ ਸਿੰਘ

ਅਜਨਾਲਾ (ਸੁਖਜਿੰਦਰ ਸਿੰਘ ਰਾਜੂ ਅਜਨਾਲਾ)-ਪੰਜਾਬ ਰਾਜ ਬਿਜਲੀ ਬੋਰਡ ਆਲ ਕੈਡਰਜ਼ ਪੈਨਸ਼ਨਰਜ਼ ਐਸੋਸੀਏਸ਼ਨ ਅਜਨਾਲਾ ਮੰਡਲ ਯੂਨਿਟ ਦੀ ਮੀਟਿੰਗ ਸ਼ਹੀਦ ਕਾਲਿਆਂ ਵਾਲਾ ਦਲਜੀਤ ਸਿੰਘ ਸਕੱਤਰ, ਸੋਮਨਾਥ ਮਰਵਾਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਤੋਂ ਪਹਿਲਾਂ ਵਿਛੜੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਪੰਜਾਬ ਸਰਕਾਰ ਜਥੇਬੰਦੀਆਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰ ਰਹੀ, ਵਾਰ ਵਾਰ ਮੀਟਿੰਗਾਂ ਦੇ ਕੇ ਸਮਾਂ ਲੰਘਾ ਰਹੀ ਹੈ। ਜਿਹੜਾ ਵੀ ਮਹਿਕਮਾ ਮੁਲਾਜ਼ਮ ਪੈਨਸ਼ਨਰ ਬੇਰੁਜ਼ਗਾਰ ਜਿਵੇਂ ਕਿ ਮਨਰੇਗਾ, ਬੇਰੁਜ਼ਗਾਰ ਲਾਈਨ ਮੈਨ, ਸਫਾਈ ਸੇਵਕ, ਰੋਡਵੇਜ਼, ਬਿਜਲੀ, ਹਸਪਤਾਲ, ਸੜਕਾਂ ਅਤੇ ਟੀਚਰ, ਜਲ ਸਪਲਾਈ ਤੇ ਵਣ ਵਿਭਾਗ ਮੰਗਾਂ ਵਾਸਤੇ ਧਰਨੇ ਮੁਜ਼ਾਹਰੇ ਕਰ ਰਹੇ ਸਨ ਚੰਡੀਗੜ੍ਹ, ਖੰਨਾ, ਬਰਨਾਲਾ ਵਿਖੇ। ਪੰਜਾਬ ਸਰਕਾਰ ਦੀ ਸ਼ਹਿ ਤੇ ਪੁਲਸ ਪ੍ਰਸ਼ਾਸਨ ਵੱਲੋਂ ਲਾਠੀਚਾਰਜ ਅਤੇ ਪਾਣੀ ਦੀਆਂ ਬੁਛਾਰਾਂ ਦੀ ਵਰਤੋਂ ਕੀਤੀ ਗਈ ਅਤੇ ਸਾਡੀਆਂ ਭੈਣਾਂ ਨੂੰ ਵੀ ਪੰਜਾਬ ਪੁਲਸ ਵਾਲਿਆਂ ਨਹੀਂ ਬਖਸ਼ਿਆ, ਚੁੰਨੀਆਂ ਤੇ ਪੱਗਾਂ ਰੋਲੀਆਂ ਗਈਆਂ। ਇਸ ਦੇ ਸੰਦਰਭ ਵਿੱਚ 7 ਅਗਸਤ ਨੂੰ ਚੰਡੀਗੜ੍ਹ ਦੇ 39 ਸੈਕਟਰ ਵਿੱਚ ਮੁਜ਼ਾਹਰੇ ਨੂੰ ਕਾਮਯਾਬ ਕਰਨ ਲਈ ਵਹੀਰਾਂ ਘੱਤ ਕੇ ਚੰਡੀਗੜ੍ਹ ਪਹੁੰਚਣਗੇ । ਪੈਨਸ਼ਨ ਮੁਲਾਜ਼ਮਾਂ ਦੀਆਂ ਮੰਗਾਂ 18 ਫੀਸਦੀ ਡੀ ਏ ਅਤੇ ਉਸ ਦਾ ਬਣਦਾ ਬਕਾਇਆ, ਛੇਵੇਂ ਪੇ ਕਮਿਸ਼ਨ ਅਨੁਸਾਰ 2.45 ਗੁਣਾਂਕ ਦੀ ਬਜਾਏ 2.59 ਗੁਣਾਂਕ ਨਾਲ ਪੈਨਸ਼ਨ ਵਿੱਚ ਵਾਧਾ ਕਰਕੇ ਉਸ ਦਾ ਏਰੀਅਰ, ਆਦਿ ਪੰਜਾਬ ਸਰਕਾਰ ਕੋਲੋਂ ਲਾਗੂ ਕਰਵਾਈਆਂ ਜਾ ਸਕਣ, 200 ਰੁਪਏ ਜਬਰੀ ਕਟੌਤੀ ਬੰਦ ਕਰਨ। ਮੀਟਿੰਗ ਸੰਬੋਧਨ ਕਰਦਿਆਂ ਲਖਵਿੰਦਰ ਸਿੰਘ ਮਾਲਾਕੀੜੀ, ਹੀਰਾ ਸਿੰਘ ਜਥੇਦਾਰ ਸਫੀਪੁਰੀਆ, ਵਿਰਸਾ ਸਿੰਘ ਡੇਰਾ ਬਾਬਾ ਨਾਨਕ, ਸੋਮਨਾਥ ਅਜਨਾਲਾ, ਹਰਭਜਨ ਸਿੰਘ ਝੰਜੋਟੀ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਜੇਕਰ ਪੰਜਾਬ ਸਰਕਾਰ ਨੇ ਮੰਗਾਂ ਵੱਲ ਧਿਆਨ ਨਾ ਦਿੱਤਾ ਇਸ ਇਸ ਤੋਂ ਹੋਰ ਵੀ ਸੰਘਰਸ਼ ਤੇਜ਼ ਕੀਤੇ ਜਾਣਗੇ। ਇਸ ਮੌਕੇ ਅਪਾਰ ਸਿੰਘ, ਬਲਵਿੰਦਰ ਸਿੰਘ, ਗੁਰਵੰਤਾ ਸਿੰਘ, ਗੁਰਨਾਮ ਸਿੰਘ ਮੀਰਾਕੋਟ, ਤਰਸੀਮ ਸਿੰਘ ਤੇੜੀ, ਓਮ ਪ੍ਰਕਾਸ਼, ਹਰਬੰਸ ਸਿੰਘ ,ਗੁਰਬਚਨ ਸਿੰਘ, ਜਸਬੀਰ ਸਿੰਘ ਬੁੱਧ , ਸੁਵਿੰਦਰ ਸਿੰਘ, ਰਣਧੀਰ ਸਿੰਘ, ਗੋਪਾਲ ਸਿੰਘ, ਬਲਬੀਰ ਸਿੰਘ, ਬਲਵਿੰਦਰ ਸਿੰਘ ਬੋਬਾ, ਸੁਰਜੀਤ ਸਿੰਘ, ਨਿਸ਼ਾਨ ਸਿੰਘ, ਪਰਮਜੀਤ ਸਿੰਘ, ਸਰਦੂਲ ਸਿੰਘ, ਬਾਵਾ ਸਿੰਘ, ਸੁਖਦੇਵ ਸਿੰਘ ਕਸ਼ਮੀਰ ਸਿੰਘ, ਕੁਲਵੰਤ ਸਿੰਘ, ਸਤਪਾਲ ਸਿੰਘ ਪੁਰਬਾ, ਕਵਲਜੀਤ ਜੇ ਈ, ਮੇਵਰ ਮਸੀਹ। ਸਟੇਜ ਦੀ ਕਾਰਵਾਈ ਦਿਲਜੀਤ ਸਿੰਘ ਸਕੱਤਰ ਨੇ ਨਿਭਾਈ।

ਭਾਜਪਾ ਤੇ ਆਪ ਦਾ ਦੋਗਲਾਪਨ ਜੱਗ-ਜ਼ਾਹਰ : ਨੱਥਾ ਸਿੰਘ, ਸ਼ਿਵ ਕੁਮਾਰ

ਪਠਾਨਕੋਟ (ਦਵਿੰਦਰ ਸਿੰਘ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਪਠਾਨਕੋਟ ਤਹਿਸੀਲ ਕਮੇਟੀ ਮੀਟਿੰਗ ਉਪਰੰਤ ਪਾਰਟੀ ਆਗੂ ਕਾਮਰੇਡ ਨੱਥਾ ਸਿੰਘ ਢਡਵਾਲ ਅਤੇ ਕਾਮਰੇਡ ਸ਼ਿਵ ਕੁਮਾਰ ਨੇ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਕੇਂਦਰ ਵਿਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਅਤੇ ਪੰਜਾਬ ਅੰਦਰ ਆਮ ਆਦਮੀ ਪਾਰਟੀ ਦਾ ਇਕੋ ਮੁੱਦੇ 'ਤੇ ਦੋਗਲਾ ਕਿਰਦਾਰ ਵਾਰ ਵਾਰ ਨੰਗਾ ਹੁੰਦਾ ਜਾ ਰਿਹਾ ਹੈ। ਜੇਕਰ ਕੇਂਦਰ ਦੀ ਮੋਦੀ ਸਰਕਾਰ ਦੇ ਪਿਛਲੇ ਬਾਰਾਂ ਸਾਲਾਂ ਦੇ ਦੌਰਾਨ ਕੀਤੇ ਵਾਅਦਿਆਂ ਉੱਪਰ ਝਾਤ ਮਾਰੀਏ ਤਾਂ ਜੁਮਲੇ ਹੀ ਜੁਮਲੇ ਨਜ਼ਰ ਆਉਣਗੇ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਸਾਢੇ ਚਾਰ ਸਾਲ ਦਾ ਅਰਸਾ ਵੀ ਝੂਠੀ ਇਸ਼ਤਿਹਾਰਬਾਜ਼ੀ ਤੇ ਲੋਕਾਂ ਨੂੰ ਚੁਟਕਲੇ ਵਿੱਚ ਗੁਜ਼ਰਿਆ ਹੈ।ਇਨ੍ਹਾਂ ਦੇ ਦੋਗਲੇਪਨ ਦੀਆਂ ਦੋ ਮੁੱਖ ਉਦਾਹਰਣਾਂ ਸਾਡੇ ਸਾਹਮਣੇ ਹਨ, ਇੱਕ ਦੇਸ਼ ਦੀ ਰਾਜਧਾਨੀ ਦਿੱਲੀ ਅੰਦਰ ਨੀਟ ਪੇਪਰ ਲੀਕ ਹੋਣ ਕਰਕੇ ਵਿਦਿਆਰਥੀ ਅੰਦੋਲਨ ਸਮੇਂ ਕੇਂਦਰੀ ਗ੍ਰਹਿ ਮੰਤਰੀ ਦੇ ਹੁਕਮਾਂ ਤਹਿਤ ਦਿੱਲੀ ਪੁਲਸ ਦਾ ਵਹਿਸ਼ੀਆਨਾ ਲਾਠੀਚਾਰਜ ਕਰਨ ਸਮੇਂ ਆਮ ਆਦਮੀ ਪਾਰਟੀ ਲੀਡਰਸ਼ਿਪ ਵੱਲੋਂ ਲਾਠੀਚਾਰਜ ਦੀ ਜ਼ੋਰਦਾਰ ਨਿਖੇਧੀ ਕਰਨਾ ਅਤੇ ਪੰਜਾਬ ਅੰਦਰ ਹੱਕ ਮੰਗਦੇ ਵੱਖ ਵੱਖ ਵਿਭਾਗਾਂ ਕੱਚੇ ਕਾਮਿਆਂ ਵੱਲੋਂ ਪੱਕੇ ਕਰਨ ਦੀ ਮੰਗ ਵੇਲੇ ਪਟਿਆਲਾ, ਖੰਨਾ ਤੇ ਬਰਨਾਲਾ ਵਿਖੇ ਔਰਤਾਂ-ਮਰਦਾਂ ਨੂੰ ਲਹੂ-ਲੂਹਾਣ ਕਰਦੀਆਂ ਘਟਨਾਵਾਂ ਦਿੱਲੀ ਵਾਲੇ ਲਾਠੀਚਾਰਜ ਤੋਂ ਕੀ ਵੱਖਰੀਆਂ ਹਨ। ਦੂਸਰੀ ਉਦਾਹਰਣ ਪੰਜਾਬ ਅੰਦਰ ਆਪ ਦੀ ਭਗਵੰਤ ਮਾਨ ਸਰਕਾਰ ਸਿੱਖਿਆ ਕ੍ਰਾਂਤੀ ਦੀ ਦੁਹਾਈ ਦੇ ਰਹੀ ਹੈ, ਮਾਨ ਸਰਕਾਰ ਦਾ ਆਪਣਾ ਮੰਨਣਾ ਹੈ ਕਿ ਪੰਜਾਬ ਵਿੱਚ 31370 ਤੋਂ ਵੱਧ ਅਧਿਆਪਕਾਂ ਦੀਆਂ ਪੋਸਟਾਂ ਖਾਲੀ ਹਨ ਜਿਸ ਨੂੰ ਲੈ ਕੇ ਭਾਜਪਾ ਲੀਡਰਸ਼ਿਪ ਤਨਜ਼ ਕੱਸ ਰਹੀ ਹੈ, ਜਦੋਂਕਿ ਕੇਂਦਰ ਦੀ ਭਾਜਪਾਈ ਸਰਕਾਰ ਨੇ ਇੱਕ ਲੱਖ ਸਕੂਲ ਬੰਦ ਕਰਨ ਦੇ ਅਦੇਸ਼ ਜਾਰੀ ਕਰਕੇ ਸਿੱਖਿਆ ਦੇ ਖੇਤਰ ਵਿਚ ਕਿਹੜੇ ਭਲੇ ਦਾ ਕੰਮ ਕੀਤਾ ਹੈ। ਕਾਮਰੇਡ ਬਲਵੰਤ ਸਿੰਘ ਘੋਹ ਨੇ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਦੇਵ ਰਾਜ ਭੋਆ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ 10 ਅਗਸਤ ਨੂੰ ਦੇਸ਼ ਵਿਆਪੀ ਅੰਦੋਲਨ ਵਿੱਚ ਪਾਰਟੀ ਦੇ ਸਮੂਹ ਮੈਂਬਰਾਨ ਤੇ ਜਨਤਕ ਜਥੇਬੰਦੀਆਂ ਜ਼ਿਲ੍ਹਾ ਹੈਡਕੁਆਰਟਰ ਮਲਕਪੁਰ ਪਠਾਨਕੋਟ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਵਿਚ ਸ਼ਾਮਲ ਹੋਣਗੇ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸਕੱਤਰ ਸਿੰਘ, ਨਰਿਜਣ ਸਿੰਘ, ਅਜੀਤ ਰਾਮ, ਬਲਕਾਰ ਚੰਦ, ਭਰਿਆਲ ਲਾਹੜੀ, ਯਸਪਾਲ, ਸੋਹਨ ਲਾਲ, ਅਸ਼ਵਨੀ ਕੁਮਾਰ, ਤਿਲਕ ਰਾਜ ਜਿਆਣੀ, ਰਘਬੀਰ ਸਿੰਘ ,ਰਣਜੋਧ ਸਿੰਘ, ਅਵਤਾਰ ਸਿੰਘ ਨਿਰਮਲਾ ਦੇਵੀ ਅਤੇ ਹੋਰ ਸਾਥੀ ਹਾਜ਼ਰ ਸਨ।

ਅੰਮ੍ਰਿਤਸਰ ਵਿੱਚ 12 ਸਤੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੌਮੀ ਲੋਕ ਅਦਾਲਤ 12 ਸਤੰਬਰ ਨੂੰ ਲਗਾਈ ਜਾਵੇਗੀ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ-ਕਮ-ਸੀ.ਜੇ.ਐੱਮ. ਅੰਮ੍ਰਿਤਸਰ ਅਮਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਕੇਸਾਂ ਦਾ ਆਪਸੀ ਰਜ਼ਾਮੰਦੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਨ੍ਹਾਂ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਨਾਲ ਸੰਬੰਧਤ ਮਾਮਲੇ, ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਈਟ ਪਲਾਨ, ਹਰ ਤਰ੍ਹਾਂ ਦੇ ਸਿਵਲ ਕੇਸ, ਘੱਟ ਸਜ਼ਾ ਵਾਲੇ ਅਪਰਾਧਕ ਮਾਮਲੇ, ਵਿਆਹੁਤਾ ਝਗੜੇ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਕੇਸ ਅਤੇ ਇੰਸ਼ੋਰੈਂਸ ਕਲੇਮ ਆਦਿ ਸ਼ਾਮਲ ਹਨ। ਅਮਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਕੇਸਾਂ ਦਾ ਨਿਪਟਾਰਾ ਕਰਵਾਉਣ ਨਾਲ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬੱਚਤ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਕੇਸ ਦਾ ਨਿਪਟਾਰਾ ਲੋਕ ਅਦਾਲਤ ਵਿੱਚ ਹੋ ਜਾਂਦਾ ਹੈ ਤਾਂ ਉਸ ਕੇਸ ਨਾਲ ਸੰਬੰਧਤ ਅਦਾ ਕੀਤੀ ਗਈ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ ਹੈ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕੌਮੀ ਲੋਕ ਅਦਾਲਤ ਰਾਹੀਂ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਸੰਬੰਧਤ ਅਦਾਲਤ ਜਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਅੰਮ੍ਰਿਤਸਰ ਦੇ ਦਫ਼ਤਰ ਵਿਖੇ ਜਮ੍ਹਾਂ ਕਰਵਾ ਸਕਦਾ ਹੈ।

ਆਂਗਣਵਾੜੀ ਵਰਕਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ ਦਾ ਸਨਮਾਨ

ਧਾਰੀਵਾਲ (ਮਨਦੀਪ ਵਿੱਕੀ)- ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਵੱਲੋਂ ਪਿੰਡ ਖਾਨ ਮਲੱਕ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਸਰਵ ਆਂਗਣਵਾੜੀ ਹੈਲਪਰ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੂੰ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਕੰਮ ਦੀ ਵਧੀਆ ਕਾਰਗੁਜ਼ਾਰੀ ਕਰਨ ਕਰਕੇ ਵਿਸ਼ੇਸ਼ ਤ

ਹਲਕਾ ਵਿਧਾਇਕ ਵੱਲੋਂ ਨੌਕਰੀਆਂ ਨਾ ਦੇਣ ਵਾਲਾ ਦਿੱਤਾ ਬਿਆਨ ਤੱਥਾਂ ਤੋਂ ਉਲਟ : ਪਿੰਦਰ ਪੰਡੋਰੀ

ਸ਼ਾਹਕੋਟ ਹਲਕੇ ਦੇ 100 ਦੇ ਕਰੀਬ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ : ਹਰਜਿੰਦਰ ਸੀਚੇਵਾਲ

ਸ਼ਾਹਕੋਟ (ਗਿਆਨ ਸੈਦਪੁਰੀ) ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੋਰੋਵਾਲੀਆ ਵੱਲੋਂ ਵਿਧਾਨ ਸਭਾ ਵਿੱਚ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਸ਼ਾਹਕੋਟ ਵਿੱਚ ਕੋਈ ਨੌਕਰੀ ਨਾ ਦੇਣ ਸਬੰਧੀ ਦਿੱਤੇ ਗਏ ਬਿਆਨ ਨੂੰ ਲੈ ਕੇ ਆਮ ਆਦਮੀ ਪਾਰਟੀ ਹਲਕਾ ਸ਼ਾਹਕੋਟ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ, ਹਲਕਾ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ, ਬਲਾਕ ਪ੍ਰਧਾਨਾਂ ਅਤੇ ਚੇਅਰਮੈਨਾਂ ਵੱਲੋਂ ਮਾਰਕੀਟ ਕਮੇਟੀ ਸ਼ਾਹਕੋਟ ਦੇ ਦਫ਼ਤਰ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ। ਪੱਤਰਕਾਰ ਭਾਈਚਾਰਾ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਪਿੰਦਰ ਪੰਡੋਰੀ ਅਤੇ ਹਲਕਾ ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ ਨੇ ਕਿਹਾ ਕਿ ਹਲਕਾ ਵਿਧਾਇਕ ਲਾਡੀ ਸ਼ੋਰੋਵਾਲੀਆ ਵੱਲੋਂ ਵਿਧਾਨ ਸਭਾ ਵਿੱਚ ਦਿੱਤਾ ਗਿਆ ਬਿਆਨ ਤੱਥਾਂ ਤੋਂ ਪੂਰੀ ਤਰ੍ਹਾਂ ਉਲਟ ਅਤੇ ਹਲਕੇ ਦੇ ਲੋਕਾਂ ਨੂੰ ਗੁੰਮਰਾਹ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਸ਼ਾਹਕੋਟ ਹਲਕੇ ਦੇ ਕਰੀਬ 90 ਤੋਂ ਵੱਧ ਨੌਜਵਾਨਾਂ ਨੂੰ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਯੋਗਤਾ ਅਤੇ ਪਾਰਦਰਸ਼ੀ ਪ੍ਰਕਿਰਿਆ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਹਨ।ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਲੋਕਾਂ ਨੂੰ ਭੰਬਲਭੂਸੇ ਵਿੱਚ ਪਾਉਣ ਲਈ ਤਰ੍ਹਾਂ ਤਰ੍ਹਾਂ ਦੇ ਝੂਠੇ ਬਿਆਨ ਦੇ ਰਹੀ ਹੈ, ਪਰ ਸ਼ਾਹਕੋਟ ਦੀ ਜਨਤਾ, ਸਰਕਾਰ ਦੇ ਕੰਮਾਂ ਅਤੇ ਵਿਕਾਸ ਤੋਂ ਭਲੀਭਾਂਤੀ ਜਾਣੂ ਹੈ। ਆਮ ਆਦਮੀ ਪਾਰਟੀ ਹਮੇਸ਼ਾ ਸੱਚ ਅਤੇ ਲੋਕ ਹਿੱਤ ਦੀ ਰਾਜਨੀਤੀ ਕਰਦੀ ਰਹੀ ਹੈ ਅਤੇ ਅੱਗੇ ਵੀ ਕਰਦੀ ਰਹੇਗੀ। ਉਨ੍ਹਾਂ ਲਾਡੀ ਸ਼ੋਰੋਵਾਲੀਆ ਨੂੰ ਚੁਣੌਤੀ ਦਿੱਤੀ ਕਿ ਜੇਕਰ ਉਨ੍ਹਾਂ ਕੋਲ ਵਿਧਾਨ ਸਭਾ ਵਿੱਚ ਦਿੱਤੇ ਆਪਣੇ ਦਾਅਵਿਆਂ ਦੇ ਕੋਈ ਸਬੂਤ ਹਨ ਤਾਂ ਉਹ ਜਨਤਕ ਕਰਨ। ਆਗੂਆਂ ਨੇ ਕਿਹਾ ਕਿ ਬਿਨਾਂ ਸਬੂਤਾਂ ਦੇ ਝੂਠੇ ਅਤੇ ਭਰਮਕ ਬਿਆਨ ਦੇ ਕੇ ਸ਼ੋਰੋਵਾਲੀਆ ਵੱਲੋਂ ਲੋਕਾਂ ਨੂੰ ਗੁੰਮਰਾਹ ਕਰਨਾ ਸਿਆਸੀ ਨਿਰਾਸ਼ਾ ਦਾ ਪ੍ਰਗਟਾਵਾ ਹੈ। ਇਸ ਮੌਕੇ ਹਾਜ਼ਰ ਸਮੂਹ ਆਗੂਆਂ ਨੇ ਇਕਸੁਰ ਹੋ ਕੇ ਕਿਹਾ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹਨ।ਇਸ

ਮੌਕੇ ਬਲਾਕ ਪ੍ਰਧਾਨਾਂ, ਚੇਅਰਮੈਨਾਂ ਅਤੇ ਹੋਰ ਪਾਰਟੀ ਆਗੂਆਂ ਨੇ ਵੀ ਲਾਡੀ ਸ਼ੋਰੋਵਾਲੀਆ ਦੇ ਬਿਆਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਸ਼ਾਹਕੋਟ ਦੀ ਜਨਤਾ ਝੂਠ ਦੀ ਨਹੀਂ, ਸਗੋਂ ਵਿਕਾਸ ਅਤੇ ਕੰਮ ਦੀ ਰਾਜਨੀਤੀ 'ਤੇ ਵਿਸ਼ਵਾਸ ਕਰਦੀ ਹੈ। ਪੱਤਰਕਾਰਾਂ ਵੱਲੋਂ ਮਾਇਨਿੰਗ ਸੰਬੰਧੀ ਕੀਤੇ ਇੱਕ ਸਵਾਲ ਦੇ ਜਵਾਬ ਵਿੱਚ ਹਲਕਾ ਇੰਚਾਰਜ ਪਿੰਦਰ ਪੰਡੋਰੀ ਨੇ ਕਿਹਾ ਕਿ ਹਲਕਾ ਸ਼ਾਹਕੋਟ ਵਿੱਚ ਕਿਧਰੇ ਵੀ ਮਾਇਨਿੰਗ ਨਹੀਂ ਹੋ ਰਹੀ ਸਗੋਂ ਦਰਿਆ ਦੇ ਬੰਨ੍ਹ ਨੂੰ ਉੱਚਾ ਕਰਨ ਲਈ ਦਰਿਆ ਵਿੱਚੋਂ ਰੇਤਾ ਚੁੱਕ ਕੇ ਬੰਨ੍ਹ 'ਤੇ ਪਾਈ ਜਾ ਰਹੀ ਹੈ।ਬੰਨ੍ਹ ਨੂੰ ਮਜਬੂਤ ਕਰਨ ਲਈ ਕਦੇ ਵੀ ਕਿਸੇ ਸਰਕਾਰ ਨੇ ਕੋਈ ਯਤਨ ਨਹੀ ਕੀਤਾ ਜੋ ਕਿ ਸਿਰਫ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਕਰ ਰਹੀ ਹੈ। ਉਨਾਂ ਕਿਹਾ ਕਿ ਮਾਇਨਿੰਗ ਸਿਰਫ ਕਾਂਗਰਸ ਦੇ ਸਮੇਂ ਵਿੱਚ ਹੁੰਦੀ ਸੀ, ਜਿਸ ਕਾਰਨ ਸ਼ਾਹਕੋਟ ਦੇ ਪੁਲਿਸ ਸਟੇਸ਼ਨ ਵਿੱਚ ਸ਼ੋਰੋਵਾਲੀਆ 'ਤੇ ਵੀ ਇੱਕ ਪਰਚਾ ਦਰਜ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ,ਬਲਾਕ ਪ੍ਰਧਾਨ ਅਤੇ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪ੍ਰਵੀਨ ਗਰੋਵਰ, ਮੈਂਬਰ ਨਗਰ ਪੰਚਾਇਤ ਬੂਟਾ ਸਿੰਘ ਕਲਸੀ, ਮੈਂਬਰ ਨਗਰ ਪੰਚਾਇਤ ਰਾਖੀ ਮੱਟੂ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਸਿੱਖਿਆ ਕੋਆਰਡੀਨੇਟਰ ਜਤਿੰਦਰਪਾਲ ਬੱਲਾ, ਸਵਿੰਦਰ ਸੋਨੂੰ ਬਲਾਕ ਪ੍ਰਧਾਨ,ਕਿਸਾਨ ਵਿੰਗ ਦੇ ਕੋਆਰਡੀਨੇਟਰ ਕੁਲਵਿੰਦਰ ਸਿੰਘ, ਬਲਾਕ ਪ੍ਰਧਾਨ ਅਮਰਜੀਤ ਸਿੰਘ, ਬਲਾਕ ਪ੍ਰਧਾਨ ਹਾਕਮ ਸਿੰਘ, ਬਲਾਕ ਪ੍ਰਧਾਨ ਗੁਰਦੀਪ ਸਿੰਘ ਬੱਲ, ਬਲਾਕ ਪ੍ਰਧਾਨ ਸਰਬਜੀਤ ਸਿੰਘ ਮੁੱਤੀ, ਬਲਾਕ ਪ੍ਰਧਾਨ ਨਿਰਮਲ ਸਿੰਘ, ਬਲਾਕ ਪ੍ਰਧਾਨ ਅਮਨਦੀਪ ਸਿੰਘ, ਬਲਾਕ ਪ੍ਰਧਾਨ ਮਨਪ੍ਰੀਤ ਸਿੰਘ, ਬਲਾਕ ਕੋਆਰਡੀਨੇਟਰ ਬਲਜਿੰਦਰ ਸਿੰਘ ਖਿੰਡਾ, ਜਗਜੋਤ ਸਿੰਘ ਆਹਲੂਵਾਲੀਆ ਕੋਆਰਡੀਨੇਟਰ, ਪਾਰਟੀ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਦੀਦ, ਬ੍ਰਾਹਮਣ ਵੈਲਫੇਅਰ ਬੋਰਡ ਦੇ ਚੇਅਰਮੈਨ ਰਣਜੀਤ ਬਹਾਦੁਰ, ਕੁਲਵੰਤ ਸਿੰਘ ਮਲਸੀਆਂ ਕੋਆਰਡੀਨੇਟਰ, ਕੰਬੋਜ ਵੈਲਫੇਅਰ ਬੋਰਡ ਦੇ ਚੇਅਰਮੈਨ ਹਰਜਿੰਦਰ ਸਿੰਘ,ਰਾਜਪੂਤ ਵੈਲਫੇਅਰ ਬੋਰਡ ਦੇ ਚੇਅਰਮੈਨ ਪਰਮਵੀਰ ਪੰਮਾਂ, ਸਰਬਜੀਤ ਸਾਹਬੀ ਆਦਿ ਹਾਜ਼ਰ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਖੁੱਲ੍ਹਾ ਪੱਤਰ

ਹੁੱਣ ਤੱਕ ਪੰਜਾਬ ਦੇ ਚਾਰ ਸਭ ਤੋਂ ਪੁਰਾਣੇ ਅਤੇ ਮਿਆਰੀ ਸਰਕਾਰੀ ਏਡਿਡ ਪੋਲੀਟੈਕਨਿਕ ਕਾਲਜ, ਜਿਨਾਂ ਵਿੱਚ ਡੀ.ਏ.ਵੀ. ਟਰੱਸਟ ਦਾ ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ, ਨਨਕਾਣਾ ਸਾਹਿਬ ਟਰੱਸਟ ਦਾ ਗੁਰੂ ਨਾਨਕ ਪੋਲੀਟੈਕਨਿਕ ਕਾਲਜ ਲੁਧਿਆਣਾ, ਰਾਮਗੜ੍ਹੀਆ ਐਜੂਕੇਸ਼ਨਲ ਕਾਊਂਸਲ ਦਾ ਰਾਮਗੜ੍ਹੀਆ ਪੋਲੀਟੈਕਨਿਕ ਕਾਲਜ ਫਗਵਾੜਾ ਅਤੇ ਥਾਪਰ ਟਰਸੱਟ ਦਾ ਥਾਪਰ ਪੋਲੀਟੈਕਨਿਕ ਕਾਲਜ, ਪਟਿਆਲਾ ਸ਼ਾਮਿਲ ਹਨ, ਸਰਕਾਰੀ ਨੀਤੀਆਂ ਅਤੇ ਹੁਕਮਾਂ ਅਨੁਸਾਰ 1954 ਤੋਂ ਚਲਦੇ ਆ ਰਹੇ ਹਨ। ਇਹਨਾਂ ਵਿੱਚੋਂ ਥਾਪਰ ਪੋਲੀਟੈਕਨਿਕ ਕਾਲਜ ਵੱਲੋਂ ਬੜੀ ਜੱਦੋ-ਜਹਿਦ ਉਪਰੰਤ ਆਪਣੀ ਮੈਨੇਜਮੈਂਟ ਦੇ ਕਹਿਣ 'ਤੇ ਗ੍ਰਾਂਟ ਲੈਣੀ ਬੰਦ ਕਰ ਦਿੱਤੀ ਹੈ ਤੇ ਆਪਣੀ ਮਾਨਤਾ ਥਾਪਰ ਯੂਨੀਵਰਸਿਟੀ ਨਾਲ ਕਲੱਬ ਕਰ ਲਈ ਹੈ। ਕਹਿਣ ਦਾ ਭਾਵ ਹੈ ਪੰਜਾਬ ਵਿੱਚ ਹੁਣ ਏਡਿਡ ਪੋਲੀਟੈਕਨਿਕ ਤਿੰਨ ਹੀ ਬਚੇ ਹਨ, ਪਰ ਮੇਹਰਚੰਦ ਵਰਗੀ ਸੰਸਥਾ ਨੂੰ ਗ੍ਰਾਂਟ ਤੋਂ ਬਿਨ੍ਹਾਂ ਚਲਾਉਣਾ ਮੁਸ਼ਕਿਲ ਹੈ, ਕਿਉਂਕਿ ਡੀ.ਏ.ਵੀ ਮੈਨੇਜਮੈਂਟ ਦੇ 1000 ਤੋਂ ਵੱਧ ਸਕੂਲ-ਕਾਲਜ ਭਾਰਤ ਦੇ ਇੱਕੀ ਰਾਜਾਂ ਵਿੱਚ ਸਥਿਤ ਹਨ ਤੇ ਸਭ ਨੂੰ ਗ੍ਰਾਂਟ ਜਾਰੀ ਕਰਨਾ ਘੱਟ ਗਿਣਤੀ ਡੀ.ਏ.ਵੀ ਮੈਨੇਜਮੈਂਟ ਲਈ ਸੰਭਵ ਨਹੀਂ, ਜਦਕਿ ਥਾਪਰ ਟਰੱਸਟ ਕੋਲ ਇੱਕ ਜਾਂ ਦੋ ਕੁ ਗਿਣਤੀ ਦੇ ਕਾਲਜ ਹਨ। ਵਰਨਣ ਯੋਗ ਹੈ ਕਿ ਇਹਨਾਂ ਕਾਲਜਾਂ ਨੂੰ ਚਲਾਉਣ ਲਈ ਪੰਜਾਬ ਸਰਕਾਰ ਵਲੋਂ 95 ਫੀਸਦੀ ਗ੍ਰਾਂਟ ਦਿੱਤੀ ਜਾਂਦੀ ਹੈ । ਇਹ ਸਾਰੇ ਹੀ ਮਿਆਰੀ ਅਤੇ ਵਿਦਿਆਰਥੀਆਂ ਦੇ ਪਸੰਦੀਦਾ ਪੋਲੀਟੈਕਨਿਕ ਕਾਲਜ ਹਨ ਅਤੇ ਲਗਭਗ ਪੰਜ ਦਹਾਕਿਆਂ ਤੋਂ ਪੰਜਾਬ ਦੇ ਲੋਕਾਂ ਦੀ ਸੇਵਾ ਕਰ ਰਹੇ ਹਨ ਅਤੇ ਅਕਾਦਮਿਕ, ਖੇਡਾਂ, ਸੱਭਿਆਚਾਰਕ ਅਤੇ ਹੋਰ ਗਤੀਵਿਧੀਆਂ ਵਿੱਚ ਹਮੇਸ਼ਾ ਹੀ ਮੋਹਰੀ ਰਹੇ ਹਨ। ਇਹਨਾਂ ਕਾਲਜਾਂ ਵਿੱਚ ਵਿਦਿਆਰਥੀਆਂ ਦੀ ਪਲੇਸਮੈਂਟ ਵੀ 100 ਪ੍ਰਤੀਸ਼ਤ ਹੈ।

ਵਰਨਣਯੋਗ ਹੈ ਕਿ ਇਹਨਾਂ ਬਚਦੇ ਤਿੰਨ ਬਹੁਤਕਨੀਕੀ ਕਾਲਜਾਂ ਵਿੱਚ 1999-2000 ਤੋਂ ਬਾਅਦ ਕੋਈ ਵੀ ਸਟਾਫ ਦੀ ਭਰਤੀ ਨਹੀਂ ਹੋਈ। ਇਹਨਾਂ 26 ਸਾਲਾਂ ਵਿੱਚ ਬਹੁਤ ਸਾਰੇ ਸਟਾਫ ਮੈਂਬਰ ਰਿਟਾਇਰ ਹੋ ਗਏ, ਕਾਫੀ ਮੈਂਬਰ ਇਸ ਦੁਨੀਆਂ ਤੋਂ ਵੀ ਰੁਖਸਤ ਹੋ ਗਏ ਹਨ। ਇਹ ਪ੍ਰਮੁੱਖ ਅਤੇ ਮਿਆਰੀ ਕਾਲਜ ਸਿਰਫ 72 ਪੋਸਟਾਂ ਜੋ ਕਿ ਪਹਿਲਾ 95 ਪੋਸਟਾਂ, (ਹਰ ਸਾਲ ਐਡਹਾਕ 'ਤੇ ਭਰੀਆਂ ਜਾਣ ਵਾਲੀਆਂ ਟੀਚਿੰਗ ਪੋਸਟਾਂ) ਨਾਲ ਹੀ ਗੁਜ਼ਾਰਾ ਕਰ ਰਹੇ ਹਨ। ਇਹ ਸਿਰਫ ਟੀਚਿੰਗ ਦੀਆਂ ਪੋਸਟਾਂ ਹਨ। ਨਾਨ-ਟੀਚਿੰਗ ਦੀਆਂ ਵੀ ਗਿਣਤੀ ਦੀਆਂ ਪੋਸਟਾਂ ਕੋਰਟ ਕੇਸ ਕਰਨ ਤੋਂ ਬਾਅਦ ਮਿਲੀਆਂ ਹਨ। ਇਹ ਵੇਖਣ ਵਾਲੀ ਗੱਲ ਹੈ ਕਿ ਗਿਣਤੀ ਦੇ ਹੁਣ ਤਿੰਨ ਪੋਲੀਟੈਕਨਿਕ ਹਨ। ਜੇਕਰ ਤੁਸੀਂ ਐਨ.ਬੀ.ਏ. ਤੋਂ ਐਕਰੀਡੀਟੇਸ਼ਨ ਪ੍ਰਾਪਤ ਕਰਨੀ ਹੈ, ਜੋ ਕਿ ਅੱਜਕੱਲ ਏ.ਆਈ.ਸੀ.ਈ.ਟੀ. ਨਵੀਂ ਦਿੱਲੀ ਵਲੋਂ ਲਾਜ਼ਮੀ ਕਰ ਦਿੱਤੀ ਗਈ ਹੈ ਤੇ ਆਪਣੇ ਆਪ ਨੂੰ ਮਿਆਰੀ ਕਾਲਜਾਂ ਵਿੱਚ ਸ਼ੁਮਾਰ ਕਰਨਾ ਹੈ ਤਾਂ ਤੁਸੀਂ ਐਡਹਾਕ ਸਟਾਫ਼ ਦੇ ਨਾਲ ਅਪਲਾਈ ਨਹੀਂ ਕਰ ਸਕਦੇ। ਮੇਹਰਚੰਦ ਪੋਲੀਟੈਕਨਿਕ ਵਲੋਂ ਘੱਟ ਸੰਸਾਧਨਾਂ ਦੇ ਬਾਵਜੂਦ ਦੋ ਕੋਰਸਾਂ ਵਿੱਚ ਐਨ.ਬੀ.ਏ ਐਕਰੀਡੀਟੇਸ਼ਨ ਹਾਸਿਲ ਕੀਤੀ ਗਈ ਹੈ ਤੇ ਨਾਲ ਹੀ ਨੈਸ਼ਨਲ ਐਵਾਰਡ ਹਾਸਲ ਕੀਤਾ ਹੈ। ਇਨ੍ਹਾਂ ਕਾਲਜਾਂ ਦੇ ਸਟਾਫ਼ ਨੂੰ ਕਈ-ਕਈ ਮਹੀਨੇ ਤਨਖਾਹਾਂ ਨਹੀਂ ਮਿਲਦੀਆਂ। ਇਹਨਾਂ ਤਿੰਨਾਂ ਕਾਲਜਾਂ ਦਾ ਬਜਟ ਵੀ ਬਹੁਤ ਘੱਟ ਹੈ। ਸਿਰਫ਼ ਤਿੰਨ ਤੋਂ ਚਾਰ ਕਰੋੜ ਰੁਪਏ ਸਲਾਨਾ। ਤੁਸੀਂ ਦੋਵੇਂ ਪੰਜਾਬ ਅਤੇ ਸਿੱਖਿਆ ਜਗਤ ਦੀ ਆਵਾਜ਼ ਹੋ, ਇਸ ਕਰਕੇ ਤੁਹਾਨੂੰ ਪੁਰਜ਼ੋਰ ਅਪੀਲ ਕਰਦਾ ਹਾਂ ਕਿ ਸਾਡੇ ਹੱਕਾਂ ਦੀ ਰਾਖੀ ਕੀਤੀ ਜਾਵੇ ਤੇ ਨਾਲ ਹੀ ਬੇਨਤੀ ਕਰਦਾ ਹਾਂ ਕਿ ਪੰਜਾਬ ਵਿੱਚ ਮਿਆਰੀ ਤਕਨੀਕੀ ਸਿੱਖਿਆ ਦੇ ਭਵਿੱਖ ਅਤੇ ਪ੍ਰਸਾਰ ਨੂੰ ਮੱਦੇਨਜ਼ਰ ਰੱਖਦੇ ਹੋਏ ਇਹਨਾਂ ਕਾਲਜਾਂ ਵਿੱਚ ਰੈਗੂਲਰ ਸਟਾਫ ਦੀ ਭਰਤੀ ਕੀਤੀ ਜਾਵੇ, ਤਾਂ ਜੋ ਇਹ ਗੁੰਮਨਾਮ ਨਾ ਹੋ ਜਾਣ, ਜਿਹਨਾਂ ਨੇ ਕਈ ਦਹਾਕਿਆਂ ਤੋਂ ਪੰਜਾਬ ਦੇ ਵਿਦਿਆਰਥੀਆਂ ਦੀ ਸੇਵਾ ਕੀਤੀ ਹੈ। ਇਹਨਾਂ ਕਾਲਜਾਂ ਦੇ ਪੜ੍ਹੇ ਹੋਏ ਵਿਦਿਆਰਥੀ ਅੱਜ ਚੋਟੀ ਦੀਆਂ ਪੋਸਟਾਂ 'ਤੇ ਬਿਰਜਮਾਨ ਹੋ ਕੇ ਪੰਜਾਬ ਦੀ ਸੇਵਾ ਕਰ ਰਹੇ ਹਨ।

2024-25 ਵਿੱਚ ਮੇਹਰਚੰਦ ਪੋਲੀਟੈਕਨਿਕ ਨੂੰ ਕੇਂਦਰੀ ਸੰਸਥਾ ਨਿੱਟਰ ਵੱਲੋਂ ਨੈਸ਼ਨਲ ਐਵਾਰਡ ਵੀ ਮਿਲਿਆ ਹੈ। ਸਮੁੱਚੇ ਹਿੰਦੋਸਤਾਨ ਵਿੱਚ ਤਿੰਨ ਬੇਹਤਰੀਨ ਬਹੁਤਕਨੀਕੀ ਕਾਲਜਾਂ ਵਿੱਚ ਸ਼ੁਮਾਰ। ਚੇਤੇ ਰਹੇ ਬਾਕੀ ਚੁਣੇ ਗਏ ਦੋਵੇਂ ਪੋਲੀਟੈਕਨਿਕ ਦੱਖਣ ਦੇ ਹਨ। ਇਹ ਪੰਜਾਬ ਦੀ ਵੱਡੀ ਪ੍ਰਾਪਤੀ ਹੈ। ਮੁਸ਼ਕਲ ਸਮੇਂ ਇਹਨਾਂ ਕਾਲਜਾਂ ਦੀ ਰੱਖਿਆ ਤੁਹਾਡਾ ਮੁੱਢਲਾ ਫਰਜ਼ ਵੀ ਹੈ ਤੇ ਸਾਡਾ ਬੁਨਿਆਦੀ ਹੱਕ ਵੀ ਹੈ। ਇਹਨਾਂ ਨੂੰ ਵਾਰ-ਵਾਰ ਰਿੱਟਾਂ ਕਰਕੇ ਅਦਾਲਤਾਂ ਦਾ ਸਹਾਰਾ ਲੈਣਾ ਪੈ ਰਿਹਾ ਹੈ, ਤਾਂ ਕਿ ਇਹਨਾਂ ਦੀ ਨਬਜ਼ ਚਲਦੀ ਰਹੇ।

ਆਸ ਹੈ ਮੇਰੀ ਬੇਨਤੀ ਨੂੰ ਕਬੂਲ ਕਰਦਿਆਂ ਸੰਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿਉਗੇ ਕਿ ਇਨ੍ਹਾਂ ਕਾਲਜਾਂ ਨੂੰ ਕੰਟਰੈਕਟ ਦੀ ਥਾਂ ਰੈਗੂਲਰ ਪੋਸਟਾਂ ਦਿੱਤੀਆਂ ਜਾਣ ਅਤੇ ਸਮੇਂ ਦੀ ਮੰਗ ਅਨੁਸਾਰ ਰਿਟਾਇਰ ਹੋਏ ਕਰਮਚਾਰੀਆਂ ਦੀ ਥਾਂ 'ਤੇ ਨਵੀਆਂ ਪੋਸਟਾਂ ਦਿੱਤੀ ਜਾਣ, ਬਕਾਇਆ ਗ੍ਰਾਂਟ ਜਾਰੀ ਕੀਤੀ ਜਾਵੇ ਤਾਂ ਜੋ ਇਹ ਕਾਲਜ ਮੁੜ ਆਪਣੀ ਪਹਿਲਾਂ ਵਾਲੀ ਰੰਗਤ ਵਿੱਚ ਆ ਸਕਣ ਤੇ ਤਕਨੀਕੀ ਸਿੱਖਿਆ ਦੇ ਪ੍ਰਚਾਰ ਅਤੇ ਪ੍ਰਸਾਰ ਰਾਹੀ ਪੰਜਾਬ ਦੀ ਸੇਵਾ ਪੂਰੀ ਰੂਹ ਨਾਲ ਜਾਰੀ ਰੱਖ ਸਕਣ।

-ਪ੍ਰਿੰਸੀਪਲ ਡਾ. ਜਗਰੂਪ ਸਿੰਘ
ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ
ਮੋਬਾਇਲ : 98786-15600

ਡਿਪਟੀ ਸਪੀਕਰ ਵੱਲੋਂ ਵਿਕਾਸ ਕਾਰਜਾਂ ਲਈ 8 ਲੱਖ ਦਾ ਚੈੱਕ ਭੇਟ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਵਿਧਾਇਕ ਗੜਸ਼ੰਕਰ ਸ.ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਮੋਇਲਾ ਵਾਹਿਦਪੁਰ ਵਿਖੇ ਕਰਵਾਈ ਗਈ ਲੋਕ

ਮਿਲਣੀ ਦੌਰਾਨ ਪਿੰਡ ਦੇ ਵਿਕਾਸ ਕਾਰਜਾਂ ਲਈ 8 ਲੱਖ ਰੁਪਏ ਦਾ ਚੈੱਕ ਪਿੰਡ ਦੀ ਪੰਚਾਇਤ ਨੂੰ ਭੇਟ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤੀ ਨੁਮਾਇੰਦੇ, ਪਾਰਟੀ ਵਰਕਰ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਰ ਪਿੰਡ ਵਿੱਚ ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ, ਸੀਵਰੇਜ, ਸਟਰੀਟ ਲਾਈਟਾਂ, ਖੇਡ ਮੈਦਾਨਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਰੌੜੀ ਨੇ ਕਿਹਾ ਕਿ ਪਿੰਡ ਮੋਇਲਾਂ ਵਾਹਿਦਪੁਰ ਦੇ ਵਿਕਾਸ ਲਈ ਦਿੱਤੀ ਗਈ 8 ਲੱਖ ਰੁਪਏ ਦੀ ਗ੍ਰਾਂਟ ਨਾਲ ਪਿੰਡ ਵਿੱਚ ਲੋੜੀਂਦੇ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾਣਗੇ। ਉਨ੍ਹਾਂ ਪੰਚਾਇਤ ਨੂੰ ਅਪੀਲ ਕੀਤੀ ਕਿ ਗ੍ਰਾਂਟ ਦੀ ਹਰ ਪੈਸੇ ਦੀ ਵਰਤੋਂ ਪਾਰਦਰਸ਼ੀ ਢੰਗ ਨਾਲ ਲੋਕ ਭਲਾਈ ਦੇ ਕੰਮਾਂ 'ਤੇ ਕੀਤੀ ਜਾਵੇ ਤਾਂ ਜੋ ਪਿੰਡ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ। ਇਸ ਦੌਰਾਨ ਡਿਪਟੀ ਸਪੀਕਰ ਨੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਕਈ ਮਾਮਲਿਆਂ ਵਿੱਚ ਮੌਕੇ 'ਤੇ ਹੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਨਿਤਿਨ ਕੋਹਲੀ ਵੱਲੋਂ 59 ਕਰੋੜ ਦੇ ਵਿਕਾਸ ਕਾਰਜਾਂ ਦਾ ਐਲਾਨ

**ਜਲੰਧਰ (ਸ਼ੈਲੀ ਐਲਬਰਟ,